ਮੰਗਲਵਾਰ, 20 ਅਕਤੂਬਰ, 2026
4 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 140

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 20 OCTOBER, 2026 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਮਨੀਪੁਰ ਦੇ ਹਾਲਾਤ ਫਿਰ ਵਿਗੜੇ

## ਅੱਤਵਾਦੀ ਹਮਲੇ ’ਚ 3 ਹਲਾਕ, ਮੁੱਖ ਮੰਤਰੀ ਦੇ ਘਰ ਅੱਗੇ ਲਾਸ਼ਾਂ ਰੱਖ ਕੇ ਪ੍ਰਦਰਸ਼ਨ

**ਇੰਫਾਲ (ਨਵਾਂ ਜ਼ਮਾਨਾ ਸਰਵਿਸ)**

ਮਨੀਪੁਰ ਵਿੱਚ ਸੋਮਵਾਰ ਅੱਤਵਾਦੀਆਂ ਨੇ ਜੰਗਲ ਵਿੱਚ ਲੱਕੜਾਂ ਇਕੱਠੀਆਂ ਕਰ ਰਹੇ ਤਿੰਨ ਵਿਅਕਤੀਆਂ ਦੀ ਹੱਤਿਆ ਕਰ ਦਿੱਤੀ, ਜਿਸ ਤੋਂ ਬਾਅਦ ਸਥਾਨਕ ਲੋਕਾਂ ਨੇ ਮੁੱਖ ਮੰਤਰੀ ਦੇ ਨਿਵਾਸ ਦੇ ਬਾਹਰ ਦੋ ਲਾਸ਼ਾਂ ਰੱਖ ਕੇ ਵਿਰੋਧ ਪ੍ਰਦਰਸ਼ਨ ਕੀਤਾ।

ਅਧਿਕਾਰੀਆਂ ਨੇ ਦੱਸਿਆ ਕਿ ਇੰਫਾਲ ਪੂਰਬੀ ਅਤੇ ਕਾਂਗਪੋਕਪੀ ਜ਼ਿਲ੍ਹਿਆਂ ਦੀ ਸਰਹੱਦ ’ਤੇ ਲੱਕੜਾਂ ਇਕੱਠੀਆਂ ਕਰਨ ਵਾਲਿਆਂ ਦੇ ਇੱਕ ਸਮੂਹ ’ਤੇ ਅੱਤਵਾਦੀਆਂ ਵੱਲੋਂ ਕੀਤੀ ਗਈ ਗੋਲੀਬਾਰੀ ਵਿੱਚ ਤਿੰਨ ਜਣੇ ਜ਼ਖਮੀ ਵੀ ਹੋ ਗਏ ਅਤੇ ਤਿੰਨ ਲਾਪਤਾ ਹਨ। ਇੱਕ ਅਧਿਕਾਰੀ ਨੇ ਦੱਸਿਆ ਕਿ ਅਰਬਮ ਰੋਨਿਲ (35) ਅਤੇ ਲੈਰੇਨਲਕਪਮ ਇਨਾਓਬੀ (51) ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦੋਂ ਕਿ ਖੇਤਰੀਮਾਯੁਮ ਸੁਸ਼ੀਲ (32) ਨੇ ਇੱਕ ਨਿੱਜੀ ਹਸਪਤਾਲ ਵਿੱਚ ਦਮ ਤੋੜ ਦਿੱਤਾ। ਜ਼ਖਮੀਆਂ—ਐੱਨ ਸੂਰਜ (19), ਮੀਸਨਮ ਸੋਮੇਂਡਰੋ (53) ਅਤੇ ਕੇ ਬੋਸਨ (45) ਦਾ ਇਲਾਜ ਚੱਲ ਰਿਹਾ ਸੀ।


ਇੰਫਾਲ ਵਿੱਚ ਲੋਕਾਂ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲੇ ਛੱਡੇ ਗਏ।

ਅਧਿਕਾਰੀਆਂ ਨੇ ਦੱਸਿਆ ਕਿ ਇਹ 16 ਵਿਅਕਤੀਆਂ ਵਿੱਚੋਂ ਸਨ, ਜੋ ਸਵੇਰੇ 7 ਵਜੇ ਦੇ ਕਰੀਬ ਆਪਣੇ ਪਿੰਡ ਦੇ ਨੇੜੇ ਪਹਾੜੀਆਂ ’ਤੇ ਲੱਕੜਾਂ ਇਕੱਠੀਆਂ ਕਰਨ ਗਏ ਸਨ, ਜਦੋਂ ਉਨ੍ਹਾਂ ’ਤੇ ਘਾਤ ਲਗਾ ਕੇ ਹਮਲਾ ਕੀਤਾ ਗਿਆ। ਆਪਣੀ ਰਿਹਾਇਸ਼ ਦੇ ਬਾਹਰ ਪ੍ਰਦਰਸ਼ਨ ਤੋਂ ਬਾਅਦ ਮੁੱਖ ਮੰਤਰੀ ਵਾਈ ਖੇਮਚੰਦ ਸਿੰਘ ਨੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਅਧੀਨ ਜ਼ਖਮੀਆਂ ਨੂੰ ਮਿਲਣ ਲਈ ਕਿਹਾ, ਪਰ ਮੀਡੀਆ ਦੇ ਕਿਸੇ ਵੀ ਸਵਾਲ ਦਾ ਜਵਾਬ ਨਹੀਂ ਦਿੱਤਾ। ਗੁੱਸੇ ਵਿੱਚ ਆਏ ਸਥਾਨਕ ਲੋਕ ਮਈ 2023 ਤੋਂ ਰਾਜ ਵਿੱਚ ਫੈਲੀ ਹਿੰਸਾ ਦੇ ਵਿਰੋਧ ਵਿੱਚ ਲਾਸ਼ਾਂ ਨੂੰ ਰਾਜ ਦੀ ਰਾਜਧਾਨੀ ਲੈ ਕੇ ਆਏ। ਉਨ੍ਹਾਂ ਲਾਸ਼ਾਂ ਨੂੰ ਬਾਬੂਪਾਰਾ ਵਿੱਚ ਮੁੱਖ ਮੰਤਰੀ ਦੇ ਨਿਵਾਸ ਦੇ ਮੁੱਖ ਗੇਟ ਦੇ ਬਾਹਰ ਰੱਖ ਦਿੱਤਾ। ਇਹ ਤੁਰੰਤ ਪਤਾ ਨਹੀਂ ਲੱਗ ਸਕਿਆ ਕਿ ਪ੍ਰਦਰਸ਼ਨ ਦੌਰਾਨ ਮੁੱਖ ਮੰਤਰੀ ਨਿਵਾਸ ’ਤੇ ਸਨ ਜਾਂ ਨਹੀਂ। ਪੁਲਸ ਨੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਕਈ ਰਾਊਂਡ ਅੱਥਰੂ ਗੈਸ ਦੇ ਗੋਲੇ ਛੱਡੇ, ਜਿਸ ਤੋਂ ਬਾਅਦ ਲਾਸ਼ਾਂ ਨੂੰ ਜਵਾਹਰ ਲਾਲ ਨਹਿਰੂ ਇੰਸਟੀਚਿਊਟ ਆਫ ਮੈਡੀਕਲ ਸਾਇੰਸਜ਼ ਲਿਜਾਇਆ ਗਿਆ। ਸੀ ਐੱਮ ਬੰਗਲੇ ਅਤੇ ਇਸ ਵੱਲ ਜਾਣ ਵਾਲੇ ਰਸਤਿਆਂ ਦੇ ਆਲੇ-ਦੁਆਲੇ ਵੀ ਸੁਰੱਖਿਆ ਸਖਤ ਕਰ ਦਿੱਤੀ ਗਈ ਹੈ। ਪ੍ਰਦਰਸ਼ਨਕਾਰੀਆਂ ਨੇ ਖੁਰਾਈ ਲਾਮਲੋਂਗ ਵਿਖੇ ਇੱਕ ਸੜਕ ਜਾਮ ਕਰ ਦਿੱਤੀ, ਜਦੋਂ ਕਿ ਔਰਤਾਂ ਦੇ ਇੱਕ ਸਮੂਹ ਨੇ ਇੰਫਾਲ ਦੇ ਏਮਾ ਕੈਥਲ ਵਿਖੇ ਪ੍ਰਦਰਸ਼ਨ ਕੀਤਾ। ਘਟਨਾ ਤੋਂ ਬਾਅਦ ਇੰਫਾਲ ਭਰ ਦੇ ਬਾਜ਼ਾਰ ਅਤੇ ਦੁਕਾਨਾਂ ਬੰਦ ਹੋ ਗਈਆਂ।

# ਲਹਿਰਾ-ਜਾਖਲ ਸੜਕ ਜਾਮ, ਮੰਗਾਂ ਮੰਨੇ ਜਾਣ ਤੱਕ ਨਰੇਗਾ ਮਜ਼ਦੂਰਾਂ ਦਾ ਸਸਕਾਰ ਕਰਨ ਤੋਂ ਨਾਂਹ

**ਜਲੰਧਰ (ਗਿਆਨ ਸੈਦਪੁਰੀ)**




ਬੀਤੇ ਦਿਨ ਜਾਖਲ-ਲਹਿਰਾ ਸੜਕ ’ਤੇ ਕੰਮ ਕਰਦੇ ਨਰੇਗਾ ਕਾਮਿਆਂ ਨੂੰ ਤੇਜ਼ ਰਫ਼ਤਾਰ ਗੱਡੀ ਨੇ ਦਰੜ ਦਿੱਤਾ ਸੀ, ਜਿਨ੍ਹਾਂ ਵਿੱਚ 9 ਮਜ਼ਦੂਰ ਮਾਰੇ ਗਏ, ਜਿਨ੍ਹਾਂ ਵਿੱਚ 7 ਔਰਤਾਂ ਤੇ ਦੋ ਮਰਦ ਮਾਰੇ ਗਏ ਸਨ। 10 ਦੇ ਲਗਭਗ ਮਜ਼ਦੂਰ ਜ਼ਖ਼ਮੀ ਹੋਏ ਹਨ। ਇਹ ਜ਼ਖ਼ਮੀ ਮਜ਼ਦੂਰ ਸੰਗਰੂਰ ਤੇ ਪਟਿਆਲ਼ਾ ਦੇ ਹਸਪਤਾਲਾਂ ਵਿੱਚ ਦਾਖ਼ਲ ਹਨ।ਐਤਵਾਰ ਲਗਭਗ 3:30 ਵਜੇ ਇਹ ਹਾਦਸਾ ਵਾਪਰਿਆ, ਪਰ ਸਿਤਮ ਦੀ ਗੱਲ਼ ਕਿ ਰਾਤ 10 ਵਜੇ ਤੱਕ ਮ੍ਰਿਤਕ ਸਰੀਰ ਰੁਲਦੇ ਰਹੇ, ਜ਼ਖਮੀਆਂ ਨੂੰ ਹਸਪਤਾਲ ਪਹੁੰਚਾਉਣ ਲਈ ਕੋਈ ਐਂਬੂਲੈਂਸ ਉਪਲੱਬਧ ਨਹੀਂ ਸੀ। ਸੋਮਵਾਰ ਰੋਹ ਆਏ ਨਰੇਗਾ ਮਜ਼ਦੂਰਾਂ ਨੇ ਵੱਖ-ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ਼ ਜਾਖਲ-ਲਹਿਰਾ ਸੜਕ ਜਾਮ ਰੱਖੀ। ਇਸ ਮੌਕੇ ਬਣੀ ਸਾਂਝੀ ਐਕਸ਼ਨ ਦੇ ਆਗੂਆਂ ਮਜ਼ਦੂਰ ਮੁਕਤੀ ਮੋਰਚਾ ਦੇ ਗੋਬਿੰਦ ਸਿੰਘ ਛਾਜਲੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਮੁਕੇਸ਼ ਮਲੌਦ, ਬਿੱਕਰ ਸਿੰਘ ਹਥੋਆ, ਸੇਬੀ ਖੰਡੇਬਾਦ, ਭਗਵਾਨ ਸਿੰਘ ਮੂਨਕ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ, ਕਸ਼ਮੀਰ ਸਿੰਘ ਗਦਾਈਆ ਨਰੇਗਾ/ਵੀ ਬੀ ਗ੍ਰਾਮ ਜੀ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ, ਜਗਜੀਤ ਸਿੰਘ ਝੋਟੀਆਂ, ਧਰਮਿੰਦਰ ਮੁਕੇਰੀਆਂ, ਲੀਲਾ ਸਿੰਘ ਝੋਟੀਆਂ, ਮੇਘਰਾਜ ਝੋਟੀਆਂ, ਬਲਵਿੰਦਰ ਸਿੰਘ ਜਲੂਰ, ਦੀਪਕ ਠਾਕੁਰ, ਜਸਮੇਲ ਕੌਰ ਬੀਰ ਕਲਾਂ, ਪਰਮਜੀਤ ਕੌਰ ਰੱਤੋਕੇ, ਸਤਪਾਲ ਸਿੰਘ ਬਨੂੜ ਪੰਜਾਬ ਖੇਤ ਮਜ਼ਦੂਰ ਯੂਨੀਅਨ, ਕਿਸਾਨ ਆਗੂ ਸਤਵੰਤ ਸਿੰਘ ਖੰਡੇਬਾਦ, ਪੁਨਰ ਸੁਰਜੀਤ ਅਕਾਲੀ ਦਲ ਦੇ ਆਗੂ ਪਰਮਿੰਦਰ ਸਿੰਘ ਢੀਂਡਸਾ, ਭੀਮ ਸਿੰਘ, ਜਗਸੀਰ ਸਿੰਘ, ਜਮਹੂਰੀ ਅਧਿਕਾਰ ਸਭਾ ਦੇ ਆਗੂ ਜਗਜੀਤ ਸਿੰਘ ਭੁਟਾਲ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਨਰੰਜਣ ਸਿੰਘ ਸੰਗਰੂਰ ਤੇ ਸੀਤਾ ਰਾਮ ਗੋਬਿੰਦਪੁਰਾ ਆਦਿ ਨੇ ਸੰਬੋਧਨ ਕਰਦਿਆ ਕਿਹਾ ਕਿ ਇਸ ਹਾਦਸੇ ਤੋਂ ਪਹਿਲਾਂ ਕਈ ਥਾਵਾਂ, ਜਿਵੇਂ ਕਿ ਨਾਭਾ ਨੇੜਲੇ ਪਿੰਡ ਤੁੰਗਾਂ, ਸੁਨਾਮ ਨੇੜਲੇ ਪਿੰਡ ਬਿਸ਼ਨਪੁਰਾ ਵਿੱਚ ਕੰਮ ਕਰਦੇ ਮਜ਼ਦੂਰ ਮਾਰੇ ਗਏ ਸਨ, ਤਾਂ ਉਸ ਸਮੇਂ ਵੀ ਪ੍ਰਸ਼ਾਸਨ ਤੇ ਸਰਕਾਰ ਦਾ ਰਵੱਈਆ ਨਿੰਦਣਯੋਗ ਹੀ ਰਿਹਾ ਸੀ, ਇਸ ਲਈ ਪੰਜਾਬ ਸਰਕਾਰ ਨੂੰ ਕੰਧ ’ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਇਹ ਸਰਕਾਰ ਜਦੋਂ ਤੋਂ ਹੋਂਦ ਵਿੱਚ

• ਬਾਕੀ ਸਫਾ 2 ’ਤੇ

# ਸ਼ਾਹੀ ਇਮਾਮ ਪੰਜਾਬ ਨੂੰ ਜਾਨੋਂ ਮਾਰਨ ਦੀ ਧਮਕੀ

**ਲੁਧਿਆਣਾ (ਰੈਕਟਰ ਕਥੂਰੀਆ)**



ਲੁਧਿਆਣਾ ਜਾਮਾ ਮਸਜਿਦ ਦੇ ਪ੍ਰਧਾਨ ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਬੀਤੇ ਦਿਨ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਆਪਣੇ ਤੈਅ ਪ੍ਰੋਗਰਾਮ ਮੁਤਾਬਕ ਬਠਿੰਡਾ ਦੇ ਦੌਰੇ ’ਤੇ ਸਨ, ਜਿੱਥੇ ਉਹਨਾ ਨੂੰ ਅਣਪਛਾਤੇ ਨੰਬਰ ਤੋਂ ਫੋਨ ਕਾਲ ’ਤੇ ਜਾਨੋ ਮਾਰਨ ਦੀ ਧਮਕੀ ਮਿਲੀ। ਇਸ ਦੀ ਸੂਚਨਾ ਉਹਨਾ ਫੌਰੀ ਤੌਰ ’ਤੇ ਲੁਧਿਆਣਾ ਪੁਲਸ ਥਾਣਾ ਡੀਜ਼ਲ ਨੰਬਰ ਦੋ ਦੇ ਐੱਸ ਐੱਚ ਓ ਨੂੰ ਦਿੱਤੀ। ਉਹਨਾ ਦੱਸਿਆ ਕਿ ਬੀਤੇ ਦਿਨੀਂ ਇਕ ਪੱਤਰ ਦੇ ਰਾਹੀਂ ਅਤੇ ਲਗਾਤਾਰ ਸੋਸ਼ਲ ਮੀਡੀਆ ਜ਼ਰੀਏ ਸ਼ਾਹੀ ਇਮਾਮ ਪੰਜਾਬ ਨੂੰ ਜਾਨ ਤੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ। ਇਸ ਸੰਬੰਧੀ ਡੀ ਜੀ ਪੀ ਅਤੇ ਲੁਧਿਆਣਾ ਪੁਲਸ ਕਮਿਸ਼ਨਰ ਨੂੰ ਲਿਖਤੀ ਪੱਤਰ ਅਤੇ ਈਮੇਲ ਰਾਹੀਂ ਜਾਣਕਾਰੀ ਦਿੱਤੀ ਗਈ ਹੈ। ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਇਹੋ ਜਿਹੀਆਂ ਧਮਕੀਆਂ ਤੋਂ ਉਹ ਡਰਨ ਵਾਲੇ ਨਹੀਂ, ਪਰ ਧਮਕੀਆਂ ਦੇਣ ਵਾਲਿਆਂ ਨੂੰ ਬੇਨਕਾਬ ਕਰਨਾ ਅਤੇ ਉਹਨਾਂ ਨੂੰ ਸਜ਼ਾ ਦਿਵਾਉਣਾ ਜ਼ਰੂਰੀ ਹੈ।

ਉਹਨਾ ਦੱਸਿਆ ਕਿ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਸਿਰਫ ਪੰਜਾਬ ਵਿੱਚ ਹੀ ਨਹੀਂ, ਬਲਕਿ ਦੇਸ਼ ਭਰ ਦੇ ਮੁਸਲਮਾਨਾਂ ਦੇ ਪ੍ਰਮੁੱਖ ਧਾਰਮਕ ਵਿਦਵਾਨਾਂ ਵਿੱਚ ਗਿਣੇ ਜਾਂਦੇ ਹਨ ਅਤੇ ਹਰ ਮਹੀਨੇ ਉਹਨਾ ਦੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਹੋਣ ਵਾਲੇ ਪ੍ਰੋਗਰਾਮਾਂ ਵਿੱਚ ਲੱਖਾਂ ਦੀ ਗਿਣਤੀ ਵਿੱਚ ਮੁਸਲਮਾਨ ਅਤੇ ਗੈਰ-ਮੁਸਲਿਮ ਭਰਾ ਸ਼ਾਮਲ ਹੁੰਦੇ ਹਨ।

# ਸ਼ਾਹ ਦੇਸ਼ ’ਚ ਵਧ ਰਹੇ ਗੈਂਗਸਟਰਵਾਦ ਦਾ ਜਵਾਬ ਦੇਣ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸਿੰਘ ਸੁਮਨ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਨੂੰ ਲੈ ਕੇ ਭਾਜਪਾ ’ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾ ਕਿਹਾ ਕਿ ਅਮਿਤ ਸ਼ਾਹ ਦੇਸ਼ ਭਰ ਦਾ ਦੌਰਾ ਕਰਦੇ ਹਨ ਅਤੇ ਵੱਖ-ਵੱਖ ਰਾਜਾਂ ਦੀਆਂ ਸਮੱਸਿਆਵਾਂ ਦੀ ਜਾਣਕਾਰੀ ਹੋਣ ਦਾ ਦਾਅਵਾ ਕਰਦੇ ਹਨ, ਪਰ ਉਨ੍ਹਾ ਨੂੰ ਪੰਜਾਬ ਆਉਣ ਤੋਂ ਪਹਿਲਾਂ ਦੇਸ਼ ਦੀ ਜਨਤਾ ਦੇ ਉਨ੍ਹਾਂ ਸਵਾਲਾਂ ਦਾ ਜਵਾਬ ਦੇਣਾ ਚਾਹੀਦਾ ਹੈ, ਜੋ ਗੈਂਗਸਟਰਵਾਦ, ਨਸ਼ਾ ਤਸਕਰੀ, ਫਿਰੌਤੀ ਅਤੇ ਆਮ ਲੋਕਾਂ ਦੀ ਸੁਰੱਖਿਆ ਨਾਲ ਜੁੜੇ ਹੋਏ ਹਨ। ਚੀਮਾ ਨੇ ਕਿਹਾ ਕਿ ਦੇਸ਼ ਵਿੱਚ ਕਾਨੂੰਨ-ਵਿਵਸਥਾ ਨੂੰ ਲੈ ਕੇ ਗੰਭੀਰ ਸਵਾਲ ਉਠ ਰਹੇ ਹਨ ਅਤੇ ਭਾਜਪਾ ਨੂੰ ਆਪਣੀ ਜ਼ਿੰਮੇਵਾਰੀ ਤੋਂ ਭੱਜਣ ਦੀ ਬਜਾਏ ਇਨ੍ਹਾਂ ਸਵਾਲਾਂ ਦਾ ਜਵਾਬ ਦੇਣਾ ਚਾਹੀਦਾ ਹੈ।ਸੋਮਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਮੁੱਦਾ ਚੁੱਕਦਿਆਂ ਕਿਹਾ ਕਿ ਉਸ ਵਿਰੁੱਧ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਤਲ, ਫਿਰੌਤੀ ਅਤੇ ਕਿਡਨੈਪਿੰਗ ਵਰਗੇ ਗੰਭੀਰ ਅਪਰਾਧਾਂ ਨਾਲ ਜੁੜੇ ਮਾਮਲੇ ਦਰਜ ਹਨ।

• ਬਾਕੀ ਸਫਾ 2 ’ਤੇ

### ਸ਼ਾਹ ਲੁਧਿਆਣੇ ਮਨਾਉਣਗੇ ਦੁਸਹਿਰਾ

**ਲੁਧਿਆਣਾ** : ਭਾਜਪਾ ਦੇ ਬੁਲਾਰੇ ਅਨਿਲ ਸਰੀਨ ਨੇ ਦੱਸਿਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਾਮ 5 ਵਜੇ ਹਲਵਾਰਾ ਹਵਾਈ ਅੱਡੇ ’ਤੇ ਮੀਡੀਆ ਨਾਲ ਗੱਲਬਾਤ ਕਰਨਗੇ। ਇਸ ਉਪਰੰਤ ਦਰੇਸੀ ਗਰਾਊਂਡ ਪਹੁੰਚਣਗੇ ਅਤੇ ਦੁਸਹਿਰੇ ਦੇ ਜਸ਼ਨਾਂ ਵਿੱਚ ਹਿੱਸਾ ਲੈਣਗੇ। ਸਮਾਗਮ ਦੀ ਸਮਾਪਤੀ ਤੋਂ ਤੁਰੰਤ ਬਾਅਦ ਦਿੱਲੀ ਪਰਤ ਜਾਣਗੇ।

### ਭਾਜਪਾ ਨੇ ਸਭ ਤੋਂ ਵੱਡਾ ਗੈਂਗਸਟਰ ਜਵਾਈ ਬਣਾ ਰੱਖਿਆ : ਕੇਜਰੀਵਾਲ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਤੋਂ ਇੱਕ ਦਿਨ ਪਹਿਲਾਂ ਭਾਜਪਾ ’ਤੇ ਤਿੱਖਾ ਹਮਲਾ ਬੋਲਦਿਆਂ ਬਿਨਾਂ ਨਾਂਅ ਲਏ ਕਿਹਾ ਕਿ ਭਾਜਪਾ ਨੇ ਦੇਸ਼ ਦੇ ਸਭ ਤੋਂ ਵੱਡੇ ਗੈਂਗਸਟਰ ਨੂੰ ਆਪਣਾ ਜਵਾਈ ਬਣਾ ਕੇ ਰੱਖਿਆ ਹੈ। ਟਾਈਗਰ ਸ਼ਰਾਫ਼ ’ਤੇ ਹੋਏ ਹਮਲੇ ਦੀ ਪੋਸਟ ਸਾਂਝੀ ਕਰਦਿਆਂ ਕੇਜਰੀਵਾਲ ਨੇ ਇਹ ਵੀ ਕਿਹਾ ਕਿ ਉਹ ਆਪਣੇ ਸੂਬਿਆਂ ਵਿੱਚ ਕਾਨੂੰਨ ਅਤੇ ਵਿਵਸਥਾ ਨੂੰ ਸੰਭਾਲ ਨਹੀਂ ਸਕਦੇ। ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਦੇਸ਼ ਦੇ ਸਭ ਤੋਂ ਵੱਡੇ ਗੈਂਗਸਟਰ ਨੂੰ ਨਾ ਸਿਰਫ ਭਾਰਤ ਵਿੱਚ, ਸਗੋਂ ਦੁਨੀਆ ਵਿੱਚ ਅਪਰਾਧ ਕਰਨ ਦੀਆਂ ਸਾਰੀਆਂ ਸਹੂਲਤਾਂ ਦਿੱਤੀਆਂ ਹੋਈਆਂ ਹਨ ਅਤੇ ਭਲਕ ਨੂੰ ਇਹੀ ਲੋਕ ਪੰਜਾਬ ਆ ਕੇ ਕਾਨੂੰਨ ਅਤੇ ਵਿਵਸਥਾ ਉੱਤੇ ਭਾਸ਼ਣ ਦੇਣਗੇ। ਕੇਜਰੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕ ਚੰਗੀ ਤਰ੍ਹਾਂ ਜਾਣਦੇ ਹਨ ਕਿ ਉਨ੍ਹਾਂ ਨੂੰ ਵੋਟ ਪਾਉਣਾ ਆਪਣੇ ਘਰ ਵਿੱਚ ਉਨ੍ਹਾਂ ਦੇ ਜਵਾਈ ਰੂਪੀ ਗੈਂਗਸਟਰ ਨੂੰ ਸੱਦਾ ਦੇਣ ਵਾਂਗ ਹੋਵੇਗਾ।

# ਕਸ਼ਮੀਰ ਦੀ ਇੱਕ ਹੋਰ ਬੱਸ ’ਤੇ ਹਮਲਾ

**ਲੁਧਿਆਣਾ** : ਕਰਨਾਲ ਜ਼ਿਲ੍ਹੇ ਵਿੱਚ ਕਸ਼ਮੀਰ ਜਾ ਰਹੀ ਬੱਸ ’ਤੇ ਹਮਲੇ ਤੋਂ 24 ਘੰਟਿਆਂ ਬਾਅਦ ਐਤਵਾਰ ਰਾਤ 11 ਵਜੇ ਦੇ ਕਰੀਬ ਦੋਰਾਹਾ ਕਸਬੇ ਵਿੱਚ ਉਸੇ ਟਰਾਂਸਪੋਰਟ ਕੰਪਨੀ ਦੀ ਇੱਕ ਹੋਰ ਬੱਸ ’ਤੇ ਪੱਥਰਬਾਜ਼ੀ ਕੀਤੀ ਗਈ। ਖੰਨਾ ਪੁਲਸ ਨੇ ਦੱਸਿਆ ਕਿ ਸਟਾਰ ਵਰਲਡ ਵੈਂਚਰਸ ਟਰਾਂਸਪੋਰਟ ਕੰਪਨੀ ਦੀ ਬੱਸ ਦੀ ਖਿੜਕੀ ’ਤੇ ਪੱਥਰ ਵੱਜਿਆ। ਬੱਸ ਦਿੱਲੀ ਤੋਂ ਸ੍ਰੀਨਗਰ ਜਾ ਰਹੀ ਸੀ। ਖੰਨਾ ਦੇ ਐੱਸ ਪੀ (ਜਾਂਚ) ਰਾਕੇਸ਼ ਕੁਮਾਰ ਯਾਦਵ ਨੇ ਦੱਸਿਆ, “ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਦੇ ਇੱਕ ਜਿਪਸੀ ਪਾਇਲਟ ਨੂੰ ਖੰਨਾ ਪੁਲਸ ਅਧਿਕਾਰ ਖੇਤਰ ਤੋਂ ਬੱਸ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਤਾਇਨਾਤ ਕੀਤਾ ਗਿਆ। ਇੱਕ ਪੱਥਰ ਖਿੜਕੀ ਦੇ ਸ਼ੀਸ਼ੇ ’ਤੇ ਲੱਗਿਆ। ਕੋਈ ਵੀ ਜ਼ਖਮੀ ਨਹੀਂ ਹੋਇਆ। ਅਸੀਂ ਸ਼ੱਕੀਆਂ ਦੀ ਪਛਾਣ ਕਰਨ ਲਈ ਸੀ ਸੀ ਟੀ ਵੀ ਦੀ ਜਾਂਚ ਕਰ ਰਹੇ ਹਾਂ।”

## ਟਾਈਗਰ ਸ਼ਰਾਫ ’ਤੇ ਹਮਲਾ ਕਰਨ ਵਾਲੇ 3 ਗ੍ਰਿਫਤਾਰ

**ਮੁੰਬਈ** : ਅਦਾਕਾਰ ਟਾਈਗਰ ਸ਼ਰਾਫ ਦੀ ਕਾਰ ਉੱਤੇ ਐਤਵਾਰ ਹੋਈ ਗੋਲੀਬਾਰੀ ਦੇ ਮਾਮਲੇ ਵਿੱਚ ਪੁਲਸ ਨੇ ਸੋਮਵਾਰ ਰਾਜਸਥਾਨ ਦੇ ਕੋਟਾ ਸ਼ਹਿਰ ਵਿੱਚੋਂ ਪੁਣੇ-ਜੈਪੁਰ ਸੁਪਰਫਾਸਟ ਐਕਸਪ੍ਰੈੱਸ ਵਿੱਚੋਂ ਤਿੰਨ ਸ਼ੱਕੀਆਂ ਨੂੰ ਹਿਰਾਸਤ ਵਿੱਚ ਲੈ ਲਿਆ, ਜਿਨ੍ਹਾਂ ਵਿੱਚ ਇੱਕ ਨਾਬਾਲਗ ਹੈ। ਕੋਟਾ ਦੀ ਪੁਲਸ ਕਮਿਸ਼ਨਰ ਤੇਜਸਵਨੀ ਗੌਤਮ ਨੇ ਪ੍ਰੈੱਸ ਕਾਨਫਰੰਸ ਵਿੱਚ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਵਿੱਚੋਂ ਇੱਕ ਜਣਾ ਅਨਿਲ ਪੰਡਿਤ ਦੇ ਸੰਪਰਕ ਵਿੱਚ ਸੀ, ਜੋ ਕਿ ਲਾਰੈਂਸ ਬਿਸ਼ਨੋਈ ਗੈਂਗ ਦਾ ਸਾਥੀ ਹੈ। ਇਸੇ ਗੈਂਗ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਸੀ। ਕੋਟਾ ਪੁਲਸ ਨੇ ਰੇਲਵੇ ਸਟੇਸ਼ਨ ’ਤੇ 15 ਮਿੰਟ ਦੇ ਛੋਟੇ ਜਿਹੇ ਅਪ੍ਰੇਸ਼ਨ ਦੌਰਾਨ ਤਿੰਨਾਂ ਨੂੰ ਕਾਬੂ ਕੀਤਾ। ਮੁਲਜ਼ਮਾਂ ਦੀ ਪਛਾਣ ਬਿਹਾਰ ਦੇ ਬੇਗੂਸਰਾਏ ਦੇ ਰਿਤਿਕ ਉਰਫ ਰੋਸ਼ਨ ਅਤੇ ਹਰਿਆਣਾ ਦੇ ਸੋਨੀਪਤ ਦੇ ਰਿਹਾਨ ਵਜੋਂ ਹੋਈ ਹੈ। ਮੁੱਢਲੀ ਪੁੱਛਗਿੱਛ ਵਿੱਚ ਸਾਹਮਣੇ ਆਇਆ ਕਿ ਇਹ ਜੈਪੁਰ ਤੋਂ ਬੱਸ ਰਾਹੀਂ ਦਿੱਲੀ ਜਾ ਕੇ ਸਰਹੱਦ ਪਾਰ ਕਰਕੇ ਨੇਪਾਲ ਜਾਣਾ ਚਾਹੁੰਦੇ ਸਨ। ਹਾਲਾਂਕਿ ਇਨ੍ਹਾਂ ਕੋਲੋਂ ਕੋਈ ਹਥਿਆਰ ਬਰਾਮਦ ਨਹੀਂ ਹੋਇਆ।

## ਫਰਾਂਸ ਦੇ ਕਈ ਸ਼ਹਿਰਾਂ ’ਚ ਲੱਗੇਗਾ ਕਰਫਿਊ

**ਪੈਰਿਸ** : ਫਰਾਂਸ ਦੇ ਪ੍ਰਧਾਨ ਮੰਤਰੀ ਸੇਬੇਸਟੀਅਨ ਲੇਕੋਰਨੂ ਨੇ ਕਿਹਾ ਕਿ ਉਨ੍ਹਾ ਅਧਿਕਾਰੀਆਂ ਨੂੰ ਦੰਗਿਆਂ ਅਤੇ ਲੁੱਟ-ਖਸੁੱਟ ਨੂੰ ਰੋਕਣ ਲਈ ਸ਼ਹਿਰਾਂ ਵਿੱਚ ਬਹੁਤ ਸੀਮਤ ਅਤੇ ਸਥਾਨਕ ਕਰਫਿਊ ਲਗਾਉਣ ਦੇ ਨਿਰਦੇਸ਼ ਦਿੱਤੇ ਹਨ। ਸਨਿੱਚਰਵਾਰ ਦੇਸ਼ ਭਰ ਵਿੱਚ ਸਿਟੀ ਹਾਲ, ਹੋਰ ਸਰਕਾਰੀ ਇਮਾਰਤਾਂ ਅਤੇ ਸੈਂਕੜੇ ਵਪਾਰਕ ਅਦਾਰਿਆਂ ਨੂੰ ਖਾਸ ਤੌਰ ’ਤੇ ਨਿਸ਼ਾਨਾ ਬਣਾਇਆ ਗਿਆ ਸੀ। ਇਹ ਨਿਰਦੇਸ਼ ਉਸ ਸਮੇਂ ਆਏ ਹਨ, ਜਦੋਂ ਗ੍ਰਹਿ ਮੰਤਰੀ ਲੌਰੇਂ ਨੁਨੇਜ਼ ਨੇ ਐਤਵਾਰ ਅਸਤੀਫੇ ਦੀ ਪੇਸ਼ਕਸ਼ ਕੀਤੀ ਸੀ, ਪਰ ਰਾਸ਼ਟਰਪਤੀ ਇਮੈਨੁਅਲ ਮੈਕਰੌਂ ਨੇ ਐਮਰਜੈਂਸੀ ਸਥਿਤੀ ਵਿੱਚ ਪੁਲਸ ਦੀਆਂ ਜ਼ਰੂਰਤਾਂ ਦੇ ਮੱਦੇਨਜ਼ਰ ਉਨ੍ਹਾ ਨੂੰ ਅਹੁਦੇ ’ਤੇ ਬਣੇ ਰਹਿਣ ਲਈ ਕਿਹਾ ਹੈ। ਵਧਦੀ ਮਹਿੰਗਾਈ ਅਤੇ ਸਕੂਲਾਂ ਦੇ ਮਾੜੇ ਹਾਲਾਤ ਖਿਲਾਫ ਦੇਸ਼ ਭਰ ਵਿੱਚ ਹੋਏ ਪ੍ਰਦਰਸ਼ਨਾਂ ਦੌਰਾਨ ਸਨਿੱਚਰਵਾਰ ਨੂੰ ਵੱਡੀ ਹਿੰਸਾ ਭੜਕੀ ਸੀ। ਐਤਵਾਰ ਸ਼ਾਮ ਨੂੰ ਭੀੜ ਨੇ ਪੈਰਿਸ, ਲਿਓਨ, ਮਾਰਸੇਲ ਅਤੇ ਹੋਰ ਸ਼ਹਿਰਾਂ ਦੀਆਂ ਸੜਕਾਂ ’ਤੇ ਕੂੜੇਦਾਨਾਂ, ਸਾਈਕਲਾਂ ਅਤੇ ਹੋਰ ਚੀਜ਼ਾਂ ਨੂੰ ਅੱਗ ਲਗਾ ਦਿੱਤੀ ਅਤੇ ਦੁਕਾਨਾਂ ਨੂੰ ਲੁੱਟਿਆ। ਦੇਸ਼ ਭਰ ਵਿੱਚ ਘੱਟੋ-ਘੱਟ 2,400 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

# ਮੁੰਡੇ ਨੂੰ ਕੁੱਟਣ ਵਾਲਾ ਵਿਧਾਇਕ ਚਰਚਾ ’ਚ

**ਨਾਭਾ (ਨ ਜ਼ ਸ)**

ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵਿਵਾਦਾਂ ਵਿੱਚ ਘਿਰ ਗਏ ਜਦੋਂ ਸੋਮਵਾਰ ਸੋਸ਼ਲ ਮੀਡੀਆ ’ਤੇ ਵਾਇਰਲ ਇੱਕ ਵੀਡੀਓ ਵਿੱਚ ਨਾਬਾਲਗ ਮੁੰਡੇ ਦਾ ਪਿੱਛਾ ਕਰਦੇ ਹੋਏ ਉਸ ਨੂੰ ਇੱਕ ਬੰਦ ਗਲੀ ਵਿੱਚ ਘੇਰ ਕੇ ਫਿਲਮੀ ਅੰਦਾਜ਼ ਵਿੱਚ ਲੱਤ ਅਤੇ ਥੱਪੜ ਮਾਰਦੇ ਹੋਏ ਨਜ਼ਰ ਆਏ। ਉਨ੍ਹਾ ਨਾਲ ਇੱਕ ਪੁਲਸ ਮੁਲਾਜ਼ਮ ਵੀ ਦਿਖਾਈ ਦੇ ਰਿਹਾ ਹੈ। ਦੂਜੇ ਪਾਸੇ ਦੇਵ ਮਾਨ ਨੇ ਇਸ ਨੂੰ ਜਨਹਿੱਤ ਵਿੱਚ ਚੁੱਕਿਆ ਗਿਆ ਕਦਮ ਦੱਸਿਆ ਅਤੇ ਕਿਹਾ ਕਿ ਇਹ ਨਸ਼ਾ ਤਸਕਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਦਾ ਹਿੱਸਾ ਸੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਦਾਅਵਾ ਕੀਤਾ ਕਿ ਨੌਜਵਾਨ ਬਿਨਾਂ ਹੈਲਮੇਟ ਅਤੇ ਬਿਨਾਂ ਰਜਿਸਟ੍ਰੇਸ਼ਨ ਨੰਬਰ ਵਾਲਾ ਮੋਟਰਸਾਈਕਲ ਤੇਜ਼ ਰਫਤਾਰ ਨਾਲ ਚਲਾ ਰਿਹਾ ਸੀ ਅਤੇ ਉਨ੍ਹਾ ਦੀ ਸਰਕਾਰੀ ਗੱਡੀ ਨਾਲ ਟਕਰਾਉਣ ਤੋਂ ਬਚਿਆ। ਜਦੋਂ ਸੁਰੱਖਿਆ ਵਾਹਨ ਨੇ ਸਾਇਰਨ ਵਜਾਇਆ ਤਾਂ ਨੌਜਵਾਨ ਨੇ ਮੋਟਰਸਾਈਕਲ ਭਜਾ ਲਿਆ ਅਤੇ ਪਿੱਛਾ ਕਰਨ ਦੌਰਾਨ ਉਸ ਨੇ ਆਪਣੀ ਜੇਬ ਵਿੱਚੋਂ ਇੱਕ ਸ਼ੱਕੀ ਵਸਤੂ ਸੁੱਟ ਦਿੱਤੀ। ਪੁਲਸ ਨੂੰ ਜਾਂਚ ਕਰਨੀ ਚਾਹੀਦੀ ਹੈ ਕਿ ਕੀ ਉਹ ਨਸ਼ੇ ਦਾ ਸੇਵਨ ਕਰਦਾ ਹੈ ਜਾਂ ਨਸ਼ਾ ਵੇਚਣ ਨਾਲ ਜੁੜਿਆ ਹੋਇਆ ਹੈ।

ਉੱਧਰ, ਟਾਈਲਾਂ ਦਾ ਕੰਮ ਕਰਨ ਵਾਲੇ ਨਾਬਾਲਗ ਨੇ ਨਸ਼ਿਆਂ ਨਾਲ ਕਿਸੇ ਵੀ ਤਰ੍ਹਾਂ ਦਾ ਸੰਬੰਧ ਹੋਣ ਤੋਂ ਇਨਕਾਰ ਕੀਤਾ ਤੇ ਕਿਹਾ ਕਿ ਉਹ ਸਾਇਰਨ ਸੁਣ ਕੇ ਘਬਰਾ ਗਿਆ ਸੀ। ਉਸ ਨੇ ਦੱਸਿਆ ਕਿ ਉਸ ਦਾ ਆਪਣਾ ਮੋਟਰਸਾਈਕਲ ਇੱਕ ਦਿਨ ਪਹਿਲਾਂ ਕੰਮ ਵਾਲੀ ਥਾਂ ’ਤੇ ਖਰਾਬ ਹੋ ਗਿਆ ਸੀ, ਇਸ ਲਈ ਉਹ ਆਪਣੇ ਮਾਲਕ ਦਾ ਮੋਟਰਸਾਈਕਲ ਲੈ ਕੇ ਆਇਆ ਸੀ, ਜਿਸ ’ਤੇ ਨੰਬਰ ਪਲੇਟ ਨਹੀਂ ਸੀ ਅਤੇ ਉਸ ਕੋਲ ਡਰਾਈਵਿੰਗ ਲਾਇਸੈਂਸ ਵੀ ਨਹੀਂ ਹੈ। ਨਾਭਾ ਕੋਤਵਾਲੀ ਦੇ ਐੱਸ ਐੱਚ ਓ ਗੁਰਪਿੰਦਰ ਸਿੰਘ ਨੇ ਕਿਹਾ ਕਿ ਉਹ ਉਸ ਸਮੇਂ ਇੱਕ ਧਰਨੇ ਦੌਰਾਨ ਡਿਊਟੀ ਵਿੱਚ ਰੁੱਝੇ ਹੋਏ ਸਨ, ਜਿਸ ਕਾਰਨ ਸ਼ੁਰੂ ਵਿੱਚ ਉਨ੍ਹਾ ਨੂੰ ਇਸ ਵੀਡੀਓ ਬਾਰੇ ਜਾਣਕਾਰੀ ਨਹੀਂ ਸੀ। ਸੀ ਸੀ ਟੀ ਵੀ ਫੁਟੇਜ ਅਤੇ ਲਗਾਏ ਗਏ ਦੋਸ਼ਾਂ ਦੀ ਜਾਂਚ ਕਰਨ ਤੋਂ ਬਾਅਦ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# ਮੁੱਖ ਮੰਤਰੀ ਅਸਤੀਫ਼ਾ ਦੇਣ : ਸੂਰਤ ਸਿੰਘ ਧਰਮਕੋਟ



**ਜਲੰਧਰ (ਗਿਆਨ ਸੈਦਪੁਰੀ)**

ਨਸ਼ਿਆਂ ਵਿਰੁੱਧ ਉੱਠੀ ਆਵਾਜ਼ ਨੂੰ ਹੋਰ ਉਚੇਰੀ ਕਰਨ ਲਈ ਬਹੁਤ ਸਾਰੀਆਂ ਧਿਰਾਂ ਨੇ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਸਿਲਸਿਲੇ ਤਹਿਤ ਸੋਮਵਾਰ ਨੂੰ ਆਪ ਵਿਧਾਇਕਾਂ ਨੂੰ ਲਾਹਨਤੀ ਪੱਤਰ ਦਿੱਤੇ ਗਏ। ਇਨ੍ਹਾਂ ਪੱਤਰਾਂ ਵਿੱਚ ਵਿਧਾਇਕਾਂ ਕੋਲੋਂ ਪੁੱਛਿਆ ਗਿਆ ਹੈ ਕਿ ਤੁਸੀਂ ਨਸ਼ਾ ਪੀੜਤ ਪੰਜਾਬ ਨਾਲ ਖੜੇ ਹੋ ਜਾਂ ਨਸ਼ਾ ਸੌਦਾਗਰਾਂ ਤੇ ਉਨ੍ਹਾਂ ਦੇ ਸਰਪ੍ਰਸਤਾਂ ਦੀ ਪੁਸ਼ਤਪਨਾਹੀ ਕਰਦੇ ਹੋ? ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਨੈਤਿਕ ਅਧਾਰ ’ਤੇ ਅਸਤੀਫ਼ਾ ਦੇਣ। ਡੀ ਜੀ ਪੀ ਕੋਲੋਂ ਵੀ ਅਸਤੀਫ਼ਾ ਮੰਗਿਆ ਗਿਆ ਹੈ। ਪਰਵਿੰਦਰ ਸਿੰਘ ਝੋਟਾ ਦੇ ਕਤਲ ਅਤੇ ਇਸ ਪਿੱਛੇ ਕੰਮ ਕਰਦੇ ਨਸ਼ਾ ਤਸਕਰਾਂ, ਪੁਲਸ ਅਤੇ ਸਿਆਸੀ ਗੱਠਜੋੜ ਦੀ ਜਾਂਚ ਸੀ ਬੀ ਆਈ ਕੋਲੋਂ ਕਰਵਾਉਣ ਦੀ ਮੰਗ ਕੀਤੀ ਗਈ ਹੈ। ਇਸ ਸੰਬੰਧ ਵਿੱਚ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ ਦੀ ਅਗਵਾਈ ਵਿੱਚ ਹਲਕਾ ਵਿਧਾਇਕ ਧਰਮਕੋਟ ਦੇ ਦਫ਼ਤਰ ’ਤੇ ਲਾਹਨਤੀ ਪੱਤਰ ਚਿਪਕਾਇਆ ਗਿਆ। ਇਸ ਮੌਕੇ ਗੁਰਮੇਲ ਸਿੰਘ ਰੱਜੀਵਾਲ, ਅਮਰਜੀਤ ਸਿੰਘ ਕੜਿਆਲ, ਮੇਲ ਸਿੰਘ, ਜਸਪਾਲ ਸਿੰਘ ਫਤਿਹਗੜ੍ਹ ਪੰਜਤੂਰ, ਨਿਸ਼ਾਨ ਸਿੰਘ ਲਹੌਰੀਆ, ਨਿਰੰਜਣ ਸਿੰਘ ਮੌਜਗੜ੍ਹ, ਅਮਰਜੀਤ ਸਿੰਘ ਸ਼ੇਰਪੁਰੀ, ਕਸ਼ਮੀਰ ਸਿੰਘ, ਜੀਤ ਸਿੰਘ ਭੱਟੀ, ਆਤਮਾ ਸਿੰਘ ਧਰਮਕੋਟ, ਰੇਸ਼ਮ ਸਿੰਘ ਸ਼ੇਰਪੁਰ ਤੇ ਜਰਨੈਲ ਸਿੰਘ ਕੰਨੀਆਂ ਆਦਿ ਕਾਰਕੁੰਨ ਹਾਜ਼ਰ ਸਨ।

# ਮੈਡੀਕਲ ਨਸ਼ਿਆਂ ਨੂੰ ਰੋਕਣ ’ਚ ਅਸਫਲ ਸਿਹਤ ਮੰਤਰੀ ਅਸਤੀਫਾ ਦੇਣ : ਅਰਸ਼ੀ

**ਮਾਨਸਾ (ਆਤਮਾ ਸਿੰਘ ਪਮਾਰ)**



ਪਰਵਿੰਦਰ ਸਿੰਘ ਝੋਟਾ ਇਨਸਾਫ ਕਮੇਟੀ ਦੇ ਸੱਦੇ ’ਤੇ ਰੋਸ ਧਰਨੇ ਨੂੰ ਸੰਬੋਧਨ ਕਰਦੇ ਹੋਏ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਦੂਜੀ ਕਿਸਮ ਦੇ ਮਾਰੂ ਨਸ਼ਿਆਂ ਤੋਂ ਇਲਾਵਾ ਪੰਜਾਬ ਵਿੱਚ ਮੈਡੀਕਲ ਨਸ਼ਾ ਵੀ ਧੜੱਲੇ ਨਾਲ ਵਿਕ ਰਿਹਾ ਹੈ, ਜਿਸ ਦੀ ਪੁਸ਼ਤ-ਪਨਾਹੀ ਡਰੱਗ ਇੰਸਪੈਕਟਰ ਤੇ ਪੁਲਸ ਵੱਲੋਂ ਕੀਤੀ ਜਾ ਰਹੀ ਹੈ। ਇਸ ਨਸ਼ੇ ਦੀ ਸਾਰੇ ਪੰਜਾਬ ਵਿੱਚ ਸਪਲਾਈ ਹੋ ਰਹੀ ਹੈ। ਇਸ ਗੋਰਖਧੰਦੇ ਵਿੱਚ ਸਿਹਤ ਮੰਤਰੀ ਨੂੰ ਬਰੀ ਨਹੀਂ ਕੀਤਾ ਜਾ ਸਕਦਾ, ਜੇਕਰ ਉਹਨਾਂ ਦਾ ਮਨ ਪੂਰਾ ਸਾਫ਼ ਹੈ ਤਾਂ ਉਹਨਾਂ ਨੂੰ ਇਖਲਾਕੀ ਤੌਰ ’ਤੇ ਅਸਤੀਫਾ ਦੇਣਾ ਚਾਹੀਦਾ ਹੈ।ਕਮਿਊਨਿਸਟ ਆਗੂ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਕੈਂਸਰ ਸਮੇਤ ਅਨੇਕਾਂ ਬਿਮਾਰੀਆਂ ਨਾਲ ਜੂਝ ਰਿਹਾ ਹੈ, ਪ੍ਰੰਤੂ ਸਰਕਾਰ ਸਿਹਤ ਸੇਵਾਵਾਂ ਦੇਣ ਦੀ ਬਜਾਏ ਚਿੱਟੇ ਦਿਨ ਵਿਕ ਰਹੇ ਨਸ਼ਿਆਂ ’ਤੇ ਮੋਨ ਧਾਰਨ ਕਰਕੇ ਨਸ਼ਾ ਤਸਕਰਾਂ ਦੀ ਪੁਸ਼ਤਪਨਾਹੀ ਕਰ ਰਹੀ ਹੈ।

ਉਹਨਾਂ ਨੌਜਵਾਨ ਵਰਗ ਤੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਨੂੰ ਜਾਰੀ ਰੱਖਣ ਲਈ ਸਹਿਯੋਗ ਦੀ ਮੰਗ ਕੀਤੀ।

# ਝੋਟਾ ਦੀ ਪਤਨੀ ਐਕਸ਼ਨ ਕਮੇਟੀ ’ਚ ਸ਼ਾਮਲ

### ਮਸਲਾ ਨਿਬੇੜਨ ਲਈ ਤਿੰਨ ਮਹਿਲਾ ਅਫਸਰ ਤਾਇਨਾਤ



**ਮਾਨਸਾ** : ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ ਨੇ ਸੋਮਵਾਰ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮੰਗਲਵਾਰ ਦੇ ਦੌਰੇ ਦੌਰਾਨ ਜੇ ਕੋਈ ਵਿਰੋਧ ਪ੍ਰਦਰਸ਼ਨ ਕੀਤਾ ਗਿਆ ਤਾਂ ਉਹ ਇਸ ਨੂੰ ਆਪਣਾ ਨਿੱਜੀ ਅਪਮਾਨ ਸਮਝਣਗੇ। ਉਨ੍ਹਾ ਨੂੰ ਪੂਰਾ ਭਰੋਸਾ ਹੈ ਕਿ ਸ਼ਾਹ ਉਨ੍ਹਾ ਦੇ ਪਰਵਾਰ ਨੂੰ ਇਨਸਾਫ ਦਿਵਾਉਣਗੇ। 72 ਸਾਲਾ ਭੀਮ ਸਿੰਘ ਨੇ ਆਖਿਆ, “ਮੈਂ ਸਰਹੱਦਾਂ ’ਤੇ ਦੇਸ਼ ਦੀ ਸੇਵਾ ਕੀਤੀ ਹੈ। ਮੈਂ ਸਾਬਕਾ ਫੌਜੀ ਹਾਂ। ‘ਆਪ’ ਨੂੰ ਛੱਡ ਕੇ ਬਾਕੀ ਸਾਰੇ ਆਗੂਆਂ ਦਾ ਸਵਾਗਤ ਹੈ। ਜੇ ਕੋਈ ਅਮਿਤ ਸ਼ਾਹ ਦਾ ਵਿਰੋਧ ਕਰਦਾ ਹੈ, ਤਾਂ ਇਹ ਮੇਰੀ ਅਤੇ ਝੋਟਾ ਦੀ ਮ੍ਰਿਤਕ ਦੇਹ ਦੀ ਤੌਹੀਨ ਹੋਵੇਗੀ। ਪੰਜਾਬ ਭਾਜਪਾ ਪ੍ਰਧਾਨ ਕੇਵਲ ਢਿੱਲੋਂ ਵੀ ਸਾਨੂੰ ਮਿਲੇ ਸਨ ਅਤੇ ਉਨ੍ਹਾ ਨੂੰ ਕੋਈ ਵਿਰੋਧ ਨਹੀਂ ਝੱਲਣਾ ਪਿਆ ਸੀ।”

ਉਨ੍ਹਾ ਉਮੀਦ ਜਤਾਈ ਕਿ ਅਮਿਤ ਸ਼ਾਹ ਦੀ ਦਖਲਅੰਦਾਜ਼ੀ ਨਾਲ ਉਨ੍ਹਾ ਨੂੰ ਜਲਦੀ ਇਨਸਾਫ਼ ਮਿਲੇਗਾ। ਉਨ੍ਹਾਂ ਨਾਲ ਹੀ ਸੀ ਬੀ ਆਈ ਜਾਂਚ ਦੀ ਮੰਗ ਦੁਹਰਾਉਂਦਿਆਂ ਦੋਸ਼ ਲਾਇਆ ਕਿ ਜੇ ਅਜਿਹਾ ਨਾ ਹੋਇਆ ਤਾਂ ਪੁਲਸ ਸਬੂਤ ਨਸ਼ਟ ਕਰ ਦੇਵੇਗੀ। ਭੀਮ ਸਿੰਘ ਨੇ ਦੱਸਿਆ ਕਿ ਉਨ੍ਹਾ ਨੇ ਆਪਣੇ ਪਰਵਾਰਕ ਮੈਂਬਰਾਂ ਨਾਲ ਸਲਾਹ ਕਰਕੇ ਫੈਸਲਾ ਕੀਤਾ ਹੈ ਕਿ ਹੁਣ ਪਰਵਿੰਦਰ ਦੀ ਪਤਨੀ ਮਨਪ੍ਰੀਤ ਕੌਰ ਐਕਸ਼ਨ ਕਮੇਟੀ ਦੀਆਂ ਮੀਟਿੰਗਾਂ ਵਿੱਚ ਸ਼ਾਮਲ ਹੋਵੇਗੀ। ਉਨ੍ਹਾ ਕਿਹਾ ਕਿ ਉਹ ਖੁਦ ਪਿਛਲੀਆਂ ਦੋ-ਤਿੰਨ ਮੀਟਿੰਗਾਂ ਵਿੱਚ ਸ਼ਾਮਲ ਨਹੀਂ ਹੋ ਸਕੇ ਸਨ, ਇਸ ਲਈ ਉਨ੍ਹਾ ਨੂੰ ਨਹੀਂ ਪਤਾ ਕਿ ਉੱਥੇ ਕੀ ਕੁਝ ਹੋਇਆ ਹੈ। ਜ਼ਿਕਰਯੋਗ ਹੈ ਕਿ ਐਕਸ਼ਨ ਕਮੇਟੀ ਨੇ ਪਹਿਲਾਂ ਅਮਿਤ ਸ਼ਾਹ ਦੇ ਦੌਰੇ ਦਾ ਬਾਈਕਾਟ ਕਰਨ ਦਾ ਐਲਾਨ ਕੀਤਾ ਸੀ ਅਤੇ ਪਰਵਾਰ ਨੂੰ ਵੀ ਨਾ ਮਿਲਣ ਦੀ ਅਪੀਲ ਕੀਤੀ ਸੀ। ਦੂਜੇ ਪਾਸੇ, ਝੋਟਾ ਵਿਰੁੱਧ ਪੁਰਾਣੇ ਕੇਸਾਂ ਦੀ ਸੁਣਵਾਈ ਸੰਬੰਧੀ ਭੀਮ ਸਿੰਘ ਨੇ ਅਦਾਲਤ ਨੂੰ ਫਾਸਟ-ਟਰੈਕ ਆਧਾਰ ’ਤੇ ਇਨਸਾਫ ਦੇਣ ਦੀ ਅਪੀਲ ਕੀਤੀ ਹੈ। ਸਰਕਾਰ ਨੇ ਝੋਟਾ ਨੂੰ ਇਨਸਾਫ ਦਿਵਾਉਣ ਲਈ ਸੰਘਰਸ਼ ਕਰ ਰਹੀ ਐਕਸ਼ਨ ਕਮੇਟੀ ਨਾਲ ਗੱਲਬਾਤ ਲਈ ਤਿੰਨ ਮਹਿਲਾ ਆਈ ਏ ਐੱਸ ਅਧਿਕਾਰੀਆਂ ਨੂੰ ਉਤਾਰਿਆ ਹੈ। ਇਨ੍ਹਾਂ ਅਧਿਕਾਰੀਆਂ ਵਿੱਚ ਫਰੀਦਕੋਟ ਰੇਂਜ ਦੀ ਕਮਿਸ਼ਨਰ ਕੰਵਲਪ੍ਰੀਤ ਕੌਰ ਬਰਾੜ, ਅਪਨੀਤ ਰਿਆਤ ਅਤੇ ਮਾਨਸਾ ਦੀ ਡਿਪਟੀ ਕਮਿਸ਼ਨਰ ਨਵਜੋਤ ਕੌਰ ਸ਼ਾਮਲ ਹਨ। ਅਪਨੀਤ ਰਿਆਤ ਕਾਂਗਰਸ ਸਰਕਾਰ ਸਮੇਂ ਮਾਨਸਾ ਦੇ ਡਿਪਟੀ ਕਮਿਸ਼ਨਰ ਰਹਿ ਚੁੱਕੇ ਹਨ ਤੇ ਉਨ੍ਹਾ ਦਾ ਸਹੁਰਾ ਪਰਵਾਰ ਮਾਨਸਾ ਦੇ ਪਿੰਡ ਦਾਤੇਵਾਸ ’ਚ ਹੈ।

## ਅੱਜ-ਨਾਮਾ

ਨਸ਼ੇ ਦੀ ਫੈਲ ਗਈ ਜੜ੍ਹ ਪੰਜਾਬ ਦੇ ਵਿੱਚ,
ਹਰ ਕੋਈ ਬਸ਼ਰ ਹੀ ਏਸ ਤੋਂ ਤੰਗ ਭਾਈ।
ਕਈਆਂ ਘਰਾਂ ਦੇ ਮਾਰੇ ਕਈ ਪੁੱਤ ਇਹਨੇ,
ਮਾਰਦਾ ਕਈਆਂ ਨੂੰ ਨਿੱਤ ਆ ਡੰਗ ਭਾਈ।
ਇਹਨੂੰ ਰੋਕਣ ਦੀ ਬਾਤ ਸਰਕਾਰ ਕਹਿੰਦੀ,
ਲੱਗਦੀ ਬੰਨੇ ਨਹੀਂ ਜਾਪ ਰਹੀ ਜੰਗ ਭਾਈ।
ਲੱਗਦਾ ਦੋਸ਼ ਹੈ ਨਿੱਤ ਜਦ ਪੁਲਸ ਉੱਪਰ,
ਕਰਦੇ ਦੇਖੇ ਨਾ ਅਫਸਰ ਕੁਝ ਸੰਗ ਭਾਈ।
ਇਹੋ ਹਾਲਤ ਫਿਰ ਰਹਿਣੀ ਤਾਂ ਖਿਝੇ ਲੋਕੀਂ,
ਪਤਾ ਨਹੀਂ ਕਿੱਦਾਂ ਦਿਖਾਉਣਗੇ ਰੋਸ ਭਾਈ।
ਰੱਖਣਾ ਅਮਨ ਸਰਕਾਰ ਜੇ ਦਿਲੋਂ ਚਾਹੁੰਦੀ,
ਦਿਖਾਉਣਾ ਪਊ ਕਿ ਕੀਤਾ ਕੀ ਠੋਸ ਭਾਈ।

-ਤੀਸ ਮਾਰ ਖਾਂ

# ਤਰਨ ਤਾਰਨ ਜ਼ਿਲ੍ਹਾ ਪਾਰਟੀ ਖੇਮਕਰਨ ਤੇ ਖਡੂਰ ਸਾਹਿਬ ਸੀਟ ਲੜਨ ਦੀ ਇੱਛੁਕ



**ਤਰਨ ਤਾਰਨ (ਨ ਜ਼ ਸ)**-ਭਾਰਤੀ ਕਮਿਊਨਿਸਟ ਪਾਰਟੀ ਦੀ ਤਰਨ ਤਾਰਨ ਜ਼ਿਲ੍ਹਾ ਕਾਰਜਕਾਰਨੀ ਦੀ ਬਹੁਤ ਜ਼ਰੂਰੀ ਮੀਟਿੰਗ ਕਾਰਜ ਸਿੰਘ ਕੈਰੋਂ ਦੀ ਪ੍ਰਧਾਨਗੀ ਹੇਠ ਮਹਾਨ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਵਿਖੇ ਹੋਈ।ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਸੀ ਪੀ ਆਈ ਦੇ ਤਰਨ ਤਾਰਨ ਜ਼ਿਲ੍ਹੇ ਦੇ ਸਕੱਤਰ ਦਵਿੰਦਰ ਸੋਹਲ ਨੇ ਦੱਸਿਆ ਕਿ ਤਰਨ ਤਾਰਨ ਜ਼ਿਲ੍ਹਾ ਪਾਰਟੀ ਨੇ ਖੇਮਕਰਨ ਤੇ ਖਡੂਰ ਸਾਹਿਬ ਵਿਧਾਨ ਸਭਾ ਹਲਕੇ ਲੜਨ ਦੀ ਇਜਾਜ਼ਤ ਸੂਬਾ ਪਾਰਟੀ ਤੋਂ ਮੰਗੀ ਹੈ।ਦੋਹਾਂ ਵਿਧਾਨ ਸਭਾ ਹਲਕਿਆਂ ਵਿੱਚ ਚੋਣਾਂ ਦੀਆਂ ਤਿਆਰੀਆਂ ਪਹਿਲਾਂ ਤੋਂ ਹੀ ਵਿੱਢੀਆਂ ਹੋਈਆਂ ਹਨ।ਪਾਰਟੀ ਨੇ ਫੈਸਲਾ ਕੀਤਾ ਕਿ 7 ਨਵੰਬਰ ਨੂੰ ਰੂਸ ਦੀ ਕ੍ਰਾਂਤੀ ਦੇ ਦਿਹਾੜੇ ’ਤੇ ਜ਼ਿਲ੍ਹਾ ਪੱਧਰ ਦਾ ਸਮਾਗਮ ਤਰਨ ਤਾਰਨ ਵਿਖੇ ਕੀਤਾ ਜਾਵੇਗਾ। ਸੀ ਪੀ ਆਈ ਨੇ ਦਿੱਲੀ ਵਿਖੇ ਬਦਲਾਅ ਰੈਲੀ ਤੋਂ ਬਾਅਦ ਇੱਕ ਤੋਂ 3 ਦਸੰਬਰ ਤੱਕ ਜੇਲ੍ਹ ਭਰੋ ਅੰਦੋਲਨ ਦਾ ਐਲਾਨ ਕੀਤਾ ਹੋਇਆ ਹੈ, ਇਸ ਪ੍ਰੋਗਰਾਮ ਨੂੰ ਵੀ ਕਾਮਯਾਬ ਕਰਨ ਲਈ ਯੋਜਨਾ ਬਣਾਈ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਇਸਤਰੀ ਸਭਾ ਦੀ ਸੂਬਾਈ ਪ੍ਰਧਾਨ ਰਜਿੰਦਰ ਪਾਲ ਕੌਰ, ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਦੇਵੀ ਕੁਮਾਰੀ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਨੇ ਐੱਸ ਆਈ ਆਰ ਭਾਵ ਵੋਟਾਂ ਦੀ ਵਿਸ਼ੇਸ਼ ਪੜਤਾਲ ਰਾਹੀਂ ਆਪਣੇ ਰਾਜ ਦੀ ਉਮਰ ਵਧਾਉਣ ਦੀ ਧਾਰੀ ਹੋਈ ਹੈ, ਪਰ ਇੰਡੀਆ ਗੱਠਜੋੜ ਵੀ ਦਿੱਲੀ ਦੀਆਂ ਸੜਕਾਂ ’ਤੇ ਉਤਰਿਆ ਹੋਇਆ ਹੈ।ਹਿੰਦੁਸਤਾਨ ਦੇ ਨੌਜਆਨ ਦਿੱਲੀ ਵਿਖੇ ਰੋਜ਼ਾਨਾ ਰੋਸ ਮੁਜ਼ਾਹਰੇ ਕਰਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕਰ ਰਹੇ ਹਨ।ਹਕੀਕਤ ਇਹ ਹੈ ਕਿ ਦਿੱਲੀ ਦੀਆਂ ਸੜਕਾਂ ’ਤੇ ਅੰਦੋਲਨਕਾਰੀ ਡਟੇ ਹੋਏ ਹਨ।ਦੂਜੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਗਿਆਨੇਸ਼ ਕੁਮਾਰ ਦਾ ਬਚਾਅ ਕਰ ਰਹੇ ਹਨ।ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਲੋਕਾਂ ਦੇ ਵਿਦਰੋਹ ਅੱਗੇ ਝੁਕਣਾ ਹੀ ਪਏਗਾ।ਸੀ ਪੀ ਆਈ ਵੀ ਪੂਰੇ ਜ਼ੋਰਾਂ ਨਾਲ ਗਿਆਨੇਸ਼ ਕੁਮਾਰ ਵਿਰੁੱਧ

• ਬਾਕੀ ਸਫਾ 2 ’ਤੇ




## ਸੀ ਪੀ ਆਈ ਨੇ ਨਰੇਗਾ ਮਜ਼ਦੂਰ ਹਾਦਸੇ 'ਤੇ ਡੂੰਘੀ ਚਿੰਤਾ ਪ੍ਰਗਟਾਈ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਭਾਰਤੀ ਕਾਮਿਊਨਿਸਟ ਪਾਰਟੀ ਬਲਾਕ ਦੀਨਾਨਗਰ ਦੀ ਮੀਟਿੰਗ ਸਾਥੀ ਸੋਹਣ ਲਾਲ ਬੇਰੀਆਂ ਦੀ ਪ੍ਰਧਾਨਗੀ ਹੇਠ ਪਾਰਟੀ ਦਫ਼ਤਰ ਦੀਨਾਨਗਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਬਲਾਕ ਦੇ ਸਹਾਇਕ ਸਕੱਤਰ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਜ਼ਿਲਾ ਐਗਜ਼ੈਕਟਿਵ ਮੈਂਬਰ ਕਾਮਰੇਡ ਸੁਭਾਸ਼ ਕੈਰੇ ਨੇ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਦਿਨੀਂ ਲਹਿਰਾਗਾਗਾ ਜਾਖਲ ਮੁੱਖ ਮਾਰਗ 'ਤੇ ਪੈਂਦੇ ਪਿੰਡ 'ਚ ਨਰੇਗਾ ਕਾਮੇ ਕੰਮ ਕਰ ਰਹੇ ਸਨ ਕਿ 23 ਕਾਮਿਆਂ ਨੂੰ ਇਕ ਤੇਜ਼ ਰਫ਼ਤਾਰ ਕਾਰ ਨੇ ਦਰੜ ਦਿੱਤਾ ਜਿਨ੍ਹਾਂ 'ਚੋਂ 9 ਦੇ ਕਰੀਬ ਨਰੇਗਾ ਮਜ਼ਦੂਰਾਂ ਦੀ ਮੌਤ ਹੋ ਗਈ। ਬਾਕੀ ਵੱਡੇ ਪੱਧਰ 'ਤੇ ਜ਼ਖ਼ਮੀ ਹਨ। ਸੀ ਪੀ ਆਈ ਨੇ ਇਸ ਹਾਦਸੇ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਮਜ਼ਦੂਰਾਂ ਦੇ ਕਾਤਲ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਉਸ 'ਤੇ ਕਤਲ ਦਾ ਮੁੱਕਦਮਾ ਦਰਜ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਹਰ ਮ੍ਰਿਤਕ ਦੇ ਵਾਰਸਾਂ ਨੂੰ ਘੱਟੋ-ਘੱਟ 10 ਲੱਖ ਰੁਪਏ ਮੁਆਵਜ਼ਾ ਅਤੇ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਜ਼ਖਮੀਆਂ ਨੂੰ ਦੋ ਦੋ ਲੱਖ ਰੁਪਏ ਅਤੇ ਸਾਰਾ ਇਲਾਜ ਮੁਫ਼ਤ ਕੀਤਾ ਜਾਵੇ। ਇਸ ਮੌਕੇ ਕੁਲਦੀਪ ਸਿੰਘ ਘੁੱਲਾ, ਦਰਸ਼ਨ ਕੁਮਾਰ ਆਹਲੂਵਾਲ, ਤਰਲੋਕ ਸਿੰਘ ਰਾਉਵਾਲ ਚਮਨ ਲਾਲ, ਸੁਰਿੰਦਰ ਕੁਮਾਰ, ਗੁਰਦੀਪ ਸਿੰਘ ਕੈਰੋਂ, ਗੁਰਦਿਆਲ ਸਿੰਘ ਭਗਵਾਨਪੁਰ, ਰਵੀ ਸ਼ਰਮਾ, ਗੁਰਦੀਪ ਸਿੰਘ, ਕਰਨੈਲ ਸਿੰਘ ਆਦਿ ਆਗੂ ਹਾਜ਼ਰ ਸਨ।

## ਐੱਸਆਈਆਰ ਖ਼ਿਲਾਫ਼ ਡੀ. ਸੀ. ਦਫ਼ਤਰ 'ਚ ਧਰਨਾ 23 ਨੂੰ

**ਛੇਹਰਟਾ/ਖਾਸਾ ਸ਼ਸ਼ਪਾਲ ਸਿੰਘ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤ ਦੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ 'ਤੇ ਦੇਸ਼ ਧ੍ਰੋਹੀ ਦਾ ਕੇਸ ਦਰਜ



ਕਰਵਾਉਣ ਲਈ ਤੇ ਸਾਢੇ 13 ਕਰੋੜ ਵੋਟਾਂ ਕੱਟਣ ਦੇ ਵਿਰੋਧ ਵਿਚ ਡੀ.ਸੀ. ਦਫ਼ਤਰ ਅੰਮ੍ਰਿਤਸਰ ਵਿਚ ਧਰਨਾ ਦਿੱਤਾ ਜਾਵੇਗਾ। ਇਹ ਜਾਣਕਾਰੀ ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ ਨੇ ਕਾਮਰੇਡ ਸਵਿੰਦਰ ਸਿੰਘ ਮੀਰਾਂਕੋਟ ਤੇ ਸਾਥੀ ਅਮਰੀਕ ਸਿੰਘ ਸੰਗਤਪੁਰੇ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਉਪਰੰਤ ਦਿੱਤੀ। ਉਨ੍ਹਾਂ ਪੱਤਰਕਾਰਾਂ ਨੂੰ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨਰ ਵੱਲੋਂ ਮੋਦੀ ਤੇ ਅਮਿਤ ਸ਼ਾਹ ਦੀ ਸ਼ਹਿ 'ਤੇ 13 ਕਰੋੜ ਤੋਂ ਵੱਧ ਵੋਟਾਂ ਕੱਟ ਦਿੱਤੀਆਂ ਗਈਆਂ ਹਨ। ਇਨ੍ਹਾਂ ਵੋਟਾਂ ਨੂੰ ਬਹਾਲ ਕਰਵਾਉਣ ਤੇ ਐੱਸਆਈਆਰ ਨੂੰ ਖ਼ਤਮ ਕਰਵਾਉਣ ਲਈ ਸਾਰੇ ਦੇਸ਼ ਵਿਚ ਧਰਨੇ ਦਿੱਤੇ ਜਾ ਰਹੇ ਹਨ। ਇਸ ਸਬੰਧ ਵਿਚ 23 ਅਕਤੂਬਰ ਨੂੰ ਅੰਮ੍ਰਿਤਸਰ ਡੀਸੀ ਦਫ਼ਤਰ ਵਿਚ ਦਿੱਤੇ ਜਾਣ ਵਾਲੇ ਰੋਸ ਧਰਨੇ ਵਿਚ ਵੱਡੀ ਗਿਣਤੀ ਵਿਚ ਕਿਸਾਨ ਸ਼ਾਮਿਲ ਹੋਣਗੇ ਤੇ ਮੰਗ ਕਰਨਗੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਬਰਖ਼ਾਸਤ ਕਰਕੇ ਜੇਲ੍ਹ ਭੇਜਿਆ ਜਾਵੇ। ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ ਨੇ ਦੱਸਿਆ ਕਿ ਯੂਰੀਆ ਖਾਦ ਦੀ ਦੁਰਵਰਤੋਂ ਰੋਕਣ ਲਈ ਚਲਾਈ ਗਈ ਜਾਂਚ ਮੁਹਿੰਮ ਤਹਿਤ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਜੀਐੱਸਟੀ ਇੰਟੈਲੀਜੈਂਸ ਨੇ ਸਾਂਝੀ ਕਾਰਵਾਈ ਕਰਦੇ ਹੋਏ ਮਜੀਠਾ ਰੋਡ ਤੋਂ 4000 ਥੈਲੇ ਜ਼ਬਤ ਕੀਤੇ, ਜੋ ਕਿ ਕਿਸਾਨਾਂ ਲਈ ਸਬਸਿਡੀ ਵਾਲੀ ਖਾਦ ਸੀ। ਇਸ ਮੌਕੇ ਪਰਚਾ ਦਰਜ ਕਰਕੇ ਦੋ ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ ਹਨ। ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਦੌਰਾਨ ਆਗੂਆਂ ਨੇ ਇਸ ਨੂੰ ਵਿਭਾਗ ਦੀ ਮਿਲੀਭੁਗਤ ਦੱਸਿਆ ਤੇ ਉੱਚ ਪੱਧਰੀ ਪੜਤਾਲ ਦੀ ਮੰਗ ਕੀਤੀ। ਇਸ ਮੀਟਿੰਗ ਵਿਚ ਕਾਮਰੇਡ ਸਤਨਾਮ ਸਿੰਘ ਅਜਨਾਲਾ, ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ, ਜਤਿੰਦਰ ਸਿੰਘ ਛੀਨਾ, ਸੁਖਰਾਮਬੀਰ ਸਿੰਘ ਲੁਹਾਰਕਾ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਕਿਸਾਨ ਸਭਾਵਾਂ ਦੇ ਆਗੂ ਹਾਜ਼ਰ ਸਨ।

## ਪਹੂਵਿੰਡ ਵਿਖੇ ਮਠਿਆਈਆਂ, ਦੇਸੀ ਘਿਓ ਤੇ ਸਰ੍ਹੋਂ ਦੇ ਤੇਲ ਦੇ ਨਮੂਨੇ ਲੈ ਕੇ ਲੈਬਾਰਟਰੀ ਜਾਂਚ ਲਈ ਭੇਜੇ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਫੂਡ ਸੇਫਟੀ ਵਿਭਾਗ ਤਰਨ ਤਾਰਨ ਵੱਲੋਂ ਪਿੰਡ ਪਹੂਵਿੰਡ 'ਚ ਮਠਿਆਈਆਂ,ਦੇਸੀ ਘਿਓ ਤੇ ਸਰੋਂ ਦੇ ਤੇਲ ਦੇ ਛੇ ਨਮੂਨੇ ਲੈ ਕੇ ਲੈਬਾਰਟਰੀ ਜਾਂਚ ਲਈ ਭੇਜੇ ਗਏ ਹਨ।ਇਹ ਕਾਰਵਾਈ ਸਿਹਤ ਮੰਤਰੀ ਅਤੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਕਮਿਸ਼ਨਰ ਕੰਵਲਪ੍ਰੀਤ ਬਰਾੜ ਪਾਸੋਂ ਪ੍ਰਾਪਤ ਹਦਾਇਤਾਂ ਮਗਰੋਂ ਡਿਪਟੀ ਕਮਿਸ਼ਨਰ ਤਰਨਤਾਰਨ ਰਾਹੁਲ ਅਤੇ ਸਿਵਲ ਸਰਜਨ ਡਾ. ਸੰਦੀਪ ਧਵਨ ਦੀ ਅਗਵਾਈ ਹੇਠ ਕੀਤੀ ਗਈ। ਚੈਕਿੰਗ ਟੀਮ ਦੀ ਅਗਵਾਈ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਸੁਖਬੀਰ ਕੌਰ ਤੇ ਫੂਡ ਸੇਫਟੀ ਅਫ਼ਸਰ ਅਸ਼ਵਨੀ ਕੁਮਾਰ ਵੱਲੋਂ ਕੀਤੀ ਗਈ।ਜਾਂਚ ਦੌਰਾਨ ਮਠਿਆਈਆਂ ਤਿਆਰ ਕਰਨ ਵਾਲੇ ਫੂਡ ਬਿਜ਼ਨਸ ਆਪਰੇਟਰਾਂ ਨੂੰ ਮਠਿਆਈਆਂ ਵਿੱਚ ਸਿਰਫ਼ ਐੱਫ. ਐੱਸ. ਐੱਸ. ਏ. ਆਈ. ਵੱਲੋਂ ਮਨਜ਼ੂਰਸ਼ੁਦਾ ਰੰਗਾਂ ਦੀ ਵਰਤੋਂ ਕਰਨ ਤੋਂ ਇਲਾਵਾ ਦੁਕਾਨਾਂ ਅਤੇ ਖਾਣ-ਪੀਣ ਦੀਆਂ ਵਸਤਾਂ ਤਿਆਰ ਕਰਨ ਵਾਲੀਆਂ ਥਾਵਾਂ 'ਤੇ



ਸਫ਼ਾਈ ਰੱਖਣ, ਕਰਮਚਾਰੀਆਂ ਦੀ ਨਿਯਮਤ ਡਾਕਟਰੀ ਜਾਂਚ ਕਰਵਾਉਣ ਅਤੇ ਐੱਫ. ਐੱਸ. ਐੱਸ. ਏ. ਆਈ. ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ, ਖਾਧ ਪਦਾਰਥ ਤਿਆਰ ਕਰਨ ਲਈ ਪੀਣ ਯੋਗ ਪਾਣੀ ਦੀ ਵਰਤੋਂ ਕਰਨ, ਭੋਜਨ ਨੂੰ ਦੂਸ਼ਿਤ ਹੋਣ ਤੋਂ ਬਚਾਉਣ, ਵਸਤੂਆਂ ਨੂੰ ਸਹੀ ਤਾਪਮਾਨ 'ਤੇ ਸਟੋਰ ਕਰਨ ਤੇ ਕੀੜੇ-ਮਕੌੜਿਆਂ ਤੇ ਚੂਹਿਆਂ ਤੋਂ ਸੁਰੱਖਿਅਤ ਰੱਖਣ ਸੰਬੰਧੀ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਸੁਖਬੀਰ ਕੌਰ ਦਾ ਕਹਿਣਾ ਸੀ ਕਿ ਤਿਉਹਾਰਾਂ ਦੇ ਮੱਦੇਨਜ਼ਰ ਪੂਰੇ ਜ਼ਿਲ੍ਹੇ ਵਿੱਚ ਜਾਂਚ ਨਮੂਨੇ ਲੈਣ ਅਤੇ ਨਿਗਰਾਨੀ ਦੀ ਪ੍ਰਕਿਰਿਆ ਤੇਜ਼ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਿਲਾਵਟੀ ਖਾਧ ਪਦਾਰਥ ਤਿਆਰ ਕਰਨ ਤੇ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਮੰਦਰ ਸ਼੍ਰੀ ਕਾਲੀ ਦੁਆਰਾ ਵਿਖੇ ਦੁਰਗਾ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਮੰਦਰ ਸ਼੍ਰੀ ਕਾਲੀ ਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਦਰ ਸ਼੍ਰੀ ਕਾਲੀ ਦੁਆਰਾ ਮੇਨ ਬਾਜ਼ਾਰ ਕਾਦੀਆਂ ਵਿਖੇ ਸ਼੍ਰੀ ਦੁਰਗਾ ਅਸ਼ਟਮੀ ਦਾ ਪਵਿੱਤਰ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਵਿਧਾਨ ਸਭਾ ਹਲਕਾ ਕਾਦੀਆਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਗੁਰਇਕਬਾਲ ਸਿੰਘ ਮਾਹਲ ਆਪਣੀ ਧਰਮ ਪਤਨੀ



ਸਮੇਤ ਮੰਦਿਰ ਵਿਖੇ ਨਤਮਸਤਕ ਹੋਏ।ਇਸ ਧਾਰਮਿਕ ਸਮਾਗਮ ਦੀ ਸ਼ੁਰੂਆਤ ਹਵਨ-ਯੱਗ ਨਾਲ ਕੀਤੀ ਗਈ।ਇਸ ਦੌਰਾਨ ਸਰਦਾਰ ਗੁਰਇਕਬਾਲ ਸਿੰਘ ਮਾਹਲ ਅਤੇ ਉਨ੍ਹਾਂ ਦੀ ਧਰਮ ਪਤਨੀ, ਡਾਕਟਰ ਤਿਲਕ ਰਾਜ ਅਤੇ ਉਨ੍ਹਾਂ ਦੀ ਧਰਮ ਪਤਨੀ, ਸਰਦਾਰ ਜਸਵੰਤ ਸਿੰਘ ਅਤੇ ਉਨ੍ਹਾਂ ਦੀ ਧਰਮ ਪਤਨੀ, ਸ਼੍ਰੀ ਵੀਰੂ ਸੇਠ ਜੀ ਅਤੇ ਉਨ੍ਹਾਂ ਦੀ ਧਰਮਪਤਨੀ ਸਮੇਤ ਹੋਰ ਸ਼ਰਧਾਲੂਆਂ ਨੇ ਹਵਨ-ਯੱਗ ਵਿੱਚ ਆਹੂਤੀਆਂ ਪਾ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਝੰਡਾ ਚੜ੍ਹਾਉਣ ਦੀ ਰਸਮ ਸਰਦਾਰ ਗੁਰਇਕਬਾਲ ਸਿੰਘ ਮਾਹਲ ਵੱਲੋਂ ਅਦਾ ਕੀਤੀ ਗਈ।ਇਸ ਮੌਕੇ ਸਰਦਾਰ ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਦੁਰਗਾ ਅਸ਼ਟਮੀ ਦਾ ਪਵਿੱਤਰ ਤਿਉਹਾਰ ਦੇਸ਼-ਵਿਦੇਸ਼ ਵਿੱਚ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਹ ਤਿਉਹਾਰ ਸਾਨੂੰ ਮਾਤਾ ਰਾਣੀ ਦੀ ਭਗਤੀ ਕਰਨ, ਸੱਚਾਈ ਦੇ ਮਾਰਗ 'ਤੇ ਚੱਲਣ ਅਤੇ ਸਮਾਜ ਵਿੱਚ ਪਿਆਰ, ਸਦਭਾਵਨਾ ਤੇ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਮੰਦਿਰ ਕਮੇਟੀ ਦੇ ਪ੍ਰਧਾਨ ਪਵਨ ਕੁਮਾਰ ਪਾਟੀਆ ਨੇ ਕਿਹਾ ਕਿ ਮੰਦਿਰ ਕਮੇਟੀ ਵੱਲੋਂ ਧਾਰਮਿਕ ਸਮਾਗਮਾਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਜਾਂਦਾ ਹੈ।ਇਸ ਮੌਕੇ ਮੰਦਰ ਵਿਖੇ ਮਾਤਾ ਰਾਣੀ ਦੇ ਜੈਕਾਰਿਆਂ ਨਾਲ ਸਾਰਾ ਵਾਤਾਵਰਨ ਭਗਤੀਮਈ ਹੋ ਗਿਆ ਅਤੇ ਸ਼ਰਧਾਲੂਆਂ ਨੇ ਮਾਤਾ ਰਾਣੀ ਅੱਗੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਚੇਅਰਮੈਨ ਰਾਜਿੰਦਰ ਕੁਮਾਰ ਭਾਟੀਆ, ਪ੍ਰਧਾਨ ਪਵਨ ਕੁਮਾਰ ਭਾਮੜੀ ਪ੍ਰਧਾਨ ਭੈਰੋ ਮੰਦਿਰ ਕਮੇਟੀ, ਉਪ ਪ੍ਰਧਾਨ ਅਮਿਤ ਕੁਮਾਰ ਭਾਟੀਆ, ਸੁਰਿੰਦਰ ਭਾਟੀਆ, ਅਸ਼ੋਕ ਕੁਮਾਰ ਨਈਅਰ, ਅਨਿਲ ਗੁਪਤਾ, ਗੌਰਵ ਭਨੋਟ, ਗਗਨ ਜੋਜਰਾ, ਲਲਿਤ ਭਨੋਟ, ਰਾਜੀਵ ਭਾਟੀਆ, ਰਾਕੇਸ਼ ਕੁਮਾਰ, ਸ਼ਾਮ ਸੁੰਦਰ ਸ਼ਰਮਾ, ਬੱਬਲ ਮਹਾਜਨ, ਵਿਨੋਦ ਕੁਮਾਰ, ਰਜਤ ਮਹਾਜਨ, ਵਰਿੰਦਰ ਕੁਮਾਰ ਮਹਾਜਨ, ਅਨੀਸ਼ ਬੱਲਗਨ, ਰਾਹੁਲ ਜੋਜੜਾ, ਭਗਤ ਮੋਤੀ ਲਾਲ, ਮੋਤੀ ਲਾਲ ਟੇਲਰ, ਪੰਕਜ ਸਿੰਘ, ਰਾਹੁਲ ਮਹਿਰਾ, ਸਤਨਾਮ ਸਿੰਘ ਭਾਟੀਆ, ਸਾਜਨ ਮਹਾਜਨ, ਅਨਿਲ ਗੁਪਤਾ, ਪੂਰਨ ਚੰਦ ਪੂਰੀ, ਅਮਿਤ ਸ਼ਰਮਾ, ਹੀਰਾ ਲਾਲ, ਸੋਨੂ, ਵਿਸ਼ਾਲ ਬਲੱਗਣ, ਡਿੰਪਲ ਵਰਮਾ, ਗੋਲਡੀ ਖੋਸਲਾ, ਰਾਹੁਲ ਮਹਿਰਾ, ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਸਰਕਾਰੀ ਆਈਟੀਆਈ ਹੁਸ਼ਿਆਰਪੁਰ ਵਿਖੇ ਨਸ਼ਿਆਂ ਵਿਰੁੱਧ ਸੈਮੀਨਾਰ ਆਯੋਜਿਤ

**ਹੁਸ਼ਿਆਰਪੁਰ** -ਪਿਛਲੇ ਦਿਨੀਂ ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਇੱਕ ਸੈਮੀਨਾਰ ਕਰਵਾਇਆ ਗਿਆ ਜਿਸਦੀ ਅਗਵਾਈ ਡਿਪਟੀ ਡਾਇਰੈਕਟਰ-ਕਮ-ਪ੍ਰਿੰ. ਰੁਪਿੰਦਰ ਸਿੰਘ ਆਈ ਟੀ ਆਈ ਹੁਸ਼ਿਆਰਪੁਰ ਵੱਲੋਂ ਕੀਤੀ ਗਈ। ਇਸ ਮੌਕੇ ਉੱਘੀ ਸ਼ਖ਼ਸੀਅਤ ਡਾਕਟਰ ਅਮਿਤ ਕਾਂਸਲ ਐੱਨ ਐੱਚ ਪੀ ਸੀ ਮਨਿਸਟਰੀ ਆਫ ਪਾਵਰ ਗਵਰਨਮੈਂਟ ਆਫ ਇੰਡੀਆ ਫਾਊਂਡਰ ਐਂਡ ਸੀ ਈ ਓ ਕਾਂਸਲ ਫਾਊਂਡੇਸ਼ਨ ਵੱਲੋਂ ਸ਼ਮੂਲੀਅਤ ਕੀਤੀ ਗਈ।ਉਨ੍ਹਾਂ ਦੇ ਨਾਲ ਉਨ੍ਹਾਂ ਦੇ ਸਹਿਯੋਗੀ ਟੀਮ ਦੇ ਮੈਂਬਰ ਅੰਮ੍ਰਿਤਪਾਲ ਸਿੰਘ ਵੀ ਸ਼ਾਮਿਲ ਸਨ। ਇਸ ਮੌਕੇ ਡਾਕਟਰ ਅਮਿਤ ਕਾਂਸਲ ਵੱਲੋਂ ਸੰਸਥਾ ਦੇ ਸਮੂਹ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਅਤੇ ਕਿਸੇ ਵੀ ਨਸ਼ੇ ਦਾ ਸੇਵਨ ਨਾ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਅੰਮ੍ਰਿਤਪਾਲ ਸਿੰਘ ਵੱਲੋਂ ਡਾਕਟਰ ਕਾਂਸਲ ਦੀ ਜੀਵਨੀ ਉੱਤੇ ਝਾਤ ਪਾਉਂਦਿਆਂ ਸਿਖਿਆਰਥੀਆਂ ਨੂੰ ਉਨ੍ਹਾਂ ਵੱਲੋਂ ਦਿੱਤੀ ਗਈ ਸਿੱਖਿਆ ਨੂੰ ਗ੍ਰਹਿਣ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਸਟਾਫ ਅਤੇ ਸਿਖਿਆਰਥੀਆਂ ਵੱਲੋਂ ਪ੍ਰਣ ਕੀਤਾ ਗਿਆ ਕਿ ਉਨ੍ਹਾਂ ਵੱਲੋਂ ਕਿਸੇ ਵੀ ਨਸ਼ੇ ਦਾ ਸੇਵਨ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਕੋਈ ਨਸ਼ਾ ਕਰਦਾ ਹੈ ਤਾਂ ਉਸ ਨੂੰ ਨਸ਼ਾ ਕਰਨ ਤੋਂ ਰੋਕਣ ਲਈ ਪ੍ਰੇਰਿਤ ਕੀਤਾ ਜਾਵੇਗਾ।ਇਸ ਮੌਕੇ ਸੰਸਥਾ ਦੇ ਵਾਈਸ ਪ੍ਰਿੰਸੀਪਲ ਪੁਸ਼ਪਿੰਦਰ ਸਿੰਘ, ਟ੍ਰੇਨਿੰਗ ਅਫਸਰ ਦਿਆਲ ਸਿੰਘ, ਟ੍ਰੇਨਿੰਗ ਅਫਸਰ ਮੈਡਮ ਪੁਨੀਤ ਕੌਰ, ਮੈਡਮ ਰਾਜਵੰਤ ਕੌਰ ਅਤੇ ਸਮੂਹ ਸਟਾਫ ਸ਼ਾਮਿਲ ਸੀ।ਪ੍ਰਿੰਸੀਪਲ ਰੁਪਿੰਦਰ ਸਿੰਘ ਵੱਲੋਂ ਡਾਕਟਰ ਅਮਿਤ ਕਾਂਸਲ ਅਤੇ ਅੰਮ੍ਰਿਤਪਾਲ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



## ਪੀ ਡਬਲਯੂ ਐੱਸ ਅਰਲੀ ਈਅਰਜ਼ ਸਕੂਲ 'ਚ ਬੜੇ ਉਤਸ਼ਾਹ ਨਾਲ ਮਨਾਇਆ ਦੁਸਹਿਰਾ

**ਪਠਾਨਕੋਟ, (ਦਵਿੰਦਰ ਸਿੰਘ):** ਪੀਡਬਲਯੂਐੱਸ ਅਰਲੀ ਈਅਰਜ਼ ਵਿੱਚ ਦੁਸਹਿਰੇ ਦਾ ਤਿਉਹਾਰ ਉਤਸ਼ਾਹ, ਸ਼ਰਧਾ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ।ਇਸ ਸਮਾਗਮ ਦਾ ਮੁੱਖ ਉਦੇਸ਼ ਬੁਰਾਈ 'ਤੇ ਚੰਗਿਆਈ ਦੀ ਜਿੱਤ ਦੇ ਸਦੀਵੀ ਸੰਦੇਸ਼ ਨੂੰ ਉਜਾਗਰ ਕਰਨਾ ਅਤੇ ਨੰਨ੍ਹੇ ਵਿਦਿਆਰਥੀਆਂ ਨੂੰ ਭਾਰਤੀ ਪੌਰਾਣਿਕ ਕਥਾਵਾਂ, ਸੱਭਿਆਚਾਰਕ ਪਰੰਪਰਾਵਾਂ ਅਤੇ ਇਸ ਮਹੱਤਵਪੂਰਨ ਤਿਉਹਾਰ ਨਾਲ ਜੁੜੀਆਂ ਨੈਤਿਕ ਕਦਰਾਂ-ਕੀਮਤਾਂ ਤੋਂ ਜਾਣੂ ਕਰਵਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਹੈੱਡ ਮਿਸਟ੍ਰੈਸ ਸ਼੍ਰੀਮਤੀ ਈਸ਼ਾਨੀ ਰੈਨਾ ਵੱਲੋਂ ਭਗਵਾਨ ਸ੍ਰੀ ਰਾਮ ਦੀ ਕਥਾ ਸੁਣਾਉਣ ਅਤੇ ਦੁਸਹਿਰੇ ਦੀ ਮਹੱਤਤਾ ਬਾਰੇ ਸਮਝਾਉਣ ਨਾਲ ਹੋਈ।ਉਨ੍ਹਾਂ ਨੇ ਸੱਚਾਈ, ਧਰਮ, ਦਇਆ ਅਤੇ ਇਮਾਨਦਾਰੀ ਵਰਗੀਆਂ ਕਦਰਾਂ-ਕੀਮਤਾਂ 'ਤੇ ਵਿਸ਼ੇਸ਼ ਜ਼ੋਰ ਦਿੰਦਿਆਂ ਬੱਚਿਆਂ ਨੂੰ ਇਨ੍ਹਾਂ ਆਦਰਸ਼ਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਨੂੰ ਹੋਰ ਵੀ ਖ਼ਾਸ ਬਣਾਉਂਦਿਆਂ ਸਕੂਲ ਦੇ ਅਧਿਆਪਕਾਂ ਨੇ ਰਾਮਲੀਲਾ ਦੀ ਸੁੰਦਰ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ, ਜਿਸ ਵਿੱਚ ਰਾਮਾਇਣ ਦੇ ਪ੍ਰਮੁੱਖ ਪ੍ਰਸੰਗਾਂ ਨੂੰ ਦਰਸਾਇਆ ਗਿਆ।ਇਸ ਪੇਸ਼ਕਾਰੀ ਨੇ ਨੰਨ੍ਹੇ ਦਰਸ਼ਕਾਂ ਦਾ ਮਨ ਮੋਹ ਲਿਆ ਅਤੇ ਉਨ੍ਹਾਂ ਨੂੰ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਰਵਾਇਤੀ ਕਥਾਵਾਂ ਨੂੰ ਸਮਝਣ ਦਾ ਇੱਕ ਦਿਲਚਸਪ ਅਤੇ ਸੰਵਾਦਾਤਮਕ ਮੌਕਾ ਪ੍ਰਦਾਨ ਕੀਤਾ।ਪ੍ਰੋਗਰਾਮ ਦੀ ਸਮਾਪਤੀ ਭਗਵਾਨ ਸ਼੍ਰੀ ਰਾਮ ਅਤੇ ਰਾਵਣ ਵਿਚਕਾਰ ਯੁੱਧ ਦੀ ਪ੍ਰਤੀਕਾਤਮਕ ਪੇਸ਼ਕਾਰੀ ਨਾਲ ਹੋਈ, ਜਿਸ ਨੇ ਬੁਰਾਈ 'ਤੇ ਚੰਗਿਆਈ ਦੀ ਸਦੀਵੀ ਜਿੱਤ ਦਾ ਸੰਦੇਸ਼ ਦਿੱਤਾ। ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਜੈ ਸ਼੍ਰੀ ਰਾਮ ਦੇ ਜੈਕਾਰੇ ਲਗਾਏ ਅਤੇ ਪੇਸ਼ਕਾਰੀ ਦਾ ਆਨੰਦ ਮਾਣਿਆ।



## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਦਸਤਾਰਬੰਦੀ ਮੁਕਾਬਲੇ ਕਰਵਾਏ

**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸਰਦਾਰ ਹਰਤਾਜ ਸਿੰਘ ਸਿੱਧੂ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਸਿੱਖ ਵਿਰਸੇ, ਪੰਜਾਬੀ ਸੱਭਿਆਚਾਰ ਅਤੇ ਦਸਤਾਰ ਦੀ ਮਹੱਤਤਾ ਪ੍ਰਤੀ ਸਤਿਕਾਰ ਪੈਦਾ ਕਰਨ ਦੇ ਉਦੇਸ਼ ਨਾਲ ਦਸਤਾਰਬੰਦੀ ਮੁਕਾਬਲਾ ਕਰਵਾਇਆ ਗਿਆ।ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਸੁੰਦਰ ਢੰਗ ਨਾਲ ਦਸਤਾਰਾਂ ਸਜਾ ਕੇ ਆਪਣੀ ਕਲਾ ਅਤੇ ਹੁਨਰ ਦਾ ਪ੍ਰਦਰਸ਼ਨ ਵਿਖਾਉਂਦਿਆਂ ਹੋਇਆ ਬਲਜੀਤ ਸਿੰਘ ਜਮਾਤ ਨੌਵੀਂ ਨੇ ਪਹਿਲਾ ਸਥਾਨ, ਗੁਰਪ੍ਰੀਤ ਸਿੰਘ ਦਸਵੀਂ ਜਮਾਤ ਅਤੇ ਹਰਗੁਨ ਸਿੰਘ ਜਮਾਤ ਅੱਠਵੀਂ ਨੇ ਦੂਜਾ ਸਥਾਨ ਅਤੇ ਯੁਵਰਾਜ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਦਸਤਾਰ ਸਿੱਖਾਂ ਦੀ ਸ਼ਾਨ, ਸਵੈ-ਮਾਣ, ਅਨੁਸ਼ਾਸਨ ਅਤੇ ਸਤਿਕਾਰ ਦਾ ਪ੍ਰਤੀਕ ਹੈ। ਇਸ ਮੁਕਾਬਲੇ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੁੜਨ ਅਤੇ ਸਿੱਖ ਇਤਿਹਾਸ ਦੀਆਂ ਮਹਾਨ



ਪਰੰਪਰਾਵਾਂ ਨੂੰ ਸਮਝਣ ਦਾ ਮੌਕਾ ਮਿਲਿਆ। ਡਾਇਰੈਕਟਰ ਸ. ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਦੇ ਹਨ।ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਡੀ ਦਸਤਾਰ ਸਾਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਤੇ ਚੱਲਣ, ਸੱਚਾਈ ਦਾ ਸਾਥ ਦੇਣ ਅਤੇ ਹਮੇਸ਼ਾ ਉਚੇ ਆਚਰਨ ਨੂੰ ਅਪਣਾਉਣ ਦੀ ਪ੍ਰੇਰਨਾ ਦਿੰਦੀ ਹੈ।ਸਿੱਖ ਇਤਿਹਾਸ ਬਹਾਦਰੀ, ਕੁਰਬਾਨੀ ਅਤੇ ਮਨੁੱਖਤਾ ਦੀ ਸੇਵਾ ਦੀਆਂ ਅਨੇਕਾਂ ਮਿਸਾਲਾਂ ਨਾਲ ਭਰਿਆ ਹੋਇਆ ਹੈ।ਸਾਨੂੰ ਆਪਣੇ ਮਹਾਨ ਵਿਰਸੇ 'ਤੇ ਮਾਣ ਕਰਨਾ ਚਾਹੀਦਾ ਹੈ ਅਤੇ ਇਸ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣਾ ਚਾਹੀਦਾ ਹੈ।ਪ੍ਰਿੰਸੀਪਲ ਸ. ਹਰਤਾਜ ਸਿੰਘ ਸਿੱਧੂ ਨੇ ਕਿਹਾ ਕਿ ਸਕੂਲ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿੱਦਿਆ ਦੇ ਨਾਲ-ਨਾਲ ਆਪਣੇ ਇਤਿਹਾਸ, ਸੱਭਿਆਚਾਰ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨਾ ਵੀ ਹੈ। ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇਣ ਦੇ ਨਾਲ-ਨਾਲ ਪੰਜਾਬੀ ਸੱਭਿਆਚਾਰ, ਸਿੱਖ ਇਤਿਹਾਸ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨ ਲਈ ਵੀ ਯਤਨਸ਼ੀਲ ਹੈ।ਅਜਿਹੇ ਮੁਕਾਬਲੇ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਆਪਣੇ ਵਿਰਸੇ ਪ੍ਰਤੀ ਮਾਣ ਦੀ ਭਾਵਨਾ ਪੈਦਾ ਕਰਦੇ ਹਨ।ਉਨ੍ਹਾਂ ਨੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਅੰਤ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਦੀ ਸੰਭਾਲ ਕਰਨ ਅਤੇ ਦਸਤਾਰ ਦੀ ਸ਼ਾਨ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਅੱਵਲ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

## ਸੜਕ ਵਿਚਕਾਰ ਆਵਾਰਾ ਫ਼ਿਰਦੇ ਪਸ਼ੂਆਂ ਕਾਰਨ ਵਧ ਰਹੇ ਹਨ ਹਾਦਸੇ, ਜ਼ਿਲ੍ਹਾ ਪ੍ਰਸ਼ਾਸਨ ਧਿਆਨ ਦੇਵੇ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਸੜਕਾਂ 'ਤੇ ਫ਼ਿਰਦੇ ਪਸ਼ੂ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦੇ ਹਨ ਜਿਸ ਨੂੰ ਲੈ ਕੇ ਰਾਹਗੀਰ ਕਾਫ਼ੀ ਪ੍ਰੇਸ਼ਾਨ ਨਜ਼ਰ ਆ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਨਸੀਬ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ ਆਦਿ ਨੇ ਦੱਸਿਆ ਕਿ ਸੜਕਾਂ 'ਤੇ ਘੁੰਮਦੇ ਪਸ਼ੂਆਂ ਦੇ ਝੁੰਡ ਜਿੱਥੇ



ਨੁਕਸਾਨ ਕਰਦੇ ਹਨ ਅਤੇ ਅਚਾਨਕ ਸੜਕ ਵਿਚਕਾਰ ਆਉਣ ਕਰਕੇ ਵਹੀਕਲਾਂ ਨਾਲ ਟਕਰਾ ਜਾਂਦੇ ਹਨ ਜਿਸ ਨਾਲ ਕਈ ਵਾਰ ਵਹੀਕਲ ਚਾਲਕ ਜ਼ਖ਼ਮੀ ਹੋ ਕੇ ਸੱਟਾਂ ਲਗਵਾ ਕੀਮਤੀ ਜਾਨਾਂ ਵੀ ਗਵਾ ਲੈਂਦੇ ਹਨ। ਉਨ੍ਹਾਂ ਕਿਹਾ ਪ੍ਰਸ਼ਾਸਨ ਵੱਲੋਂ ਸੜਕ 'ਤੇ ਘੁੰਮਦੇ ਪਸ਼ੂਆਂ ਦੇ ਝੁੰਡਾਂ 'ਤੇ ਪਾਬੰਦੀ ਲਗਾਈ ਗਈ ਹੈ ਪਰ ਫ਼ਿਰ ਵੀ ਇਨ੍ਹਾਂ ਪਸ਼ੂਆਂ ਦੇ ਝੁੰਡ ਫ਼ਸਲਾਂ ਨੂੰ ਖ਼ਰਾਬ ਕਰਦੇ ਹਨ ਉਥੇ ਹੀ ਅਚਾਨਕ ਹੀ ਵਹੀਕਲਾਂ ਅੱਗੇ ਆ ਕੇ ਹਾਦਸਿਆਂ ਦੇ ਕਾਰਨ ਵੀ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਗੁੱਜਰਾਂ ਵੱਲੋਂ ਆਪਣੇ ਪਸ਼ੂਆਂ ਨੂੰ ਖੁੱਲ੍ਹੇਆਮ ਸੜਕਾਂ ਦੇ ਕੰਢਿਆਂ 'ਤੇ ਚਾਰਾ ਚੁਗਣ ਲਈ ਲਿਜਾਇਆ ਜਾਂਦਾ ਹੈ। ਇਹ ਪਸ਼ੂਆਂ ਦੇ ਝੁੰਡ ਸਰਕਾਰੀ ਬੂਟਿਆਂ ਦਾ ਭਾਰੀ ਆਮ ਹੀ ਸੜਕ 'ਤੇ ਫ਼ਿਰਦੇ ਦੇਖੇ ਜਾ ਸਕਦੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸੜਕ 'ਤੇ ਫ਼ਿਰਦੇ ਪਸ਼ੂਆਂ ਦੇ ਮਾਲਕਾਂ ਨੂੰ ਸਖ਼ਤ ਹਦਾਇਤਾ ਕਰਕੇ ਇਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਜਾਵੇ ਤਾਂ ਜੋ ਅਗਾਂਹ ਤੋਂ ਆਵਜਾਈ ਵਿਚ ਕੋਈ ਵਿਘਨ ਨਾ ਪੈ ਸਕੇ

## ਰਾਜੂ ਜੂਡੋ ਨੇ ਆਪਣੀ ਟੀਮ ਨਾਲ ਲੰਗੂਰ ਮੇਲੇ 'ਚ ਭਰੀ ਹਾਜ਼ਰੀ



**ਛੇਹਰਟਾ, (ਮਨੋਜ ਕੁਮਾਰ)** : ਭਾਰਤ ਭਾਰਤੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਨੇ ਲੰਗੂਰ ਮੇਲੇ ਦੌਰਾਨ ਸ਼੍ਰੀ ਦੁਰਗਿਆਣਾ ਤੀਰਥ ਸਥਿਤ ਵੱਡਾ ਹਨੂੰਮਾਨ ਮੰਦਰ ਵਿਚ ਜਥੇਬੰਦੀ ਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਟੀਮ ਨਾਲ ਮੱਥਾ ਟੇਕਿਆ। ਰਾਜ ਕੁਮਾਰ ਰਾਜੂ ਜੂਡੋ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਮੌਕੇ ਸ਼੍ਰੀ ਬਜਰੰਗ ਬਲੀ ਜੀ ਅੱਗੇ ਨਤਮਸਤਕ ਹੋ ਕੇ ਦੇਸ਼ ਤੇ ਪੰਜਾਬ ਦੇ ਵਿਕਾਸ, ਖੁਸ਼ਹਾਲੀ ਤੇ ਸੁੱਖ-ਸ਼ਾਂਤੀ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਸ਼ਾਮ ਵੇਲੇ ਮੰਦਰ ਵਿਚ ਹੋਣ ਵਾਲੀ ਆਰਤੀ ਵਿਚ ਵੀ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਾਸੀ ਹਮੇਸ਼ਾ ਆਪਣੀ ਵਿਰਾਸਤ ਨਾਲ ਜੁੜੇ ਰਹੇ ਹਨ, ਜਿਸ ਕਾਰਨ ਲੰਗੂਰ ਮੇਲਾ ਅੱਜ ਸਿਰਫ਼ ਦੇਸ਼ ਵਿਚ ਹੀ ਨਹੀਂ, ਵਿਸ਼ਵ ਵਿਚ ਵੀ ਪ੍ਰਸਿੱਧ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਧਰਮ, ਸਮਾਜ ਸੇਵਾ ਤੇ ਖੇਡਾਂ ਨਾਲ ਜੁੜਨ ਲਈ ਵੀ ਪ੍ਰੇਰਿਆ, ਤਾਂ ਜੋ ਉਹ ਨਸ਼ੇ ਤੇ ਹੋਰ ਬੁਰੀਆਂ ਆਦਤਾਂ ਤੋਂ ਬਚੇ ਰਹਿਣ। ਇਸੇ ਮੌਕੇ ਉਨ੍ਹਾਂ ਨਾਲ ਤਰੁਣ ਡੋਗਰਾ, ਰਾਜੇਸ਼ ਪਹਿਲਵਾਨ, ਰੋਹਿਤ ਕੁਮਾਰ, ਰਾਕੇਸ਼ ਸ਼ਰਮਾ, ਪੰਕਜ ਮਹਾਜਨ, ਹੈਪੀ, ਮਹੰਤ ਰਘਵਦਾਸ ਵੀ ਮੌਜੂਦ ਸਨ।

## ਬਹਿਰਾਮਪੁਰ ਚੌਕ 'ਚ ਬੱਸ ਅੱਡਾ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਤੋਂ 8 ਕਿਲੋਮੀਟਰ ਦੂਰ ਪੈਂਦੇ ਕਸਬਾ ਬਹਿਰਹਰਾਮਪੁਰ ਦੇ ਬੱਸ ਅੱਡਾ ਚੌਕ ਵਿੱਚ ਬਸ ਸ਼ੈਡ ਤੋਂ ਇਲਾਵਾ ਹੋਰ ਕੋਈ ਵੀ ਸਹੂਲਤ ਨਾ ਹੋਣ ਕਰਕੇ ਇਲਾਕਾ ਵਾਸੀਆਂ ਦਾ ਪ੍ਰਸ਼ਾਸ਼ਨ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਕਸਬਾ ਪਾਕਿਸਤਾਨ ਬਾਰਡਰ ਏਰੀਏ ਦਾ ਮਸ਼ਹੂਰ ਕਸਬਾ ਨਾਲ ਵੱਡੀ



ਗਿਣਤੀ ਵਿੱਚ ਪਿੰਡ ਲੱਗਦੇ ਹਨ। ਲੋਕਾਂ ਨੇ ਦੱਸਿਆ ਕਿ ਇਸ ਚੌਕ ਵਿਚੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਬੱਸਾਂ ਦੀਨਾਨਗਰ, ਦੋਰਾਂਗਲਾ, ਗਾਹਲੜੀ, ਝਬਕਰਾ ਅਤੇ ਗੁਰਦਾਸਪੁਰ ਆਦਿ ਸ਼ਹਿਰਾਂ ਤੇ ਕਸਬਿਆਂ ਨੂੰ ਆਉਂਦੀਆਂ ਜਾਂਦੀਆਂ ਹਨ। ਬੱਸਾਂ ਦੀ ਗਿਣਤੀ ਕਾਫੀ ਹੋਣ ਦੇ ਬਾਵਜੂਦ ਬੱਸਾਂ ਦੀ ਉਡੀਕ ਕਰਨ ਵਾਲੇ ਲੋਕਾਂ ਲਈ ਕੋਈ ਬੱਸ ਸ਼ੈਡ ਇੱਥੇ ਨਹੀਂ ਹੈ ਜਿਸ ਕਾਰਨ ਲੋਕਾਂ ਨੂੰ ਅੱਤ ਦੀ ਗਰਮੀ ਅਤੇ ਭਾਰੀ ਠੰਡ ਵਿੱਚ ਬੱਸਾਂ ਦੀ ਉਡੀਕ ਖੁੱਲ੍ਹੇ ਅਸਮਾਨ ਹੇਠ ਕਰਨੀ ਪੈਂਦੀ ਹੈ। ਇਸ ਚੌਕ ਵਿੱਚ ਕੋਈ ਵੀ ਸਪੀਡ ਬਰੇਕਰ ਵੀ ਨਹੀਂ ਹੈ ਅਤੇ ਵਾਹਨ ਚਾਲਕ ਤੇਜ਼ ਰਫ਼ਤਾਰ ਨਾਲ ਇਥੋਂ ਗੁਜ਼ਰਦੇ ਹਨ ਜਿਸ ਕਾਰਨ ਕਿਸੇ ਵੀ ਕੋਈ ਹਾਦਸਾ ਵਗੈਰਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਨੇ ਦੱਸਿਆ ਕਿ ਕਈ ਵਾਰ ਇਸ ਚੌਕ ਵਿਚ ਹਾਦਸੇ ਵੀ ਵਾਪਰ ਚੁੱਕੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਬਹਿਰਾਮਪੁਰ ਚੌਕ ਵਿਚ ਕੋਈ ਪੱਕਾ ਬੱਸ ਅੱਡਾ ਬਣਾਉਣ ਤੋਂ ਇਲਾਵਾ ਲੋਕਾਂ ਦੀ ਸਹੂਲਤ ਲਈ ਬਾਕੀ ਵੀ ਪ੍ਰਬੰਧ ਕੀਤੇ ਜਾਣ।

## ਆਰਤੀ ਸ਼ਿਵ ਦੁਰਗਾ ਮੰਦਰ ਵਿਖੇ ਮਾਤਾ ਦੀ ਚੌਂਕੀ ਦਾ ਆਯੋਜਨ

**ਅੰਮ੍ਰਿਤਸਰ (ਅਰੋੜਾ)**-ਦੁਰਗਾ ਅਸ਼ਟਮੀ ਦੇ ਮੌਕੇ ਆਰਤੀ ਸ਼ਿਵ ਦੁਰਗਾ ਮੰਦਰ



ਕਰਤਾਰ ਨਗਰ ਛੇਹਰਟਾ ਵਿਖੇ ਪਰਮ ਸੰਤ ਅਦ੍ਵੈਤ ਸਰੂਪ ਮਾਤਾ ਆਰਤੀ ਦੇਵਾ ਦੇ ਆਸ਼ੀਰਵਾਦ ਨਾਲ ਮਾਤਾ ਦੀ ਚੌਂਕੀ ਦਾ ਆਯੋਜਨ ਕੀਤਾ ਗਿਆ। ਭਾਰੀ ਗਿਣਤੀ ਵਿੱਚ ਦੂਰ-ਦੁਰਾਡੇ ਤੋਂ ਆਉਣ ਵਾਲੀ ਸੰਗਤ ਮਾਂ ਦੇ ਦਰਬਾਰ ਵਿੱਚ ਨਤਮਸਤਕ ਹੋਣ ਲਈ ਵਿਸ਼ੇਸ਼ ਤੌਰ ਤੇ ਪਹੁੰਚੀ।ਪ੍ਰਸਿੱਧ ਭਜਨ ਮੰਡਲੀਆਂ ਨੇ ਮਹਾਮਾਈ ਦਾ ਮਧੁਰ ਧੁਨੀ ਰਾਹੀਂ ਗੁਣਗਾਨ ਕੀਤਾ।ਇਸ ਮੌਕੇ ਰੋਟਰੀ ਕਲੱਬ ਨਾਰਥ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ ਵਿਸ਼ੇਸ਼ ਤੌਰ ਤੇ ਨਤਮਸਤਕ ਹੋਏ।ਇਸ ਮੌਕੇ ਮੰਦਿਰ ਦੇ ਮੁੱਖ ਸੇਵਕ ਸੁਮਿਤ ਸ਼ਾਸਤਰੀ ਤੇ ਆਰਤੀ ਦੇਵਾ ਨੇ ਸੰਜੇ ਮਲਿਕ ਨੂੰ ਮਹਾਮਾਈ ਦਾ ਸਿਰੋਪਾ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਮੰਦਰ ਦੇ ਸੇਵਾਦਾਰ ਪਵਨ ਅਰੋੜਾ, ਸਮਾਜ ਸੇਵਕ ਰਜਿੰਦਰ ਪਲਾਹ, ਬਿੱਲੂ ਭਗਤ, ਸੋਹਣ ਲਾਲ, ਮੋਹਨ ਲਾਲ ਅਤੇ ਮੰਦਰ ਕਮੇਟੀ ਦੇ ਸਮੂਹ ਅਹੁਦੇਦਾਰ ਮੌਜੂਦ ਸਨ।

## 10 ਪਿਸਤੌਲਾਂ ਤੇ 1 ਕਿਲੋ ਹੈਰੋਇਨ ਸਮੇਤ ਤਿੰਨ ਕਾਬੂ

**ਛੇਹਰਟਾ/ਖਾਸਾ/ਅਟਾਰੀ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਸਤਬੀਰ ਭੀਲ)** : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਵੱਡੀ ਸਫ਼ਲਤਾ ਦਰਜ ਕਰਦਿਆਂ ਨਸ਼ਾ ਤਸਕਰੀ ਤੇ ਗ਼ੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕ ਦੇ ਤਿੰਨ ਕਾਰਕੁੰਨਾਂ ਨੂੰ 10 ਪਿਸਤੌਲਾਂ ਅਤੇ 1.022 ਕਿਲੋ ਹੈਰੋਇਨ ਨਾਲ ਗ੍ਰਿਫ਼ਤਾਰ ਕਰਕੇ ਇਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ



ਪਛਾਣ ਗੌਤਮ ਉਰਫ਼ ਅਜੈ (28) ਜੋ ਪੇਸ਼ੇ ਤੋਂ ਬਾਊਂਸਰ ਹੈ ਤੇ ਪਿੰਡ ਸੈਂਹਸਰਾ ਖੁਰਦ ਦਾ ਰਹਿਣ ਵਾਲਾ ਹੈ, ਰਵੀ ਸ਼ੇਰ ਸਿੰਘ (22) ਵਾਸੀ ਪਿੰਡ ਗੁਰੂ ਕਾ ਬਾਗ਼ ਤੇ ਰਾਜਬੀਰ ਸਿੰਘ ਉਰਫ਼ ਰਾਜਾ (24) ਵਾਸੀ ਪਿੰਡ ਬਾਸਰਕੇ ਭੈਣੀ ਤੇ ਮੌਜੂਦਾ ਸਮੇਂ ਵਿਚ ਪਾਲ ਐਵੇਨਿਊ (ਅੰਮ੍ਰਿਤਸਰ ਦਿਹਾਤੀ) ਵਿਚ ਰਹਿ ਰਿਹਾ ਹੈ; ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿਚ ਤਿੰਨ 9 ਐੱਮ.ਐੱਮ. ਗਲੋਕ ਪਿਸਤੌਲ ਤੇ ਸੱਤ .30 ਬੋਰ ਪਿਸਤੌਲ ਸ਼ਾਮਲ ਹਨ। ਪੁਲਿਸ ਟੀਮਾਂ ਨੇ ਤਸਕਰੀ ਲਈ ਵਰਤਿਆ ਜਾ ਰਿਹਾ ਇਕ ਮੋਟਰਸਾਈਕਲ ਵੀ ਬਰਾਮਦ ਕੀਤਾ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿਚ ਸਨ, ਜੋ ਮੁਲਜ਼ਮਾਂ ਨੂੰ ਗ਼ੈਰ-ਕਾਨੂੰਨੀ ਹਥਿਆਰ ਮੁਹੱਈਆ ਕਰਵਾਉਂਦੇ ਸਨ ਤਾਂ ਜੋ ਇਹ (ਹਥਿਆਰ) ਅੱਗੇ ਸਪਲਾਈ ਕੀਤੇ ਜਾ ਸਕਣ। ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ (ਸੀ.ਪੀ.) ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਪੁਲਸ ਟੀਮਾਂ ਨੇ ਖ਼ੁਫ਼ੀਆ ਇਤਲਾਹ 'ਤੇ ਕਾਰਵਾਈ ਕਰਦਿਆਂ ਥਾਣਾ ਕੈਂਟ ਖੇਤਰ ਤੋਂ ਗੌਤਮ ਉਰਫ਼ ਅਜੈ ਅਤੇ ਰਵੀ ਸ਼ੇਰ ਸਿੰਘ ਨੂੰ ਦੋ ਗਲੋਕ ਪਿਸਤੌਲਾਂ ਤੇ ਇਕ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੱਸਿਆ ਕਿ ਸਖ਼ਤੀ ਨਾਲ ਪੁੱਛਗਿੱਛ ਕਰਨ 'ਤੇ ਮੁਲਜ਼ਮ ਗੌਤਮ ਦੇ ਖੁਲਾਸੇ 'ਤੇ ਪੁਲਸ ਨੇ ਸੱਤ ਹੋਰ ਪਿਸਤੌਲ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ ਅਗਲੇਰੀ ਤਫ਼ਤੀਸ਼ ਦੌਰਾਨ ਪੁਲਸ ਟੀਮਾਂ ਨੇ ਉਨ੍ਹਾਂ ਦੇ ਤੀਜੇ ਸਾਥੀ, ਜਿਸ ਦੀ ਪਛਾਣ ਰਾਜਬੀਰ ਸਿੰਘ ਉਰਫ਼ ਰਾਜਾ ਵਜੋਂ ਹੋਈ ਹੈ, ਨੂੰ ਵੀ ਗ੍ਰਿਫ਼ਤਾਰ ਕਰ ਲਿਆ। ਉਸ ਕੋਲੋਂ ਇਕ ਹੋਰ .30 ਬੋਰ ਪਿਸਤੌਲ ਤੇ 1.022 ਕਿਲੋ ਹੈਰੋਇਨ ਬਰਾਮਦ ਕੀਤੀ ਗਈ, ਜਿਸ ਨਾਲ ਹੁਣ ਤੱਕ ਕੁੱਲ ਦਸ ਪਿਸਤੌਲਾਂ ਦੀ ਬਰਾਮਦਗੀ ਕੀਤੀ ਗਈ ਹੈ। ਸੀ.ਪੀ. ਨੇ ਦੱਸਿਆ ਕਿ ਗੌਤਮ ਤੇ ਰਾਜਬੀਰ ਦੋਵਾਂ ਦਾ ਹੀ ਅਪਰਾਧਿਕ ਪਿਛੋਕੜ ਹੈ। ਗੌਤਮ ਵਿਰੁੱਧ ਪਹਿਲਾਂ ਹੀ ਆਰਮਜ਼ ਐਕਟ ਤੇ ਐਨ.ਡੀ.ਪੀ.ਐਸ. ਐਕਟ ਤਹਿਤ ਦੋ ਮਾਮਲੇ ਦਰਜ ਹਨ, ਜਦਕਿ ਰਾਜਬੀਰ ਵਿਰੁੱਧ ਐੱਨ. ਡੀ. ਪੀ. ਐੱਸ. ਐਕਟ ਤਹਿਤ ਪੰਜ ਮਾਮਲੇ ਚੱਲ ਰਹੇ ਹਨ। ਇਸ ਸਬੰਧ ਵਿਚ ਮਾਮਲਾ ਥਾਣਾ ਕੈਂਟ ਵਿਚ ਦਰਜ ਕੀਤਾ ਗਿਆ ਹੈ।

## ਸ਼ੋਭਾ ਯਾਤਰਾ ਦਾ ਨਿੱਘਾ ਸਵਾਗਤ



**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਵਾਲਮੀਕਿ ਧਰਮ ਸਮਾਜ (ਭਾਵਧਾਸ) ਭਾਰਤ ਦੀ ਅਗਵਾਈ ਹੇਠ ਭਗਵਾਨ ਵਾਲਮੀਕਿ ਦੇ ਜਨਮ ਦਿਵਸ ਦੇ ਸਬੰਧ ਵਿਚ ਹਿਮਾਚਲ ਪ੍ਰਦੇਸ਼ ਤੋਂ ਤੀਜੀ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ ਸੀ। ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਸੰਨੀ ਜੈਕਸਨ ਨੇ ਦੱਸਿਆ ਕਿ ਇਸ ਸ਼ੋਭਾ ਯਾਤਰਾ ਦਾ ਅੰਮ੍ਰਿਤਸਰ ਪੁੱਜਣ 'ਤੇ ਭਾਵਧਾਸ ਭਾਰਤ ਦੇ ਮੁੱਖ ਸੰਚਾਲਕ ਵਿਜੇ ਦਾਨਵ ਦੀ ਅਗਵਾਈ ਵਿਚ ਨਿੱਘਾ ਸਵਾਗਤ ਕੀਤਾ। ਇਸ ਮੌਕੇ ਨਰੇਸ਼ ਸਸਗੋਰ, ਵਿਸ਼ਾਲ ਚੌਹਾਨ, ਰਾਜ ਕੁਮਾਰ, ਸੰਨੀ ਕੁਮਾਰ, ਸਾਗਰ, ਸ਼ੁਭਮ ਸਮੇਤ ਜਥੇਬੰਦੀ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਅਹੁਦੇਦਾਰ ਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਕੀਰਤਨ ਦਰਬਾਰ ਸੁਸਾਇਟੀ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**-ਸ਼ਹਿਰ ਦੀ ਸਭ ਤੋਂ ਪੁਰਾਣੀ ਸੰਸਥਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ: ਪੱਟੀ ਵੱਲੋਂ ਸੰਗਤ ਦੇ ਸਹਿਯੋਗ ਦੇ ਨਾਲ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੇਣ ਦੀ ਸੇਵਾ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ। ਬਾਬਾ ਦੀਪ ਸਿੰਘ ਜੀ ਦੀ ਕਿਰਪਾ ਨਾਲ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਦੇ ਨਾਲ ਹਰ ਮਹੀਨੇ ਸੰਗਤ ਦੇ ਉਦਮ ਦੇ ਨਾਲ ਇਹ ਸਾਰੀਆਂ ਸੇਵਾਵਾਂ ਚੱਲ ਰਹੀਆਂ ਹਨ ਰਾਸ਼ਨ ਦੇਣ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਜੀ ਦੇ ਗ੍ਰੰਥੀ ਸਿੰਘ ਭਾਈ ਕੁਲਵਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਹ ਜਾਣਕਾਰੀ ਸੋਸਾਇਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਨੇ ਪ੍ਰੈੱਸ ਨੂੰ ਦਿੱਤੀ। ਗੁਰਦੁਆਰਾ ਬੀਬੀ ਰਜਨੀ ਜੀ ਦੇ ਪ੍ਰਧਾਨ ਬਲਬੀਰ ਸਿੰਘ ਲੋਹਾਰੀਆ, ਅਵਤਾਰ ਸਿੰਘ ਸੇਵਾ ਸਿੰਘ ਦੀ ਹੱਟੀ, ਭਾਈ ਕੰਵਲਜੀਤ ਸਿੰਘ ਰਾਗੀ ਜੱਥਾ ਪੱਟੀ ਵਾਲੇ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਅੰਮ੍ਰਿਤਪਾਲ ਸਿੰਘ, ਡਾਕਟਰ ਵੀਰ ਪਾਲ ਕੌਰ, ਇੰਸਪੈਕਟਰ ਦਰਸ਼ਨ ਸਿੰਘ, ਜਸਪਾਲ ਸਿੰਘ ਮੈਡੀਕਲ ਸਟੋਰ, ਮਨਕੀਰਤ ਸਿੰਘ ਕਨੇਡਾ, ਡਾ. ਸਰਬਪ੍ਰੀਤ ਸਿੰਘ, ਅਮਿਤ ਸਿੰਘ, ਇਕਬਾਲ ਸਿੰਘ, ਹਰਪ੍ਰੀਤ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਮਾਸਟਰ ਅਰਸ਼ਦੀਪ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਮਹਿਲ ਸਿੰਘ ਸਿੱਧੂ ਕੈਪਟਨ, ਮਾਸਟਰ ਸਤਨਾਮ ਸਿੰਘ, ਗੁਰਸੇਵਕ ਸਿੰਘ ਪਟਵਾਰੀ, ਨਿਰਮਲ ਸਿੰਘ ਕਿਰਪਾਨਾਂ ਵਾਲੇ, ਬਲਜਿੰਦਰ ਸਿੰਘ ਬੀਟੀ, ਪ੍ਰਧਾਨ ਸੁਰਜੀਤ ਸਿੰਘ, ਸੰਦੀਪ ਸਿੰਘ ਨਗਰ ਕੌਂਸਲ, ਜੋਬਨਜੀਤ ਸਿੰਘ ਪਟਿਆਲਾ, ਕੁਲਵਿੰਦਰ ਸਿੰਘ ਮਿਠੂ, ਗੁਰਨਾਮ ਸਿੰਘ ਅਮਨਦੀਪ ਸਿੰਘ ਕਲਸੀ, ਹਰਚਰਨ ਸਿੰਘ, ਪ੍ਰਭਜੋਤ ਸਿੰਘ, ਜਗਤਾਰ ਸਿੰਘ, ਜਗਦੀਪ ਸਿੰਘ ਭਾਟੀਆ, ਅਜੇਪਾਲ ਸਿੰਘ, ਕਾਕਾ ਕੁਲਵਿੰਦਰ ਸਿੰਘ, ਬਲਦੇਵ ਸਿੰਘ ਲਵ ਗਾਰਮੈਂਟਸ ਵਾਲੇ, ਸਮਸੇਰ ਸਿੰਘ ਰਾਣਾ ਡੁਬਈ ਵਾਲੇ , ਅੰਗਰੇਜ਼ ਸਿੰਘ ਫ਼ੌਜੀ ਆਦਿ ਹਾਜ਼ਰ ਸਨ।

## ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਦੁਸਹਿਰੇ ਦਾ ਆਯੋਜਨ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਦੁਸਹਿਰੇ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਧੂਮਧਾਮ




ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਦੁਸਹਿਰੇ ਦੇ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਦੁਸਹਿਰਾ ਬੁਰਾਈ ਉਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ।ਇਹ ਤਿਉਹਾਰ ਸਾਨੂੰ ਸੱਚਾਈ, ਨੇਕੀ ਅਤੇ ਧਰਮ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਇਸ ਮੌਕੇ ਬੱਚਿਆਂ ਨੂੰ ਭਗਵਾਨ ਸ਼੍ਰੀ ਰਾਮ ਜੀ ਦੇ ਜੀਵਨ ਅਤੇ ਰਾਵਣ ਉੱਤੇ ਉਨ੍ਹਾਂ ਦੀ ਜਿੱਤ ਦੀ ਕਥਾ ਬਾਰੇ ਵੀ ਦ ਿ ਸ ਆ ਗਿਆ।ਵਿਦਿਆਰਥੀਆਂ ਨੇ ਇਸ ਤਿਉਹਾਰ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਸਕੂਲ ਦੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਐੱਮ. ਡੀ. ਸਰਦਾਰ ਤਜਿੰਦਰ ਸਿੰਘ, ਸਕੱਤਰ ਸਰਦਾਰ ਬਨਵੀਰ ਸਿੰਘ, ਮੈਨੇਜਮੈਂਟ ਮੈਂਬਰ ਸੰਗੀਤ ਕੌਰ ਅਤੇ ਪ੍ਰਿੰਸੀਪਲ ਮੈਡਮ ਨਵਜੋਤੀ ਨੇ ਸਾਰਿਆਂ ਨੂੰ ਦੁਸਹਿਰੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਚੰਗੇ ਸੰਸਕਾਰ ਅਪਣਾਉਣ ਅਤੇ ਹਮੇਸ਼ਾ ਸੱਚਾਈ ਤੇ ਨੇਕੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਆਰ. ਡੀ. ਖੋਸਲਾ ਸਕੂਲ ਦੇ ਖਿਡਾਰੀਆਂ ਦਾ ਪੰਜਾਬ ਸਕੂਲ ਜ਼ਿਲ੍ਹਾ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਬਟਾਲਾ (ਡਾ. ਮਲਵਿੰਦਰ ਸਿੰਘ)**-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੇ ਪੰਜਾਬ ਸਕੂਲ ਖੇਡਾਂ ਅਤੇ ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ ।ਖਿਡਾਰੀਆਂ ਨੇ ਆਪਣੀ ਮਿਹਨਤ, ਲਗਨ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਪਛਾਣ ਕਰਵਾਈ, ਵੱਖ-ਵੱਖ ਉਮਰ ਵਰਗ ਦੀ ਦੌੜ, ਗੋਲਾ ਸੁੱਟ, ਚੱਕਾ ਸੁੱਟ, ਲੰਮੀ ਦੌੜ ਅਤੇ ਲੌਂਗ ਜੰਪ ਵਰਗੀਆਂ ਖੇਡਾਂ ਵਿੱਚ ਕਈ ਪਦਕ ਪ੍ਰਾਪਤ ਕੀਤੇ। ਇਨਾ ਮੁਕਾਬਲਿਆਂ ਵਿੱਚ ਉਮਰ ਵਰਗ 14 ਦੀ ਟੀਮ ਵਿੱਚ ਨਬੀਜੋਤ ਸਿੰਘ ਨੇ 400 ਮੀਟਰ ਦੌੜ ਵਿੱਚ ਦੂਜਾ ਅਤੇ ਗੁਰ ਏਕਮ ਪ੍ਰੀਤ ਸਿੰਘ ਨੇ ਲੰਮੀ ਦੌੜ ਵਿੱਚ ਦੂਜੇ ਸਥਾਨ ਹਾਸਿਲ ਕੀਤਾ ।ਲੜਕੀਆਂ ਦੀ ਟੀਮ ਵਿੱਚ ਪ੍ਰਭਜੋਤ ਕੌਰ ਨੇ ਸ਼ਾਟ ਪੁੱਟ ਅਤੇ ਡਿਸਕ ਥ੍ਰੋ ਦੂਜਾ ਸਥਾਨ ਪ੍ਰਾਪਤ ਕੀਤਾ।ਇਨ੍ਹਾਂ ਮੁਕਾਬਲਿਆ ਵਿੱਚ ਇਨਾਮ ਪ੍ਰਾਪਤ ਕਰਨ ਕਰਨ ਵਾਲੇ ਵਿਦਿਆਰਥੀਆਂ ਨੂੰ ਰਾਜ ਪੱਧਰੀ ਮੁਕਾਬਲਿਆਂ ਲਈ ਚੁਣਿਆ ਗਿਆ। ਸਕੂਲ ਦੇ ਖਿਡਾਰੀਆਂ ਨੇ ਬਲਾਕ ਪੱਧਰ ਦੇ ਅਥਲੈਟਿਕਸ ਮੁਕਾਬਲਿਆਂ ਵਿੱਚ ਵੀ ਆਪਣੀ ਪ੍ਰਤਿਭਾ ਦਾ ਲੋਹਾ ਮੰਨਵਾ ਦਿੱਤਾ ।ਅੰਡਰ-19 ਵਰਗ ਵਿੱਚ ਮਨਜੋਤ ਸਿੰਘ ਨੇ ਗੋਲਾ ਸੁੱਟ ਅਤੇ ਚੱਕਾ ਸੁੱਟ, ਦੋਵਾਂ ਮੁਕਾਬਲਿਆਂ ਵਿੱਚ ਪਹਿਲਾ



ਸਥਾਨ ਪ੍ਰਾਪਤ ਕੀਤਾ।ਅੰਡਰ-17 ਬਾਲ ਵਰਗ ਵਿੱਚ ਸਾਹਿਬਜੀਤ ਸਿੰਘ ਨੇ ਡਿਸਕਸ ਥਰੋ ਵਿੱਚ ਪਹਿਲਾ ਅਤੇ ਗੋਲਾ ਸੁੱਟ ਵਿੱਚ ਦੂਜਾ ਸਥਾਨ ਹਾਸਲ ਕੀਤਾ।ਮਨਰਾਜ ਨੇ 100 ਮੀਟਰ ਦੌੜ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਗੁਰਕੀਰਤ ਸਿੰਘ ਨੇ ਗੋਲਾ ਸੁੱਟਣ ਵਿੱਚ ਦੂਜਾ ਸਥਾਨ ਪ੍ਰਾਪਤ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ।ਅੰਡਰ 17 ਉਮਰ ਵਰਗ ਵਿੱਚ ਸਹਿਜਪ੍ਰੀਤ ਕੌਰ ਨੇ ਲੰਬੀ ਛਾਲ ਤੇ ਲੌਂਗ ਜੰਪ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਮਨਸੀਰਤ ਕੌਰ ਨੇ 100 ਮੀਟਰ ਦੌੜ ਤੇ ਉਚੀ ਛਾਲ ਵਿੱਚ ਤੀਜਾ ਸਥਾਨ ਹਾਸਲ ਕੀਤਾ।ਅਸ਼ਮੀਤ ਕੌਰ ਨੇ ਗੋਲਾ ਸੁੱਟਣ ਵਿੱਚ ਪਹਿਲਾ ਅਤੇ ਨੈਨਸੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜੋਤ ਕੌਰ ਨੇ ਲੰਬੀ ਛਾਲ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ।ਅੰਡਰ 14 ਉਮਰ ਵਰਗ ਵਿੱਚ ਨਬੀ ਜੋਤ ਸਿੰਘ ਨੇ 400 ਮੀਟਰ ਦੌੜ ਵਿੱਚ ਦੂਜਾ ਸਥਾਨ ਅਤੇ 600 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ।ਗੁਰ ਏਕਮਪ੍ਰੀਤ ਸਿੰਘ ਨੇ ਲੰਬੀ ਛਾਲ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ ਉੱਥੇ ਅੰਡਰ 14 ਲੜਕੀਆਂ ਦੇ ਵਰਗ ਵਿੱਚ ਪ੍ਰਭਜੋਤ ਕੌਰ ਨੇ ਗੋਲਾ ਸੁੱਟਣ ਵਿੱਚ ਪਹਿਲਾ ਸਥਾਨ ਹਾਸਲ ਕੀਤਾ ।ਪ੍ਰਿਯੰਕਾ ਨੇ ਲੰਬੀ ਛਾਲ ਵਿੱਚ ਤੀਜਾ ਅਤੇ ਲੌਂਗ ਜੰਪ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਜਦਕਿ ਵੈਸ਼ਨਵੀ ਨੇ ਡਿਸਕਸ ਥਰੋ ਵਿੱਚ ਪਹਿਲਾਂ ਸਥਾਨ ਹਾਸਲ ਕੀਤਾ।ਇਹਨਾਂ ਵਿਦਿਆਰਥੀਆਂ ਨੇ ਆਪਣੀ ਨਿਰੰਤਰ ਮਿਹਨਤ ਅਤੇ ਖੇਡ ਯੋਗਤਾ ਦੇ ਨਾਲ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ।ਸਕੂਲ ਚੇਅਰਮੈਨ ਅਰਵਿੰਦ ਖੋਸਲਾ ਪ੍ਰੈਜੀਡੈਂਟ ਅਜੇ ਖੋਸਲਾ ਤੇ ਪ੍ਰਿੰਸੀਪਲ ਡਾਕਟਰ ਬਿੰਦੂ ਭੱਲਾ ਨੇ ਸਾਰੇ ਜੇਤੂ ਵਿਦਿਆਰਥੀਆਂ ਉਨਾਂ ਦੇ ਮਾਪਿਆਂ ਅਤੇ ਉਹਨਾਂ ਦੇ ਕੋਚ ਸਰਦਾਰ ਤਰਲੋਕ ਸਿੰਘ, ਸ਼੍ਰੀਮਤੀ ਸ੍ਰੇਸ਼ਟਾ ਸ਼ਰਮਾ ਅਤੇ ਰਾਜਵੀਰ ਕੌਰ ਨੂੰ ਹਾਰਦਿਕ ਵਧਾਈ ਦਿੱਤੀ ਉਹਨਾਂ ਵਿਦਿਆਰਥੀਆਂ ਦੀਆਂ ਖੇਡਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਨੁਸ਼ਾਸਨ ਹੌਂਸਲਾ ਅਤੇ ਸੰਘਰਸ਼ ਕਰਨ ਦੀ ਭਾਵਨਾ ਨੂੰ ਵਧਾਉਂਦੀਆਂ ਹਨ।

ਨਵਾਂ ਜ਼ਮਾਨਾ
ਮੰਗਲਵਾਰ, 20 ਅਕਤੂਬਰ 2026

# ਮਨਰੇਗਾ ਮਜ਼ਦੂਰਾਂ ਦਾ ਕਤਲ

ਵਿਕਸਤ ਭਾਰਤ ਗਰੰਟੀ ਰੁਜ਼ਗਾਰ ਤੇ ਆਜੀਵਿਕਾ ਮਿਸ਼ਨ ਗ੍ਰਾਮੀਣ (ਵੀ ਬੀ-ਜੀ ਰਾਮ ਜੀ), ਜਿਹੜੀ ਸਕੀਮ ਪਹਿਲਾਂ ਮਨਰੇਗਾ ਦੇ ਨਾਂਅ ਨਾਲ ਜਾਣੀ ਜਾਂਦੀ ਸੀ, ਤਹਿਤ ਕੰਮ ਕਰ ਰਹੇ 8 ਦਿਹਾੜੀਦਾਰ ਮਹਿਲਾ ਤੇ ਮਰਦ ਮਜ਼ਦੂਰਾਂ ਦੇ ਕਾਰ ਹੇਠ ਦਰੜ ਕੇ ਮਾਰੇ ਜਾਣ ਨੇ ਗੈਰ-ਹੁਨਰਮੰਦ ਮਜ਼ਦੂਰਾਂ ਦੀ ਸੁਰੱਖਿਆ ਤੇ ਵਕਾਰ ਦੇ ਮੁੱਦੇ ਨੂੰ ਮੁੜ ਉਭਾਰਿਆ ਹੈ। ਐਤਵਾਰ ਸੰਗਰੂਰ ਜ਼ਿਲ੍ਹੇ ਵਿੱਚ ਕਾਫੀ ਚੱਲਦੀ ਲਹਿਰਾਗਾਗਾ-ਜਾਖਲ ਰੋਡ 'ਤੇ ਪਿੰਡ ਅਲੀਸ਼ੇਰ ਕੋਲ 20 ਤੋਂ ਵੱਧ ਮਜ਼ਦੂਰ ਸੜਕ ਕੰਢੇ ਕੰਮ ਕਰਦਿਆਂ ਕਰੀਬ ਸਾਢੇ ਪੰਜ ਵਜੇ ਪਾਣੀ ਪੀ ਰਹੇ ਸਨ ਕਿ ਕਾਰ ਪਹਿਲਾਂ ਮੋਟਰਸਾਈਕਲ ਵਿੱਚ ਵੱਜੀ ਤੇ ਫਿਰ ਇਨ੍ਹਾਂ ਨੂੰ ਦਰੜ ਦਿੱਤਾ। ਪੰਜ ਦੀ ਤਾਂ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਕਰੀਬ ਇੱਕ ਦਰਜਨ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਸੀ। ਬਾਅਦ ਵਿੱਚ ਮਰਨ ਵਾਲਿਆਂ ਨੂੰ ਬਚਾਇਆ ਜਾ ਸਕਦਾ ਸੀ ਜੇ ਐਂਬੂਲੈਂਸ ਕਰੀਬ ਇੱਕ ਘੰਟਾ ਲੇਟ ਨਾ ਪੁੱਜਦੀ ਅਤੇ ਅਧਿਕਾਰੀ ਵੇਲੇ ਸਿਰ ਪੁੱਜ ਜਾਂਦੇ। ਲੋਕ ਹੀਲਾ-ਵਸੀਲਾ ਕਰਕੇ ਜਿਵੇਂ-ਕਿਵੇਂ ਜ਼ਖ਼ਮੀ ਮਜ਼ਦੂਰਾਂ ਨੂੰ ਲੈ ਕੇ ਲਹਿਰਾ ਤੇ ਮੂਣਕ ਹਸਪਤਾਲ ਪੁੱਜੇ, ਪਰ ਉੱਥੇ ਯੋਗ ਡਾਕਟਰੀ ਸਹੂਲਤ ਨਾ ਹੋਣ ਕਾਰਨ ਉਨ੍ਹਾਂ ਨੂੰ ਸੰਗਰੂਰ ਤੇ ਪਟਿਆਲਾ ਦੇ ਹਸਪਤਾਲਾਂ ਵਿੱਚ ਲਿਜਾਣਾ ਪਿਆ ਅਤੇ ਇਸ ਦਰਮਿਆਨ ਤਿੰਨ ਹੋਰ ਮਜ਼ਦੂਰ ਦਮ ਤੋੜ ਗਏ। ਮਰਨ ਵਾਲਿਆਂ ਵਿੱਚ ਛੇ ਮਹਿਲਾਵਾਂ ਹਨ।

ਸਮੇਂ ਸਿਰ ਡਾਕਟਰੀ ਮਦਦ ਨਾ ਮਿਲਣ ਤੋਂ ਇਲਾਵਾ ਕੰਮ ਵਾਲੀ ਥਾਂ ਬਣਦਾ ਇਹਤਿਆਤ ਵਰਤਣ ਦੇ ਮਾਮਲੇ ਵਿੱਚ ਵੀ ਭਾਰੀ ਕੁਤਾਹੀ ਸਾਹਮਣੇ ਆਈ ਹੈ। ਕੰਮ ਵਾਲੀ ਥਾਂ 'ਤੇ ਨੇਮਾਂ ਮੁਤਾਬਕ ਮਜ਼ਦੂਰਾਂ ਨੂੰ ਰਿਫਲੈਕਟਰ ਜੈਕਟਾਂ ਨਹੀਂ ਦਿੱਤੀਆਂ ਗਈਆਂ, ਐਡਵਾਂਸ ਵਾਰਨਿੰਗ ਸਾਈਨ ਬੋਰਡ ਨਹੀਂ ਲਾਏ ਗਏ, ਕੋਨਜ਼ ਤੇ ਬੈਰੀਕੇਡਿੰਗ ਵੀ ਨਦਾਰਦ ਸਨ।

ਅਧਿਕਾਰੀਆਂ ਨੇ ਸਥਿਤੀ ਨੂੰ ਸੰਭਾਲਣ ਦੇ ਓਹੜ-ਪਹੁੜ ਵਿੱਚ ਮ੍ਰਿਤਕਾਂ ਦੇ ਵਾਰਸਾਂ ਨੂੰ ਦੋ-ਦੋ ਲੱਖ ਤੇ ਜ਼ਖ਼ਮੀਆਂ ਨੂੰ 50-50 ਹਜ਼ਾਰ ਦੀ ਮਦਦ ਅਤੇ ਮੁਫਤ ਇਲਾਜ ਦਾ ਐਲਾਨ ਕਰ ਦਿੱਤਾ। ਮਨਰੇਗਾ ਮਜ਼ਦੂਰਾਂ ਦੀਆਂ ਜਥੇਬੰਦੀਆਂ ਦੀ ਐਕਸ਼ਨ ਕਮੇਟੀ ਨੇ ਮੁਆਵਜ਼ੇ ਦੀ ਰਕਮ ਵਧਾਉਣ ਤੇ ਇਸ ਭਿਆਨਕ ਤ੍ਰਾਸਦੀ, ਜਿਹੜੀ ਕਿ ਅਸਲ ਵਿੱਚ ਦੇਸ਼ ਦੇ ਗੁੰਮਨਾਮ ਉਸਰੱਈਆਂ ਦਾ ਕਤਲ ਹੈ, ਦੇ ਅਸਲ ਜ਼ਿੰਮੇਵਾਰਾਂ ਖਿਲਾਫ ਸਖਤ ਕਾਰਵਾਈ ਲਈ ਅੰਦੋਲਨ ਸ਼ੁਰੂ ਕਰ ਦਿੱਤਾ ਹੈ। ਬਣਦੇ ਸੁਰੱਖਿਆ ਉਪਾਅ ਕੀਤੇ ਹੁੰਦੇ ਤਾਂ ਸ਼ਾਇਦ ਇਹ ਹਾਦਸਾ ਟਲ ਹੀ ਜਾਂਦਾ। ਇਸ ਤ੍ਰਾਸਦੀ ਲਈ ਸਿਰਫ ਕਾਰ ਡਰਾਈਵਰ ਹੀ ਨਹੀਂ, ਵੱਡੇ ਜ਼ਿੰਮੇਵਾਰ ਅਧਿਕਾਰੀ ਹਨ, ਜਿਹੜੇ ਇਨ੍ਹਾਂ ਗਰੀਬ ਮਜ਼ਦੂਰਾਂ ਦੀ ਸੁਰੱਖਿਆ ਦੀ ਜ਼ਰਾ ਜਿੰਨੀ ਵੀ ਪਰਵਾਹ ਨਹੀਂ ਕਰਦੇ।

## ਲੜਾਈਆਂ ਹੋਣਗੀਆਂ !

ਪਹਿਲਾਂ ਧਰਮ ਨੇ ਰੰਗ ਵੰਡੇ ਸੀ, ਹੁਣ ਨਸ਼ਿਆਂ ਨੂੰ ਵੰਡ ਲਿਆ ਹੈ,  
ਆਪਣੋ ਆਪਣੀ ਆਸਥਾ ਨੂੰ ਵੀ, ਵਾਂਗ ਲੁਹਾਰਾਂ ਚੰਡ ਲਿਆ ਹੈ।  
ਭੈਰੋਂ ਨੇ ਖੱਪਰ ਵਿੱਚ ਪਾ ਕੇ, ਵਰ ਸ਼ਰਾਬ ਦਾ ਮੰਗ ਲਿਆ ਹੈ,  
ਪੀਰਾਂ ਲੈ ਲਏ ਸੁਲਫ਼ੇ ਦੇ ਸੂਟੇ, ਭੰਗ ਦਾ ਨਸ਼ਾ ਨਿਹੰਗ ਲਿਆ ਹੈ।  
ਚਿੱਟਿਆਂ ਤੋਂ ਜਦ ਪੁੱਛਿਆ ਜਾਂਦਾ, ਆਖਣ ਬਾਡਰ ਲੰਘ ਲਿਆ ਹੈ,  
ਪੁੜੀਆਂ ਵਿੱਚ ਕਰ ਪੈਕ ਤਮਾਖੂ, ਖੋਖਿਆਂ ਅੱਗੇ ਟੰਗ ਲਿਆ ਹੈ।  
'ਚਾਦਰ' ਥੱਲੇ ਨਸ਼ੇ ਲੁਕਾਉਣ ਦਾ, ਪਤਾ ਨਹੀਂ ਕਿੱਧਰੋਂ ਢੰਗ ਲਿਆ ਹੈ,  
'ਕੱਠੇ ਹੋ ਕੇ ਸਭ ਨਸ਼ਿਆਂ ਨੇ, ਆਮ ਅਵਾਮ ਨੂੰ ਡੰਗ ਲਿਆ ਹੈ।  
ਮਿਹਰੂ ਬਣ ਗਏ ਬਹੁਤ ਨਸ਼ੇੜੀ, ਕਹਿਣ ਲੜਾਈਆਂ ਹੋਣਗੀਆਂ,  
ਮੁਫ਼ਤ ਦੇ ਖਾਣੇ ਦਾਣੇ ਦੇ ਨਾਲ, ਕਿਤੋਂ ਹੋਰ ਕਮਾਈਆਂ ਹੋਣਗੀਆਂ।

-ਗੁਲਪੁਰ

# ਜਨ-ਅੰਦੋਲਨ, ਜਨ-ਤੰਤਰ ਅਤੇ ਜੰਤਰ-ਮੰਤਰ



ਵਰਗਿਸ ਸਲਾਮਤ

ਭਾਰਤ ਨੂੰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਕਿਹਾ ਹੈ, ਇਸ ਵਿਚ ਕੋਈ ਸ਼ੱਕ ਨਹੀਂ। ਇਸ ਦੇ ਨਾਗਰਿਕ ਵੀ ਲੋਕਤੰਤਰੀ ਸੁਭਾਅ ਵਾਲੇ ਹਨ, ਇਸ ਵਿਚ ਵੀ ਕੋਈ ਸ਼ੱਕ ਨਹੀਂ।ਇਹ ਇਸ ਲਈ ਹੈ ਕਿ ਸਾਡੇ ਸੰਵਿਧਾਨ ਘਾੜਿਆਂ ਨੇ ਇਸ ਨੂੰ ਤਾ-ਉਮਰ ਕਾਇਮ ਰੱਖਣ ਲਈ ਸੰਵਿਧਾਨ ਵਿਚ ਨਾਗਰਿਕਾਂ ਨੂੰ ਬੋਲਣ ਦੀ ਆਜ਼ਾਦੀ ਅਤੇ ਸ਼ਾਂਤੀਪੂਰਨ ਢੰਗ ਨਾਲ ਇਕੱਠੇ ਹੋ ਕੇ ਪ੍ਰਦਰਸ਼ਨ ਕਰਨ ਦਾ ਅਧਿਕਾਰ ਦਿੱਤਾ ਹੈ, ਪਰ ਪਿਛਲੇ ਕੁਝ ਸਾਲਾਂ ਵਿੱਚ ਭਾਰਤ ਦੀ ਅਜਿਹੀ ਪ੍ਰਣਾਲੀ ਨਾਲ ਛੇੜ-ਛਾੜ ਕਰਕੇ ਨਿਜ਼ਾਮ ਅਤੇ ਅਵਾਮ ਨੂੰ ਫ਼ਾਸ਼ੀਵਾਦੀ ਰੰਗਤ ਵਿੱਚ ਰੰਗਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਜੋ ਸੰਵੇਦਨਸ਼ੀਲ, ਨਿਰਪੱਖ ਅਤੇ ਅੱਜ ਦੀ ਨਵੀਂ ਪੀੜ੍ਹੀ ਨੂੰ ਪਸੰਦ ਨਹੀਂ।ਅੱਜ ਦਾ ਨੌਜਵਾਨ ਆਪਣੀ ਕਾਬਲੀਅਤ ਦਾ ਮੁੱਲ ਚਾਹੁੰਦਾ ਹੈ।ਉਹ ਧਰਮਾਂ-ਜਾਤਾਂ ਦੀਆਂ ਵਲਗਣਾਂ ਤੋਂ ਉਪਰ ਉਠਣਾ ਚਾਹੁੰਦਾ ਹੈ। ਆਪਣੀ ਮਿਹਨਤ ਨਾਲ ਅੱਗੇ ਵਧਣਾ ਚਾਹੁੰਦਾ ਹੈ।ਜਿਸ ਦੇ ਲਈ ਉਹ ਪੇਪਰ ਲੀਕ, ਪ੍ਰਸ਼ਾਸਨਿਕ ਭ੍ਰਿਸ਼ਟਾਚਾਰ, ਕਮਜ਼ੋਰ ਵਰਗਾਂ ਨਾਲ ਧੱਕੇਸ਼ਾਹੀ, ਔਰਤਾਂ ਖਿਲਾਫ ਜ਼ੁਲਮ ਅਤੇ ਹੁਣ ਚੋਣ ਕਮਿਸ਼ਨ ਦੀ ਵੋਟ ਚੋਰੀ ਖਿਲਾਫ਼ ਸੜਕਾਂ 'ਤੇ ਹੈ, ਜਿਨ੍ਹਾਂ ਨੇ ਨੌਜਵਾਨਾਂ ਦੇ ਗੁੱਸੇ ਨੂੰ ਹਵਾ ਦਿੱਤੀ ਹੈ। ਇਸ ਗੁੱਸੇ ਦਾ ਕੇਂਦਰ ਬਣਿਆ ਦਿੱਲੀ ਵਿੱਚ ਸਥਿਤ ਇਤਿਹਾਸਕ ਜੰਤਰ-ਮੰਤਰ, ਜੋ ਦਹਾਕਿਆਂ ਤੋਂ ਦੇਸ਼ ਦਾ ਸਭ ਤੋਂ ਅਹਿਮ ਪ੍ਰਦਰਸ਼ਨ ਸਥਾਨ ਰਿਹਾ ਹੈ। ਪੜ੍ਹਨ ਸੁਣਨ ਤੋਂ ਪਤਾ ਚਲਦਾ ਹੈ ਕਿ ਜੰਤਰ-ਮੰਤਰ ਦਾ ਨਿਰਮਾਣ 1724 ਵਿੱਚ ਮਹਾਰਾਜਾ ਸਵਾਈ ਜੈ ਸਿੰਘ ਦੂਜੇ ਦੁਆਰਾ ਕਰਵਾਇਆ ਗਿਆ ਸੀ। ਇਸ ਦਾ ਮੂਲ ਉਦੇਸ਼ ਖਗੋਲੀ ਗਣਨਾਵਾਂ ਅਤੇ ਗ੍ਰਹਿਆਂ ਦੀ ਸਥਿਤੀ ਦਾ ਅਧਿਐਨ ਕਰਨਾ ਸੀ। ਸੰਸਕ੍ਰਿਤ ਵਿੱਚ ਜੰਤਰ ਦਾ ਅਰਥ ਯੰਤਰ ਅਤੇ ਮੰਤਰ ਦਾ ਅਰਥ ਗਣਨਾ ਕਰਨਾ ਹੈ, ਯਾਨੀ ਜੰਤਰ-ਮੰਤਰ ਦਾ ਮਤਲਬ ਸਮੇਂ ਅਤੇ ਗ੍ਰਹਿਆਂ ਦੀ ਗਣਨਾ ਕਰਨ ਵਾਲੀ ਮਸ਼ੀਨ ਹੈ। ਇਸ ਤੋਂ ਇਹ ਮੰਨੀ ਜਾ ਸਕਦੀ ਹੈ ਕਿ ਮਹਾਰਾਜਾ ਸਵਾਈ ਜੈ ਸਿੰਘ ਦੂਜੇ ਦਾ ਇਹ ਜੰਤਰ-ਮੰਤਰ ਹੁਣ ਸਮੇਂ ਅਤੇ ਗ੍ਰਹਿਆਂ ਦੀ ਗਣਨਾ ਨਹੀਂ, ਸਰਕਾਰਾਂ ਦੇ ਗ੍ਰਹਿਆਂ ਦੀ ਗਣਨਾ, ਮੰਨਣਾ ਅਤੇ ਬਦਲਣਾ ਆਦਿ ਕਰਦਾ ਹੈ। ਇਹ ਗੱਲ ਜਨ-ਪ੍ਰਦਰਸ਼ਨਾਂ ਲਈ ਇਕ ਮਕਬੂਲ, ਮਨਪਸੰਦ ਅਤੇ ਸਹੀ ਪਹੁੰਚ ਵਾਲਾ ਸਥਾਨ ਬਣ ਚੁੱਕਾ ਹੈ।

ਦੱਸਿਆ ਜਾਂਦਾ ਹੈ ਕਿ ਜੰਤਰ-ਮੰਤਰ ਦੇ ਪ੍ਰਦਰਸ਼ਨਾਂ ਤੋਂ ਪਹਿਲਾਂ ਲਗਭਗ 1990 ਦੇ ਦਹਾਕੇ ਤੋਂ ਪਹਿਲਾਂ ਦਿੱਲੀ ਵਿੱਚ ਵੱਡੇ ਪ੍ਰਦਰਸ਼ਨਾਂ ਦਾ ਮੁੱਖ ਕੇਂਦਰ ਬੋਟ ਕਲੱਬ ਹੁੰਦਾ ਸੀ, ਜੋ ਇੰਡੀਆ ਗੇਟ ਅਤੇ ਮੌਜੂਦਾ ਕਰਤੱਵ ਪਥ ਦੇ ਨੇੜੇ ਸਥਿਤ ਸੀ, ਪਰ 1988 ਵਿੱਚ ਕਿਸਾਨ ਨੇਤਾ ਮਹਿੰਦਰ ਸਿੰਘ ਟਿਕੈਤ ਦੀ ਅਗਵਾਈ ਵਿੱਚ ਲਗਭਗ ਪੰਜ ਲੱਖ ਕਿਸਾਨਾਂ ਨੇ ਇੱਥੇ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ, ਜਿਸ ਕਾਰਨ ਪੂਰੀ ਮੱਧ ਦਿੱਲੀ ਠੱਪ ਹੋ ਗਈ ਸੀ। ਇਸ ਤੋਂ ਬਾਅਦ ਸੁਰੱਖਿਆ ਸੰਬੰਧੀ ਚਿੰਤਾਵਾਂ ਦੇ ਕਾਰਨ ਪ੍ਰਦਰਸ਼ਨ ਬੋਟ ਕਲੱਬ ਤੋਂ ਹੋਰ ਥਾਵਾਂ 'ਤੇ ਤਬਦੀਲ ਹੋਣ ਲੱਗੇ।ਸਮੇਂ ਦੀਆਂ ਸਰਕਾਰਾਂ ਵੱਲੋਂ ਜੰਤਰ-ਮੰਤਰ ਨੂੰ ਰਸਮੀ ਤੌਰ 'ਤੇ 2003 ਵਿੱਚ ਪ੍ਰਦਰਸ਼ਨ ਸਥਾਨ ਘੋਸ਼ਿਤ ਕੀਤਾ ਗਿਆ। ਇਸ ਦੀ ਕੇਂਦਰੀ ਸਥਿਤੀ, ਕਨਾਟ ਪਲੇਸ ਅਤੇ ਸੰਸਦ ਦੇ ਨੇੜੇ ਹੋਣ ਕਾਰਨ ਇਸ ਨੂੰ ਵਿਰੋਧ ਪ੍ਰਦਰਸ਼ਨਾਂ ਲਈ ਸਭ ਤੋਂ ਢੁਕਵਾਂ ਸਥਾਨ ਮੰਨ ਲਿਆ ਗਿਆ, ਪਰ ਜਦੋਂ 2026 ਵਿੱਚ ਨੀਟ (NEET) ਪੇਪਰ ਲੀਕ ਨੇ ਨੌਜਵਾਨਾਂ ਦੇ ਗੁੱਸੇ ਨੂੰ ਫੁੱਟਣ ਦਾ ਮੌਕਾ ਦਿੱਤਾ, ਪਰ ਭਾਰਤੀ ਜਨਤਾ ਪਾਰਟੀ ਨੇ ਇਸ ਐਵੇਂ ਜਿਹੀ ਘਟਨਾ ਸਮਝ ਕੇ ਖੁੱਡੇ ਲਾਉਣ ਦੀ ਕੋਸ਼ਿਸ਼ ਕੀਤੀ। ਲੋਕਾਂ ਦੇ ਇਸ ਗੁੱਸੇ 'ਚੋਂ ਅਤੇ ਮਾਣਯੋਗ ਚੀਫ ਜਸਟਿਸ ਦੀ ਇਕ ਨਕਾਰਾਤਮਕ ਟਿੱਪਣੀ ਵਿੱਚੋਂ ਜਨਮੀ ਕਾਕਰੋਚ ਜਨਤਾ ਪਾਰਟੀ ਨਾਮਕ ਇੱਕ ਵਿਅੰਗਾਤਮਕ ਲਹਿਰ ਭਾਰਤ ਦੇ ਨੌਜਵਾਨਾਂ ਦੀ ਆਵਾਜ਼ ਬਣ ਕੇ ਉਭਰੀ।

6 ਜੂਨ ਨੂੰ ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਦੇ ਦਿੱਲੀ ਪਹੁੰਚਣ ਨਾਲ ਜੰਤਰ-ਮੰਤਰ 'ਤੇ ਹਜ਼ਾਰਾਂ ਲੋਕਾਂ ਦਾ ਪ੍ਰਦਰਸ਼ਨ ਹੋਇਆ, ਜਿਸ ਵਿੱਚ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕੀਤੀ ਗਈ। ਇਸ ਲਹਿਰ ਨੇ ਜੁਲਾਈ 2026 ਤੱਕ ਲਗਭਗ ਇੱਕ ਮਹੀਨੇ ਤੱਕ ਜੰਤਰ-ਮੰਤਰ ਨੂੰ ਆਪਣਾ ਕੇਂਦਰ ਬਣਾਇਆ, ਜਿਸ ਦੇ ਨਤੀਜੇ ਵਜੋਂ ਸਿੱਖਿਆ ਮੰਤਰੀ ਨੂੰ ਅਸਤੀਫਾ ਦੇਣਾ ਪਿਆ।ਇਸ ਪ੍ਰਦਰਸ਼ਨ ਦੌਰਾਨ ਹਜ਼ਾਰਾਂ ਵਿਦਿਆਰਥੀਆਂ ਨੇ ਸੰਸਦ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕੀਤੀ।ਜੁਲਾਈ ਵਿੱਚ ਹਜ਼ਾਰਾਂ ਵਿਦਿਆਰਥੀਆਂ ਨੇ ਕਾਕਰੋਚ ਲਹਿਰ ਦੀ ਅਗਵਾਈ ਵਿੱਚ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਬੇਨਿਯਮੀਆਂ ਦੇ ਵਿਰੋਧ ਵਿੱਚ ਜੰਤਰ-ਮੰਤਰ ਤੇ ਇਕੱਠੇ ਹੋ ਕੇ ਸੰਸਦ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕੀਤੀ। ਇਸ ਸਮੇਂ ਦੌਰਾਨ ਜੰਤਰ-ਮੰਤਰ ਜੈਨ-ਜ਼ੈਡ ਅਸੰਤੁਸ਼ਟੀ ਦਾ ਇੱਕ ਜੀਵੰਤ ਕੇਂਦਰ ਬਣ ਗਿਆ, ਜਿੱਥੇ ਕੰਧਾਂ ਨੂੰ ਗੁੱਸੇ ਭਰੇ ਨਾਅਰਿਆਂ ਅਤੇ ਸਰਕਾਰ ਨੂੰ ਚੁਣੌਤੀ ਦੇਣ ਵਾਲੇ ਸੰਦੇਸ਼ਾਂ ਲਈ ਕੈਨਵਸ ਵਜੋਂ ਵਰਤਿਆ ਗਿਆ। ਇਸ ਤਰ੍ਹਾਂ ਨੌਜਵਾਨਾਂ ਦਾ ਗੁੱਸਾ ਜੰਤਰ-ਮੰਤਰ ਦਾ ਪ੍ਰਦਰਸ਼ਨ ਬਣ ਗਿਆ। ਇਸ ਵੇਲੇ ਐੱਸ ਆਈ ਆਰ ਦੀਆਂ ਊਣਤਾਈਆਂ ਦਾ ਮਸਲਾ ਵੋਟ ਚੋਰੀ ਦੇ ਮੁੱਦੇ ਨਾਲ ਭਾਰਤ ਦੇ ਨਾਗਰਿਕਾਂ ਦੀ ਜ਼ੁਬਾਨ 'ਤੇ ਜੁਮਲਿਆਂ ਵਾਂਗ ਚੜ੍ਹਿਆ ਹੋਇਆ ਹੈ। ਦੇਸ਼ ਭਰ ਵਿੱਚ ਚੋਣ ਆਯੋਗ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ਵਰ ਕੁਮਾਰ ਦੇ ਖ਼ਿਲਾਫ਼ ਪ੍ਰੋਟੈੱਸਟ ਹੋ ਰਹੇ ਹਨ। ਕਾਕਰੋਚ ਜਨਤਾ ਪਾਰਟੀ, ਰਾਹੁਲ ਅਤੇ ਕਾਂਗਰਸ ਅਤੇ ਬਾਕੀ ਪਾਰਟੀਆਂ ਅਤੇ ਦਬਾਅ ਸਮੂਹ ਵੱਖ-ਵੱਖ ਪਲੇਟਫਾਰਮ ਬਣਾ ਕੇ ਲੜ ਰਹੇ ਹਨ। ਜਨਰੇਸ਼ਨ- ਜ਼ੀ ਦੇ ਨੌਜਵਾਨਾਂ ਨੇ ਕੇਂਦਰ ਸਰਕਾਰ ਨੂੰ ਭੜਥੂ ਪਾਇਆ ਹੋਇਆ ਹੈ।ਦਿੱਲੀ ਕਿਲ੍ਹੇ ਵਿਚ ਬਦਲਣ ਦੇ ਬਾਵਜੂਦ ਨੌਜਵਾਨ ਚੁੱਪੀ ਧਾਰ ਕੇ ਬੈਠੀ ਸਰਕਾਰ ਨੂੰ ਸਵਾਲਾਂ 'ਤੇ ਸਵਾਲ ਕਰ ਰਹੇ ਹਨ, ਜਿਸ ਦਾ ਜਵਾਬ ਦੇਣ ਦੀ ਥਾਂ ਸਰਕਾਰ ਅੜੀਅਲ ਰਵੱਈਆ ਆਪਣਾ ਕੇ ਨੌਜਵਾਨਾਂ ਨੂੰ ਗ੍ਰਿਫ਼ਤਾਰ ਅਤੇ ਨਜ਼ਰਬੰਦ ਕਰਦੀ ਜਾ ਰਹੀ ਹੈ।ਲੋਕ ਐਮਰਜੈਂਸੀ ਵਾਲਾ ਵਾਤਾਵਰਣ ਮਹਿਸੂਸ ਕਰ ਰਹੇ ਹਨ। 12 ਅਕਤੂਬਰ 2026 ਨੂੰ ਦਿੱਲੀ ਪੁਲਸ ਨੇ ਜੰਤਰ-ਮੰਤਰ ਨੂੰ ਅਧਿਕਾਰਤ ਪ੍ਰਦਰਸ਼ਨ ਸਥਾਨਾਂ ਦੀ ਸੂਚੀ ਤੋਂ ਹਟਾ ਦਿੱਤਾ। ਇਸ ਦੀ ਥਾਂ ਰਾਮਲੀਲ੍ਹਾ ਮੈਦਾਨ, ਬੁਰਾੜੀ ਮੈਦਾਨ ਅਤੇ ਸੀ ਬੀ ਡੀ ਮੈਦਾਨ ਨੂੰ ਵਿਕਲਪਕ ਸਥਾਨ ਵਜੋਂ ਨਾਮਜ਼ਦ ਕੀਤਾ ਗਿਆ, ਜੋ ਨਾ ਤਾਂ ਪ੍ਰਦਰਸ਼ਨਾਂ ਲਈ ਤਿਆਰ ਹਨ ਅਤੇ ਸੰਸਦ ਭਾਵ ਦੇਸ਼ ਦੀ ਮਹਾਂ ਪੰਚਾਇਤ ਦੇ ਕੰਨਾਂ ਤੋਂ ਕੋਸਾਂ ਦੂਰ ਦੱਸੀਆਂ ਜਾ ਰਹੀਆਂ ਹਨ।ਦਿੱਲੀ ਪੁਲਸ ਨੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦਾ ਹਵਾਲਾ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਪ੍ਰਦਰਸ਼ਨ ਲਈ ਢੁਕਵੇਂ ਵਿਕਲਪਕ ਸਥਾਨਾਂ ਦੀ ਪਛਾਣ ਕੀਤੀ ਜਾਣੀ ਚਾਹੀਦੀ ਹੈ। ਇਸ ਵਿੱਚ ਕੋਈ ਸ਼ੱਕ ਨਹੀ ਕਿ ਦਿੱਲੀ ਪ੍ਰਸ਼ਾਸਨ ਨੇ ਕੋਰਟ ਦੀ ਗੱਲ ਮੰਨੀ ਹੈ, ਪਰ ਜਨ ਅੰਦੋਲਨ ਲਈ ਇਹ ਸਥਾਨ ਢੁਕਵੇਂ ਨਹੀਂ ਹਨ। ਮਨੁੱਖੀ ਅਧਿਕਾਰ ਕਾਰਕੁਨਾਂ ਅਤੇ ਲੋਕਤੰਤਰ ਦੇ ਹਮਾਇਤੀਆਂ ਨੇ ਇਸ ਕਦਮ ਦੀ ਸਖ਼ਤ ਆਲੋਚਨਾ ਕੀਤੀ ਹੈ। ਮਨੁੱਖੀ ਅਧਿਕਾਰ ਕਾਰਕੁਨ ਸ਼ਬਨਮ ਹਾਸ਼ਮੀ ਨੇ ਕਿਹਾ-ਜੰਤਰ-ਮੰਤਰ ਸ਼ਹਿਰ ਦੇ ਕੇਂਦਰ ਵਿੱਚ ਹੈ, ਇਹ ਜੁੜਿਆ ਹੋਇਆ ਹੈ, ਇਹ ਸੰਸਦ ਦੇ ਨੇੜੇ ਹੈ... ਇਹ ਸਾਰੇ ਪ੍ਰਦਰਸ਼ਨਾਂ ਲਈ ਇੱਕ ਬਹੁਤ ਮਹੱਤਵਪੂਰਨ ਸਥਾਨ ਹੈ। ਇਹ ਲੋਕਤੰਤਰੀ ਅਸੰਤੁਸ਼ਟੀ ਨੂੰ ਕੁਚਲਣ ਦੀ ਕੋਸ਼ਿਸ਼ ਤੋਂ ਇਲਾਵਾ ਕੁਝ ਨਹੀਂ ਹੈ।ਜੰਤਰ-ਮੰਤਰ ਦੀ ਡੀ-ਨੋਟੀਫਿਕੇਸ਼ਨ ਨਾਲ ਪ੍ਰਦਰਸ਼ਨਕਾਰੀਆਂ ਨੂੰ ਸ਼ਹਿਰ ਦੇ ਬਾਹਰਲੇ ਹਿੱਸਿਆਂ ਵਿੱਚ ਜਾਣਾ ਪਵੇਗਾ, ਜਿਸ ਨਾਲ ਆਵਾਜਾਈ ਦਾ ਖਰਚਾ ਵਧੇਗਾ, ਲੰਮਾ ਸਫ਼ਰ ਤੈਅ ਕਰਨਾ ਪਵੇਗਾ ਅਤੇ ਮੀਡੀਆ ਦਾ ਧਿਆਨ ਵੀ ਘਟੇਗਾ। ਕਾਰਕੁਨਾਂ ਦਾ ਕਹਿਣਾ ਹੈ ਕਿ ਪ੍ਰਦਰਸ਼ਨਾਂ ਨੂੰ ਸ਼ਹਿਰ ਦੇ ਕੇਂਦਰ ਤੋਂ ਦੂਰ ਲਿਜਾਣ ਨਾਲ ਖਾਸ ਤੌਰ 'ਤੇ ਦੂਰ-ਦੁਰਾਡੇ ਰਾਜਾਂ ਤੋਂ ਆਉਣ ਵਾਲੇ ਪ੍ਰਦਰਸ਼ਨਕਾਰੀਆਂ ਲਈ ਹਾਜ਼ਰੀ ਅਤੇ ਦਿੱਖ ਘਟਣ ਦਾ ਖ਼ਤਰਾ ਹੈ। ਲੋਕਾਂ ਦੀ ਆਵਾਜ਼ ਨੂੰ ਲੋਕਾਂ ਤੱਕ ਸਹੀ ਤਰੀਕੇ ਨਾ ਪੰਹੁਚਾਉਣ ਦਾ ਸਰਕਾਰ ਦਾ ਨਵਾਂ ਪੈਂਤੜਾ ਸ਼ਾਇਦ ਲੋਕਾਂ ਨੂੰ ਸਮਝ ਆ ਰਿਹਾ ਹੈ। ਜੰਤਰ-ਮੰਤਰ ਦਾ ਸਫ਼ਰ ਖਗੋਲ-ਵਿਗਿਆਨਕ ਨਿਰੀਖਣ ਕੇਂਦਰ ਤੋਂ ਲੋਕਤੰਤਰੀ ਅਸੰਤੁਸ਼ਟੀ ਦੇ ਪ੍ਰਤੀਕ ਤੱਕ ਦਾ ਸਫ਼ਰ ਕਰ ਚੁੱਕਾ ਹੈ। ਇਹ ਸਥਾਨ ਭਾਰਤੀ ਲੋਕਤੰਤਰ ਦੀ ਜੀਵੰਤਤਾ ਦਾ ਪ੍ਰਮਾਣ ਸੀ ਹੈ ਅਤੇ ਰਹਿਣਾ ਚਾਹੀਦਾ ਹੈ। ਇਸ ਨੂੰ ਲੋਕਾਂ ਤੋਂ ਅਤੇ ਲੋਕਤੰਤਰ ਤੋਂ ਖੋਹਣਾ ਠੀਕ ਨਹੀਂ।ਜਿੱਥੇ ਆਮ ਨਾਗਰਿਕ ਆਪਣੀਆਂ ਮੰਗਾਂ ਲੈ ਕੇ ਸੱਤਾ ਦੇ ਦਰਵਾਜ਼ੇ ਤੱਕ ਪਹੁੰਚ ਸਕਦੇ ਸਨ, ਪਰ ਭਾਰਤੀ ਪ੍ਰਣਾਲੀ ਵਿੱਚ ਲਗਾਤਾਰ ਹੋ ਰਹੀਆਂ ਬੇਨਿਯਮੀਆਂ ਨੌਜਵਾਨਾਂ ਦਾ ਭਰੋਸਾ ਤੋੜ ਰਹੀਆਂ ਹਨ, ਜਿਸ ਦਾ ਨਤੀਜਾ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨਾਂ ਦਾ ਵਧਣਾ ਹੋ ਸਕਦਾ ਹੈ। ਜੰਤਰ-ਮੰਤਰ ਦੀ ਡੀ-ਨੋਟੀਫਿਕੇਸ਼ਨ ਇਸ ਗੱਲ ਦਾ ਸੰਕੇਤ ਹੈ ਕਿ ਭਾਰਤ ਵਿੱਚ ਲੋਕਤੰਤਰੀ ਖੁੱਲ੍ਹਾ ਪਿੜ ਸੁੰਗੜ ਰਿਹਾ ਹੈ। ਜਦੋਂ ਲੋਕਾਂ ਦੀਆਂ ਮੰਗਾਂ ਨੂੰ ਦਬਾਉਣ ਲਈ ਪ੍ਰਦਰਸ਼ਨ ਸਥਾਨਾਂ ਨੂੰ ਬੰਦ ਕੀਤਾ ਜਾਂਦਾ ਹੈ, ਤਾਂ ਇਹ ਲੋਕਤੰਤਰ ਦੀ ਜੜ੍ਹ ਨੂੰ ਕਮਜ਼ੋਰ ਕਰਦਾ ਹੈ। ਇੱਕ ਸਿਹਤਮੰਦ ਲੋਕਤੰਤਰ ਲਈ ਇਹ ਜ਼ਰੂਰੀ ਹੈ ਕਿ ਨਾਗਰਿਕਾਂ ਨੂੰ ਆਪਣੀਆਂ ਸ਼ਿਕਾਇਤਾਂ ਸੱਤਾਧਾਰੀਆਂ ਤੱਕ ਪਹੁੰਚਾਉਣ ਲਈ ਖੁੱਲ੍ਹੇ ਅਤੇ ਪਹੁੰਚਯੋਗ ਸਥਾਨ ਮਿਲਣ, ਤਾਂ ਜੋ ਲੋਕਤੰਤਰ ਸਿਰਫ਼ ਚੋਣਾਂ ਦੇ ਨਾਅਰੇ ਤੱਕ ਸੀਮਤ ਨਾ ਰਹੇ, ਸਗੋਂ ਹਰ ਰੋਜ਼ ਲੋਕਾਂ ਦੀ ਆਵਾਜ਼ ਬਣ ਸਕੇ।

# ਸੰਪਰਕ: 98782-61555

# ਭਗਵਾਨ ਸ੍ਰੀ ਰਾਮ ਅਤੇ ਰਾਵਣ ਦੇ ਗੁਣਾਂ ਵਿਚਲਾ ਅੰਤਰ

**ਸੰਜੀਵ ਝਾਂਜੀ**

ਜਦੋਂ ਗ੍ਰੰਥਾਂ ਦੀ ਗੱਲ ਆਉਂਦੀ ਹੈ ਤਾਂ ਉਸ ਵਿੱਚ ਰਾਮਾਇਣ ਮਹਾਂ ਗ੍ਰੰਥ ਮੂਹਰਲੀ ਕਤਾਰ ਵਿੱਚ ਹੁੰਦਾ ਹੈ ਅਤੇ ਜਦੋਂ ਰਾਮਾਇਣ ਮਹਾਂ ਗ੍ਰੰਥ ਦੀ ਗੱਲ ਹੁੰਦੀ ਹੈ ਤਾਂ ਭਗਵਾਨ ਸ੍ਰੀ ਰਾਮ ਚੰਦਰ ਜੀ ਅਤੇ ਲੰਕਾ ਦੇ ਰਾਜਾ ਰਾਵਣ ਦੀ ਗੱਲ ਵੀ ਬਦੋ-ਬਦੀ ਤੁਰ ਹੀ ਪੈਂਦੀ ਹੈ। 14 ਸਾਲਾਂ ਦਾ ਬਨਵਾਸ ਕੱਟ ਰਹੇ ਭਗਵਾਨ ਸ੍ਰੀ ਰਾਮ ਚੰਦਰ ਜੀ ਨੇ ਬਨਵਾਸ ਦੇ ਅਖੀਰ ਵਿੱਚ ਲੰਕਾ ਦੇ ਰਾਜਾ ਰਾਵਣ ਨਾਲ਼ ਆਰ-ਪਾਰ ਦੀ ਲੜਾਈ ਕੀਤੀ ਸੀ। ਇਸ ਲੜਾਈ ਨੂੰ ਬਦੀ ਉੱਤੇ ਨੇਕੀ ਦੀ ਜਿੱਤ ਦੇ ਰੂਪ ਵਿੱਚ ਦੇਖਿਆ ਜਾਂਦਾ ਹੈ ਤੇ ਜਿੱਤ ਦੇ ਦਿਨ ਨੂੰ ਵਿਜੈ ਦਸਮੀ ਭਾਵ ਦੁਸਹਿਰੇ ਦੇ ਰੂਪ ਵਿੱਚ ਜਾਣਿਆ ਜਾਂਦਾ ਹੈ।

ਇਸ ਵਿੱਚ ਬਥੇਰੇ ਪਾਤਰ ਹਨ, ਮਹਾਂ ਗਿਆਨੀ, ਮਹਾਂ ਪੰਡਤ ਤੇ ਗਿਆਨਵਾਨ, ਕੂਟਨੀਤੀਵਾਨ ਰਾਜਨੀਤੀਵਾਨ, ਧਰਮ ਸ਼ਾਸਤਰ ਦਾ ਗਿਆਨ ਰੱਖਣ ਵਾਲ਼ੇ ਵੱਡੇ-ਵੱਡੇ ਯੋਧੇ ਅਤੇ ਕਈ ਵਿਗਿਆਨੀ ਅਤੇ ਇੰਜੀਨੀਅਰ ਵੀ ਇਸ ਮਹਾਂ ਗ੍ਰੰਥ ਵਿੱਚ ਆਪੋ ਆਪਣੇ ਕਰਮ ਅਤੇ ਡਿਊਟੀਆਂ ਨਿਭਾ ਰਹੇ ਹਨ, ਪਰ ਭਗਵਾਨ ਸ੍ਰੀ ਰਾਮ ਚੰਦਰ ਜੀ ਅਤੇ ਲੰਕਾਪਤੀ ਰਾਵਣ ਦੀ ਚਰਚਾ ਸਹਿਜੇ ਹੀ ਹੋ ਜਾਂਦੀ ਹੈ। ਦੋਨਾਂ ਵਿੱਚ ਬਹੁਤ ਹੀ ਸਮਾਨਤਾਵਾਂ ਅਤੇ ਬਹੁਤ ਜ਼ਿਆਦਾ ਅਸਮਾਨਤਾਵਾਂ ਵੀ ਹਨ। ਦੋਨੋਂ ਹੀ ਰਾਜੇ ਹਨ। ਰਾਵਣ ਲੰਕਾ ਦਾ ਉਸ ਵੇਲ਼ੇ ਦਾ ਸਦਾ ਬਹਾਰ ਰਾਜਾ ਜਿਸ ਨੂੰ ਤ੍ਰਿਲੋਕਵਿਜੇਤਾ ਵੀ ਕਿਹਾ ਜਾਂਦਾ ਹੈ ਅਤੇ ਦੂਜੇ ਪਾਸੇ ਭਗਵਾਨ ਸ੍ਰੀ ਰਾਮ ਜਿਹੜੇ ਕਿ ਇਕ ਰਾਜ ਕੁਮਾਰ ਹਨ ਅਤੇ ਰਾਜਾ ਬਣਦੇ ਬਣਦੇ ਆਖਰੀ ਮੌਕੇ 'ਤੇ ਬਨਵਾਸ ਚਲੇ ਜਾਂਦੇ ਹਨ। ਹਾਲਾਂਕਿ ਉਹ ਬਨਵਾਸ ਉਪਰੰਤ ਵੀ ਰਾਜਾ ਹੀ ਬਣਦੇ ਹਨ। ਰਾਵਣ ਫੌਜ ਪੱਖੋਂ, ਪੜ੍ਹਾਈ ਪੱਖੋਂ, ਉਮਰ ਪੱਖੋਂ, ਭਗਵਾਨ ਸ੍ਰੀ ਰਾਮ ਤੋਂ ਹਰ ਪਲ ਤਾਕਤਵਰ ਹੀ ਜਾਪਦਾ ਹੈ। ਮੌਕੇ 'ਤੇ ਭਗਵਾਨ ਰਾਮ ਬਨਵਾਸੀ ਹਨ ਅਤੇ ਰਾਵਣ ਰਾਜਾ। ਇਹ ਵੀ ਉਸ ਨੂੰ ਉਸ ਵੇਲੇ ਉੱਚਾ ਦਰਸਾਉਂਦਾ ਹੈ।



ਦੁਸਹਿਰੇ ਅਤੇ ਦਿਵਾਲ਼ੀ ਵਰਗੇ ਤਿਉਹਾਰਾਂ ਤੋਂ ਸਾਨੂੰ ਇਕ ਗੱਲ, ਇਕ ਸਿੱਖਿਆ ਜ਼ਰੂਰ ਮਿਲਦੀ ਹੈ ਕਿ ਜੋ ਮਰਜ਼ੀ ਹੋ ਜਾਵੇ, ਅਖੀਰ ਵਿੱਚ ਸੱਚ ਦੀ ਹੀ ਜਿੱਤ ਹੁੰਦੀ ਹੈ, ਤਾਂ ਹੀ ਤਾਂ ਦਸਹਿਰੇ ਭਾਵ ਰਾਵਣ ਦੇ ਮਰਨ ਦਿਨ ਨੂੰ ਬਦੀ ਉੱਤੇ ਨੇਕੀ ਦਾ ਤਿਉਹਾਰ ਵੀ ਕਿਹਾ ਜਾਂਦਾ ਹੈ। ਸੱਚ ਦੀ ਜਿੱਤ ਦਾ ਮਤਲਬ ਹੈ ਚੰਗੇ ਗੁਣਾਂ ਦੀ ਜਿੱਤ, ਕਿਉਂਕਿ ਚੰਗੇ ਗੁਣ ਹਮੇਸ਼ਾ ਸੱਚ ਦੇ ਨਾਲ਼ ਹੀ ਹੁੰਦੇ ਹਨ। ਸੱਚੇ ਬੰਦੇ ਹਮੇਸ਼ਾ ਚੰਗੇ ਗੁਣਾਂ ਦੇ ਹੀ ਧਾਰਨੀ ਹੁੰਦੇ ਹਨ। ਸਿਆਣੇ ਕਹਿੰਦੇ ਹਨ ਕਿ ਜਿਸ ਨੇ ਆਪਣੇ ਕਾਮ, ਕ੍ਰੋਧ, ਲੋਭ, ਮੋਹ ਅਤੇ ਹੰਕਾਰ 'ਤੇ ਕਾਬੂ ਪਾ ਲਿਆ, ਉਸ ਨੇ ਇਸ ਜੱਗ ਨੂੰ ਜਿੱਤ ਲਿਆ। ਭਾਵ ਉਹ ਜਗਤ ਵਿਜੇਤਾ ਹੋ ਜਾਂਦਾ ਹੈ। ਆਓ ਆਪਾਂ ਭਗਵਾਨ ਸ੍ਰੀ ਰਾਮ ਅਤੇ ਰਾਵਣ ਦੀ ਇਹਨਾਂ ਗੁਣਾਂ-ਦੋਸ਼ਾਂ ਦੀ ਪੜਚੋਲ ਕਰਨ ਦੀ ਕੋਸ਼ਿਸ਼ ਕਰੀਏ। ਹਾਲਾਂਕਿ ਅਸੀਂ ਭਗਵਾਨ ਦੇ ਗੁਣ ਵਾਚਣ ਦੇ ਯੋਗ ਨਹੀਂ ਹਾਂ ਕਿਉਕਿ ਉਹ ਤਾਂ ਅਪਰੰਪਾਰ ਹੈ, ਪਰ ਫਿਰ ਵੀ ਜਿੰਨਾ ਸਾਨੂੰ ਸਮਝ ਲੱਗਦਾ ਹੈ, ਉਸ ਦਾ ਜ਼ਿਕਰ ਕਰਨ ਦੀ ਕੋਸ਼ਿਸ਼ ਕਰੀਏ।

ਭਗਵਾਨ ਸ੍ਰੀ ਰਾਮ ਚੰਦਰ ਜੀ ਦੀ ਇਕ ਘਰਵਾਲ਼ੀ ਮਾਤਾ ਸੀਤਾ ਹੈ/ਸੀ, ਹਾਲਾਂਕਿ ਉਸ ਸਮੇਂ ਰਾਜੇ-ਮਹਾਰਾਜਿਆਂ ਵਿੱਚ ਇਹ ਵਿਚਾਰ ਅਤੇ ਰਿਵਾਜ਼ ਆਮ ਪ੍ਰਚਲਤ ਸੀ ਕਿ ਉਹ ਦੋ-ਦੋ, ਤਿੰਨ-ਤਿੰਨ ਵਿਆਹ ਕਰਵਾ ਲੈਂਦੇ ਸਨ, ਪਰ ਫਿਰ ਵੀ ਭਗਵਾਨ ਸ੍ਰੀ ਰਾਮ ਨੇ ਸਾਰੀ ਉਮਰ ਇਕ ਹੀ ਵਿਆਹ ਕਰਵਾਇਆ। ਕਿਹਾ ਜਾਂਦਾ ਹੈ ਕਿ ਇਸ ਦੀ ਪ੍ਰਤਿਗਿਆ ਉਹਨਾਂ ਨੇ ਵਿਆਹ ਤੋਂ ਪਹਿਲਾਂ ਹੀ ਕਰ ਲਈ ਸੀ। ਦੂਜੇ ਪਾਸੇ ਲੰਕਾ ਦੇ ਰਾਜੇ ਰਾਵਣ ਦੀਆਂ ਤਿੰਨ ਘਰਵਾਲ਼ੀਆਂ ਕਹੀਆਂ ਜਾਂਦੀਆਂ ਹਨ। ਮੰਦੋਦਰੀ, ਧਨਯਮਾਲਣੀ ਅਤੇ ਤੀਜੀ ਬਾਰੇ ਕਿਸੇ ਗ੍ਰੰਥ ਵਿੱਚ ਕੋਈ ਜ਼ਿਆਦਾ ਚਰਚਾ ਨਹੀਂ ਆਉਂਦੀ। ਕਿਹਾ ਜਾਂਦਾ ਹੈ ਕਿ ਇਹ ਤਿੰਨੋਂ ਪਤਨੀਆਂ ਸ੍ਰੀ ਹਰੀ ਦੀਆਂ ਭਗਤਣੀਆਂ ਸਨ, ਪਰ ਰਾਵਣ ਨੇ ਉਹਨਾਂ ਨੂੰ ਸ੍ਰੀ ਹਰੀ ਦੀ ਪੂਜਾ-ਬੰਦਗੀ ਕਰਨ ਤੋਂ ਰੋਕ ਦਿੱਤਾ ਸੀ। ਮੰਦੋਦਰੀ ਅਤੇ ਧਨਯਮਾਲਣੀ ਤਾ ਮੰਨ ਗਈਆਂ ਸਨ, ਪਰ ਤੀਜੀ ਪਤਨੀ ਨੇ ਅਜਿਹਾ ਨਹੀਂ ਕੀਤਾ ਸੀ ਤੇ ਇਹ ਵੀ ਕਿਹਾ ਜਾਂਦਾ ਹੈ ਕਿ ਗੁੱਸੇ ਵਿੱਚ ਰਾਵਣ ਨੇ ਉਸ ਨੂੰ ਮਾਰ ਮੁਕਾਇਆ ਸੀ। ਇਸ ਤੀਜੀ ਪਤਨੀ ਤੋਂ ਰਾਵਣ ਦੇ ਪ੍ਰਹਸਥ, ਨਰਾਂਤਕਾ ਅਤੇ ਦੇਵਤਾਕਾ ਤਿੰਨ ਬੇਟੇ ਸਨ।ਭਗਵਾਨ ਸ੍ਰੀ ਰਾਮ ਚੰਦਰ ਜੀ ਪਰਾਈ ਇਸਤਰੀ ਨੂੰ ਹਮੇਸ਼ਾ ਮਾਂ ਦੇ ਬਰਾਬਰ ਦਾ ਦਰਜਾ ਦਿੰਦੇ ਸਨ। ਰਾਵਣ ਦੀ ਮੌਤ ਤੋਂ ਬਾਅਦ ਜਦੋਂ ਮਹਾਰਾਣੀ ਮੰਦੋਦਰੀ ਜੰਗ ਦੇ ਮੈਦਾਨ ਵਿੱਚ ਰਾਵਣ ਦੀ ਦੇਹ (ਸਰੀਰ) ਨੂੰ ਦੇਖਣ ਲਈ ਆਉਂਦੀ ਹੈ ਤਾਂ ਉਸ ਵੇਲ਼ੇ ਮਹਾਰਾਣੀ ਮੰਦੋਦਰੀ ਦੀ ਪਰਛਾਈ ਦੇਖ ਕੇ ਵੀ ਭਗਵਾਨ ਸ੍ਰੀਰਾਮ ਹੱਥ ਜੋੜ ਕੇ ਉਸ ਨੂੰ ਮਾਤਾ ਕਹਿ ਕੇ, ਦੇਵੀ ਕਹਿ ਕੇ ਬੁਲਾਉਂਦੇ ਹਨ। ਜਿਹੜੀ ਕਿ ਉਹਨਾਂ ਦੀ ਉੱਚੀ ਸੋਚ ਨੂੰ ਦਰਸਾਉਂਦੀ ਹੈ। ਪਰ ਦੂਜੇ ਪਾਸੇ ਇਸ ਸੰਬੰਧੀ ਰਾਵਣ 'ਤੇ ਕਈ ਦੋਸ਼ ਹਨ। ਚਾਹੇ ਜਨਕਪੁਰੀ ਵਿੱਚ ਸਵੰਬਰ ਦੀ ਗੱਲ ਹੋਵੇ, ਚਾਹੇ ਬਨਵਾਸ ਤੋਂ ਪਹਿਲਾਂ ਰਾਜ-ਭਾਗ ਮਿਲਣ ਦੀ ਗੱਲ ਹੋਵੇ ਜਾਂ ਬਨਵਾਸ ਤੋਂ ਬਾਅਦ ਰਾਜ-ਭਾਗ ਭੋਗਣ ਦੀ ਗੱਲ ਹੋਵੇ, ਭਗਵਾਨ ਰਾਮ ਜੀ ਕਿਤੇ ਵੀ ਲਾਲਚ ਨਹੀਂ ਦਿਖਾਉਂਦੇ, ਨਾ ਹੀ ਉਹ ਆਂਢ-ਗਵਾਂਢ ਦੇ ਕਿਸੇ ਰਾਜ-ਦੇਸ਼ 'ਤੇ ਕਬਜ਼ੇ ਦਾ ਲਾਲਚ ਵਿਖਾਉਂਦੇ ਹਨ। ਉਹ ਤਾਂ ਲੰਕਾ ਫਤਹਿ ਕਰਨ ਤੋਂ ਬਾਅਦ ਵੀ ਲੰਕਾ ਵਿਭੀਸ਼ਣ ਦੇ ਸਪੁਰਦ ਕਰ ਦਿੰਦੇ ਹਨ, ਪਰ ਦੂਜੇ ਪਾਸੇ ਰਾਵਣ ਲਾਲਚ ਵਿੱਚ ਫਸਿਆ ਦਿਖਾਈ ਦਿੰਦਾ ਹੈ। ਭਗਵਾਨ ਸ਼ਿਵ ਸ਼ੰਕਰ ਵੱਲੋਂ ਆਪਣੀ ਧਰਮ ਪਤਨੀ ਮਾਤਾ ਪਾਰਵਤੀ ਲਈ ਭਗਵਾਨ ਵਿਸ਼ਵਕਰਮਾ ਜੀ ਤੋਂ ਬਣਵਾਏ ਨਗਰ ਜਿਸ ਨੂੰ ਲੰਕਾ ਕਿਹਾ ਜਾਂਦਾ ਹੈ, ਦੀ ਚਮਕ-ਦਮਕ ਨੂੰ ਦੇਖ ਕੇ ਰਾਵਣ ਨੇ ਲਾਲਚ ਵਿੱਚ ਆ ਕੇ ਤਿਕੜਮ ਲੜਾ ਕੇ ਭਗਵਾਨ ਤੋਂ ਲੰਕਾ ਮੰਗ ਲਈ ਸੀ। ਇਹ ਉਸ ਦੇ ਲਾਲਚ ਦੀ ਤਰਜ਼ਮਾਨੀ ਕਰਦਾ।ਰਾਵਣ ਸਾਨੂੰ ਹਰ ਪਲ ਮੋਹ ਵਿੱਚ ਫਸਿਆ ਜਾਪਦਾ ਹੈ। ਮੇਘਨਾਥ (ਇੰਦਰਜੀਤ) ਦਾ ਮੋਹ, ਛੋਟੇ ਭਰਾ ਕੁੰਭਕਰਨ ਦਾ ਮੋਹ, ਆਪਣੇ ਹੋਰ ਛੇ ਬੱਚਿਆਂ ਦਾ ਪਿਆਰ ਸਾਨੂੰ ਦਿਖਾਈ ਦਿੰਦਾ ਹੈ। ਜਦੋਂ ਉਸ ਦੀ ਇਹਨਾਂ ਸੱਤੇ ਪੁੱਤਰਾਂ ਦੀ ਮੌਤ ਹੁੰਦੀ ਹੈ ਤਾਂ ਉਹ ਮੋਹ ਵਸ ਰੋਣ ਫੜਫੜਾਉਣ ਦੀ ਕੋਸ਼ਿਸ਼ ਕਰਦਾ ਹੈ। ਉਹ ਲੰਕਾ ਨਾਲ਼ ਲਾਲਚੀ ਮੋਹ ਦਿਖਾਉਂਦਾ ਹੈ, ਜੋ ਕਿ ਅਸਲ ਵਿੱਚ ਲੰਕਾ (ਜਾਇਦਾਦ) ਨਾਲ਼ ਹੈ। ਲੰਕਾ ਦੇ ਲੋਕਾਂ ਨਾਲ਼ ਨਹੀਂ।ਦੂਜੇ ਪਾਸੇ ਭਗਵਾਨ ਸ੍ਰੀ ਰਾਮ ਚੰਦਰ ਜੀ ਰਿਸ਼ਤਾ ਤਾਂ ਹਰ ਨਿਭਾਉਂਦੇ ਹਨ, ਪਰ ਤਿਓ ਕਿਸੇ ਵੀ ਰਿਸ਼ਤੇ ਵਿੱਚ ਨਹੀਂ ਦਰਸਾਉਂਦੇ। ਹਰ ਰਿਸ਼ਤੇ ਨੂੰ ਮਰਿਆਦਾ ਵਿੱਚ ਰੱਖਦੇ ਹਨ।

ਉਪਰੋਕਤ ਨੂੰ ਵਾਚਣ ਤੋਂ ਬਾਅਦ ਅਸੀਂ ਇਹ ਕਹਿ ਸਕਦੇ ਹਾਂ ਕਿ ਜਿੱਥੇ ਭਗਵਾਨ ਸ੍ਰੀ ਰਾਮ ਚੰਦਰ ਜੀ ਨੇ ਆਪਣੇ ਕਾਮ, ਕ੍ਰੋਧ (ਗੁੱਸੇ), ਲੋਭ (ਲਾਲਚ), ਮੋਹ (ਪਿਆਰ/ਤਿਓ) ਅਤੇ ਹੰਕਾਰ 'ਤੇ ਕਾਬੂ ਕੀਤਾ ਹੋਇਆ ਸੀ, ਉੱਥੇ ਰਾਵਣ ਇਹਨਾਂ ਵਾਸਨਾਵਾਂ ਵਿੱਚ ਜਕੜਿਆ ਹੋਇਆ ਸੀ। ਉਸ ਦਾ ਗਿਆਨ ਵੀ ਇਹਨਾਂ (ਵਾਸਨਾਵਾਂ) ਦੇ ਅੱਗੇ ਗੋਡੇ ਟੇਕ ਚੁੱਕਾ ਸੀ। ਇਹੀ ਉਸ ਦੇ ਪਤਨ, ਹਾਰ ਅਤੇ ਮੌਤ ਦਾ ਕਾਰਨ ਬਣਦੇ ਹਨ।

**ਸੰਪਰਕ : 80049-10000**

# ਪੰਜਾਬ ਦੀ ਰਾਜਨੀਤੀ ਤੋਂ ਸੁਚੇਤ ਹੋਣ ਦੀ ਲੋੜ



ਪ੍ਰੋ : ਮਨਦੀਪ ਸਿੰਘ

ਪੰਜਾਬ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ, ਧਰਮ-ਨਿਰਪੱਖ ਸੋਚ, ਬਹਾਦਰੀ ਅਤੇ ਮਿਹਨਤੀ ਲੋਕਾਂ ਲਈ ਜਾਣਿਆ ਜਾਂਦਾ ਹੈ। ਅੱਜ ਲੋੜ ਹੈ ਕਿ ਪੰਜਾਬ ਨੂੰ ਸਹੀ ਦਿਸ਼ਾ ਵੱਲ ਲਿਜਾਣ ਲਈ ਲੋਕ ਖੁਦ ਵੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ। ਚੋਣਾਂ ਨੇੜੇ ਆ ਰਹੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਲੋਕਾਂ ਨੂੰ ਆਪਣੇ ਆਗੂਆਂ ਦੀ ਚੋਣ ਬਹੁਤ ਸੋਚ-ਸਮਝ ਕੇ ਕਰਨੀ ਪਵੇਗੀ।ਅੱਜ ਦੀ ਰਾਜਨੀਤੀ ਨੂੰ ਵੇਖੀਏ ਤਾਂ ਕਈ ਵਾਰ ਲੱਗਦਾ ਹੈ ਕਿ ਸੱਤਾ ਹਾਸਲ ਕਰਨਾ ਹੀ ਸਭ ਤੋਂ ਵੱਡਾ ਮਕਸਦ ਬਣ ਗਿਆ ਹੈ। ਲੋਕਾਂ ਦੇ ਅਸਲ ਮੁੱਦੇ ਪਿੱਛੇ ਰਹਿ ਜਾਂਦੇ ਹਨ। ਚੋਣਾਂ ਸਮੇਂ ਵੱਡੇ-ਵੱਡੇ ਵਾਅਦੇ ਕੀਤੇ ਜਾਂਦੇ ਹਨ, ਪਰ ਸਰਕਾਰ ਬਣਨ ਤੋਂ ਬਾਅਦ ਉਨ੍ਹਾਂ ਵਾਅਦਿਆਂ ਦੀ ਪੂਰਤੀ ਅਤੇ ਲੋਕਾਂ ਦੀਆਂ ਮੁਸ਼ਕਲਾਂ ਬਾਰੇ ਲਗਾਤਾਰ ਸਵਾਲ ਪੁੱਛਣ ਦੀ ਲੋੜ ਹੈ।ਪੰਜਾਬ ਦੇ ਲੋਕਾਂ ਨੂੰ ਸਰਕਾਰ ਦੇ ਕੰਮਾਂ ਦਾ ਲੇਖਾ-ਜੋਖਾ ਕਰਨਾ ਚਾਹੀਦਾ ਹੈ। ਇਸ ਦੇ ਨਾਲ ਇਹ ਵੀ ਸੋਚਣਾ ਚਾਹੀਦਾ ਹੈ ਕਿ ਸੂਬੇ ਦੀਆਂ ਅਸਲ ਸਮੱਸਿਆਵਾਂ ਕੀ ਹਨ ਅਤੇ ਉਨ੍ਹਾਂ ਦੇ ਹੱਲ ਲਈ ਕਿਹੜੀਆਂ ਨੀਤੀਆਂ ਦੀ ਲੋੜ ਹੈ। ਸਿਰਫ਼ ਇੱਕ-ਦੂਜੇ 'ਤੇ ਦੋਸ਼ ਲਗਾਉਣ ਨਾਲ ਪੰਜਾਬ ਦੀਆਂ ਸਮੱਸਿਆਵਾਂ ਹੱਲ ਨਹੀਂ ਹੋਣੀਆਂ। ਰਾਜਨੀਤਕ ਪਾਰਟੀਆਂ ਨੂੰ ਆਪਣੀ ਵਿਚਾਰਧਾਰਾ ਅਤੇ ਨੀਤੀਆਂ 'ਤੇ ਕਾਇਮ ਰਹਿਣਾ ਚਾਹੀਦਾ ਹੈ। ਥੋੜ੍ਹੇ ਸਮੇਂ ਬਾਅਦ ਸੱਤਾ ਅਤੇ ਨਿੱਜੀ ਲਾਭਾਂ ਦੇ ਚੱਕਰ ਵਿੱਚ ਵਿਚਾਰਧਾਰਾ ਨੂੰ ਪਿੱਛੇ ਛੱਡ ਦੇਣਾ ਲੋਕਤੰਤਰ ਲਈ ਚੰਗਾ ਸੰਕੇਤ ਨਹੀਂ।ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ, ਕਿਸਾਨੀ ਸੰਕਟ, ਬੇਰੁਜ਼ਗਾਰੀ, ਕਾਨੂੰਨ-ਵਿਵਸਥਾ, ਭ੍ਰਿਸ਼ਟਾਚਾਰ, ਵਧਦਾ ਕਰਜ਼ਾ ਅਤੇ ਵਿਕਾਸ ਦੀ ਰਫ਼ਤਾਰ ਵਰਗੇ ਕਈ ਵੱਡੇ ਮੁੱਦੇ ਹਨ। ਇਨ੍ਹਾਂ ਮੁੱਦਿਆਂ 'ਤੇ ਰਾਜਨੀਤਕ ਪਾਰਟੀਆਂ ਵਿਚਕਾਰ ਗੰਭੀਰ ਬਹਿਸ ਹੋਣੀ ਚਾਹੀਦੀ ਹੈ। ਰਾਜਨੀਤੀ ਸਿਰਫ਼ ਇੱਕ-ਦੂਜੇ ਨੂੰ ਬੁਰਾ-ਭਲਾ ਕਹਿਣ ਅਤੇ ਲੱਤਾਂ ਖਿੱਚਣ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ। ਸਹੀ ਗੱਲ ਨੂੰ ਸਿਰਫ਼ ਇਸ ਕਰਕੇ ਗਲਤ ਨਹੀਂ ਕਿਹਾ ਜਾਣਾ ਚਾਹੀਦਾ ਕਿ ਉਹ ਵਿਰੋਧੀ ਪਾਸੇ ਤੋਂ ਆਈ ਹੈ।ਪੰਜਾਬ ਵਿੱਚ ਅੱਜ ਵੀ ਬੁਨਿਆਦੀ ਵਿਕਾਸ ਦੀ ਬਹੁਤ ਲੋੜ ਹੈ। ਗਲੀਆਂ-ਨਾਲੀਆਂ ਅਤੇ ਸੜਕਾਂ ਬਣਾਉਣਾ ਵੀ ਜ਼ਰੂਰੀ ਹੈ, ਪਰ ਵਿਕਾਸ ਦਾ ਮਤਲਬ ਸਿਰਫ਼ ਇਹ ਨਹੀਂ। ਸਰਕਾਰੀ ਹਸਪਤਾਲਾਂ ਦੀ ਹਾਲਤ ਸੁਧਾਰਨ, ਨਵੇਂ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ, ਸਰਕਾਰੀ ਯੂਨੀਵਰਸਿਟੀਆਂ ਅਤੇ ਸਿੱਖਿਆ ਸੰਸਥਾਵਾਂ ਨੂੰ ਮਜ਼ਬੂਤ ਕਰਨ ਦੀ ਲੋੜ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਜਿੱਥੇ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਹਨ, ਉੱਥੇ ਯੋਗ ਅਧਿਆਪਕਾਂ ਦੀ ਭਰਤੀ ਹੋਣੀ ਚਾਹੀਦੀ ਹੈ।ਸਾਡੇ ਨੌਜਵਾਨਾਂ ਨੂੰ ਸਿਰਫ਼ ਮੁਫ਼ਤ ਸਹੂਲਤਾਂ ਦੀ ਨਹੀਂ, ਸਗੋਂ ਚੰਗੀ ਸਿੱਖਿਆ ਅਤੇ ਰੁਜ਼ਗਾਰ ਦੀ ਲੋੜ ਹੈ। ਨੌਜਵਾਨਾਂ ਨੂੰ ਯੂਨੀਵਰਸਿਟੀ ਪੱਧਰ ਤੱਕ ਮਿਆਰੀ ਸਿੱਖਿਆ ਦੇ ਮੌਕੇ ਅਤੇ ਹੁਨਰ ਅਨੁਸਾਰ ਰੁਜ਼ਗਾਰ ਮਿਲੇ ਤਾਂ ਉਹ ਆਪਣੇ ਭਵਿੱਖ ਬਾਰੇ ਪੰਜਾਬ ਵਿੱਚ ਰਹਿ ਕੇ ਵੀ ਸੋਚ ਸਕਦੇ ਹਨ। ਨਸ਼ਿਆਂ ਨੂੰ ਰੋਕਣ ਲਈ ਵੀ ਸਿਰਫ਼ ਨਾਅਰੇ ਕਾਫ਼ੀ ਨਹੀਂ। ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਾਲ ਨੌਜਵਾਨਾਂ ਲਈ ਸਿੱਖਿਆ, ਖੇਡਾਂ ਅਤੇ ਰੁਜ਼ਗਾਰ ਦੇ ਮੌਕੇ ਵਧਾਉਣੇ ਵੀ ਜ਼ਰੂਰੀ ਹਨ।ਪੰਜਾਬ ਦੀ ਕਿਸਾਨੀ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਕਿਸਾਨ ਨੂੰ ਸਿਰਫ਼ ਚੋਣਾਂ ਦੇ ਸਮੇਂ ਯਾਦ ਕਰਨ ਦੀ ਬਜਾਏ ਖੇਤੀ ਨੂੰ ਲਾਹੇਵੰਦ ਬਣਾਉਣ, ਫ਼ਸਲੀ ਵਿਭਿੰਨਤਾ, ਪਾਣੀ ਦੀ ਸੰਭਾਲ ਅਤੇ ਕਿਸਾਨ ਦੀ ਆਮਦਨ ਨਾਲ ਜੁੜੀਆਂ ਨੀਤੀਆਂ 'ਤੇ ਲਗਾਤਾਰ ਕੰਮ ਕਰਨ ਦੀ ਲੋੜ ਹੈ। ਸਰਕਾਰ ਦੀ ਪੂਰੀ ਟੀਮ ਦਾ ਇਮਾਨਦਾਰ ਹੋਣਾ ਬਹੁਤ ਜ਼ਰੂਰੀ ਹੈ। ਸਿਰਫ਼ ਮੁੱਖ ਮੰਤਰੀ ਦਾ ਇਮਾਨਦਾਰ ਹੋਣਾ ਕਾਫ਼ੀ ਨਹੀਂ; ਮੰਤਰੀ, ਵਿਧਾਇਕ, ਪਾਰਟੀ ਦੇ ਜ਼ਿੰਮੇਵਾਰ ਆਗੂ ਅਤੇ ਸਰਕਾਰੀ ਪ੍ਰਬੰਧ ਨਾਲ ਜੁੜੇ ਸਾਰੇ ਲੋਕ ਵੀ ਇਮਾਨਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਕੰਮ ਕਰਨ ਵਾਲੇ ਹੋਣੇ ਚਾਹੀਦੇ ਹਨ। ਜੇਕਰ ਟੀਮ ਦਾ ਕੋਈ ਮੈਂਬਰ ਭ੍ਰਿਸ਼ਟਾਚਾਰ ਜਾਂ ਗਲਤ ਕੰਮ ਵਿੱਚ ਸ਼ਾਮਲ ਹੋਵੇ ਤਾਂ ਉਸ ਖ਼ਿਲਾਫ਼ ਪੱਖਪਾਤ ਤੋਂ ਬਿਨਾਂ ਕਾਰਵਾਈ ਹੋਣੀ ਚਾਹੀਦੀ ਹੈ। ਮੁੱਖ ਮੰਤਰੀ ਅਤੇ ਮੰਤਰੀ ਮੰਡਲ ਨੂੰ ਆਪਣੀ ਟੀਮ ਦੇ ਕੰਮਾਂ ਦੀ ਨਿਗਰਾਨੀ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਰਕਾਰੀ ਅਹੁਦੇ ਨਿੱਜੀ ਲਾਭ ਜਾਂ ਸਿਆਸੀ ਦਬਾਅ ਲਈ ਨਾ ਵਰਤੇ ਜਾਣ। ਇਮਾਨਦਾਰ ਅਤੇ ਯੋਗ ਲੋਕਾਂ ਨੂੰ ਹੀ ਜ਼ਿੰਮੇਵਾਰੀਆਂ ਦੇਣ ਨਾਲ ਸਰਕਾਰ ਵਿੱਚ ਲੋਕਾਂ ਦਾ ਭਰੋਸਾ ਮਜ਼ਬੂਤ ਹੋ ਸਕਦਾ ਹੈ।ਪੰਜਾਬ ਵਿੱਚ ਪੁਲਸ ਪ੍ਰਬੰਧ ਨੂੰ ਵੀ ਮਜ਼ਬੂਤ, ਨਿਰਪੱਖ ਅਤੇ ਲੋਕ-ਪੱਖੀ ਬਣਾਉਣਾ ਬਹੁਤ ਜ਼ਰੂਰੀ ਹੈ। ਪੁਲਸ ਭਰਤੀ ਵਿੱਚ ਯੋਗਤਾ, ਪਾਰਦਰਸ਼ਤਾ ਅਤੇ ਇਮਾਨਦਾਰੀ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਕਾਨੂੰਨ-ਵਿਵਸਥਾ ਨੂੰ ਮਜ਼ਬੂਤੀ ਮਿਲੇ ਅਤੇ ਲੋਕਾਂ ਦਾ ਪੁਲਸ 'ਤੇ ਭਰੋਸਾ ਬਣਿਆ ਰਹੇ। ਪੁਲਸ 'ਤੇ ਬੇਲੋੜਾ ਸਿਆਸੀ ਦਬਾਅ ਨਹੀਂ ਹੋਣਾ ਚਾਹੀਦਾ ਅਤੇ ਪੁਲਸ ਨੂੰ ਕਾਨੂੰਨ ਅਨੁਸਾਰ ਨਿਰਪੱਖਤਾ ਨਾਲ ਕੰਮ ਕਰਨ ਦੀ ਪੂਰੀ ਆਜ਼ਾਦੀ ਮਿਲਣੀ ਚਾਹੀਦੀ ਹੈ।ਕਿਸੇ ਆਮ ਨਾਗਰਿਕ ਨੂੰ ਆਪਣੀ ਸ਼ਿਕਾਇਤ ਦਰਜ ਕਰਵਾਉਣ, ਹੱਕ ਮੰਗਣ ਜਾਂ ਗਲਤ ਕੰਮ ਦੇ ਖ਼ਿਲਾਫ਼ ਆਵਾਜ਼ ਉਠਾਉਣ ਲਈ ਕਿਸੇ ਸਿਆਸੀ ਸਿਫ਼ਾਰਸ਼ ਜਾਂ ਪ੍ਰਭਾਵਸ਼ਾਲੀ ਵਿਅਕਤੀ ਦੀ ਲੋੜ ਨਾ ਪਵੇ। ਲੋਕਾਂ ਨੂੰ ਇਹ ਮਹਿਸੂਸ ਹੋਣਾ ਚਾਹੀਦਾ ਹੈ ਕਿ ਕਾਨੂੰਨ ਉਨ੍ਹਾਂ ਦੀ ਰੱਖਿਆ ਲਈ ਹੈ ਅਤੇ ਸਰਕਾਰੀ ਸੰਸਥਾਵਾਂ ਉਨ੍ਹਾਂ ਦੀ ਸੇਵਾ ਲਈ ਹਨ। ਜਦੋਂ ਲੋਕ ਬਿਨਾਂ ਡਰ, ਦਬਾਅ ਜਾਂ ਧਮਕੀ ਦੇ ਆਪਣੀ ਜ਼ਿੰਦਗੀ ਬਤੀਤ ਕਰ ਸਕਣਗੇ, ਤਦ ਹੀ ਅਸਲ ਲੋਕਤੰਤਰ ਅਤੇ ਸੁਸ਼ਾਸਨ ਦੀ ਸਥਾਪਨਾ ਹੋਵੇਗੀ।ਕਈ ਵਾਰ ਗਲਤ ਦਸਤਾਵੇਜ਼ਾਂ, ਝੂਠੀਆਂ ਸ਼ਿਕਾਇਤਾਂ ਜਾਂ ਗਲਤ ਪ੍ਰਸ਼ਾਸਨਿਕ ਫ਼ੈਸਲਿਆਂ ਕਾਰਨ ਆਮ ਲੋਕਾਂ ਨੂੰ ਦਫ਼ਤਰਾਂ ਅਤੇ ਅਦਾਲਤਾਂ ਦੇ ਚੱਕਰ ਲਗਾਉਣੇ ਪੈਂਦੇ ਹਨ। ਅਜਿਹੇ ਮਾਮਲਿਆਂ ਵਿੱਚ ਨਿਰਪੱਖ ਜਾਂਚ ਅਤੇ ਜਵਾਬਦੇਹੀ ਹੋਣੀ ਚਾਹੀਦੀ ਹੈ। ਕਾਨੂੰਨ ਦੀ ਨਜ਼ਰ ਵਿੱਚ ਆਮ ਨਾਗਰਿਕ ਅਤੇ ਪ੍ਰਭਾਵਸ਼ਾਲੀ ਵਿਅਕਤੀ ਵਿੱਚ ਕੋਈ ਫ਼ਰਕ ਨਹੀਂ ਹੋਣਾ ਚਾਹੀਦਾ। ਕਾਨੂੰਨ ਦਾ ਰਾਜ ਤਦ ਹੀ ਮਜ਼ਬੂਤ ਹੋਵੇਗਾ ਜਦੋਂ ਗਲਤ ਕੰਮ ਕਰਨ ਵਾਲੇ ਨੂੰ ਉਸ ਦੇ ਅਹੁਦੇ ਜਾਂ ਸਿਆਸੀ ਪਹੁੰਚ ਦੇ ਆਧਾਰ 'ਤੇ ਕੋਈ ਵਿਸ਼ੇਸ਼ ਛੋਟ ਨਾ ਮਿਲੇ।ਪੰਜਾਬ ਦਾ ਕਰਜ਼ਾ ਵੀ ਇੱਕ ਵੱਡੀ ਚਿੰਤਾ ਹੈ। ਹਰ ਪਾਰਟੀ ਵੱਲੋਂ ਲੋਕਾਂ ਨੂੰ ਸਹੂਲਤਾਂ ਦੇਣ ਦੀ ਗੱਲ ਕਰਨਾ ਸੁਭਾਵਿਕ ਹੈ, ਪਰ ਸਰਕਾਰ ਨੂੰ ਇਹ ਵੀ ਦੇਖਣਾ ਪਵੇਗਾ ਕਿ ਇਨ੍ਹਾਂ ਯੋਜਨਾਵਾਂ ਦਾ ਸੂਬੇ ਦੀ ਆਰਥਿਕਤਾ 'ਤੇ ਲੰਮੇ ਸਮੇਂ ਵਿੱਚ ਕੀ ਪ੍ਰਭਾਵ ਪਵੇਗਾ। ਆਮਦਨ ਵਧਾਉਣ, ਉਦਯੋਗ ਲਿਆਉਣ, ਰੁਜ਼ਗਾਰ ਪੈਦਾ ਕਰਨ ਅਤੇ ਸਰਕਾਰੀ ਖਰਚ ਨੂੰ ਸੋਚ-ਸਮਝ ਕੇ ਕਰਨ ਦੀ ਲੋੜ ਹੈ। ਰਾਜਨੀਤੀ ਵਿੱਚ ਬਹਿਸ ਵਿਅਕਤੀਗਤ ਦੋਸ਼ਾਂ ਦੀ ਬਜਾਏ ਨੀਤੀਆਂ, ਕੰਮ ਅਤੇ ਪੰਜਾਬ ਦੇ ਭਵਿੱਖ 'ਤੇ ਕੇਂਦਰਿਤ ਹੋਣੀ ਚਾਹੀਦੀ ਹੈ।ਅੱਜ ਪੰਜਾਬ ਨੂੰ ਅਜਿਹੀ ਰਾਜਨੀਤੀ ਦੀ ਲੋੜ ਹੈ ਜਿਸ ਵਿੱਚ ਨਸ਼ਾ, ਕਿਸਾਨੀ, ਬੇਰੁਜ਼ਗਾਰੀ, ਕਾਨੂੰਨ-ਵਿਵਸਥਾ, ਭ੍ਰਿਸ਼ਟਾਚਾਰ, ਕਰਜ਼ਾ, ਸਿੱਖਿਆ, ਸਿਹਤ ਅਤੇ ਅਸਲ ਵਿਕਾਸ ਵਰਗੇ ਮੁੱਦੇ ਕੇਂਦਰ ਵਿੱਚ ਹੋਣ। ਲੋਕਾਂ ਨੂੰ ਵੀ ਚੋਣਾਂ ਸਮੇਂ ਸਿਰਫ਼ ਪਾਰਟੀ ਜਾਂ ਭਾਵਨਾਵਾਂ ਦੇ ਆਧਾਰ 'ਤੇ ਫ਼ੈਸਲਾ ਕਰਨ ਦੀ ਬਜਾਏ ਉਮੀਦਵਾਰ ਦੇ ਕੰਮ, ਸੋਚ ਅਤੇ ਲੋਕਾਂ ਪ੍ਰਤੀ ਜਵਾਬਦੇਹੀ ਨੂੰ ਦੇਖਣਾ ਚਾਹੀਦਾ ਹੈ। ਇਸ ਦੇ ਨਾਲ ਇਹ ਵੀ ਦੇਖਣਾ ਚਾਹੀਦਾ ਹੈ ਕਿ ਉਮੀਦਵਾਰ ਇਮਾਨਦਾਰ ਹੈ ਜਾਂ ਨਹੀਂ ਅਤੇ ਉਹ ਲੋਕਾਂ ਦੇ ਪੈਸੇ ਤੇ ਸਰਕਾਰੀ ਅਹੁਦੇ ਦੀ ਕਦਰ ਕਰਦਾ ਹੈ ਜਾਂ ਨਹੀਂ।ਪੰਜਾਬ ਦਾ ਭਵਿੱਖ ਸਿਰਫ਼ ਰਾਜਨੀਤਿਕ ਆਗੂਆਂ ਦੇ ਹੱਥ ਵਿੱਚ ਨਹੀਂ, ਸਗੋਂ ਪੰਜਾਬ ਦੇ ਲੋਕਾਂ ਦੇ ਹੱਥ ਵਿੱਚ ਵੀ ਹੈ। ਲੋਕ ਜਿੰਨੇ ਸੁਚੇਤ ਹੋਣਗੇ, ਆਗੂਆਂ ਤੋਂ ਉਨ੍ਹਾਂ ਦੀਆਂ ਉਮੀਦਾਂ ਅਤੇ ਸਵਾਲ ਵੀ ਓਨੇ ਹੀ ਸਪੱਸ਼ਟ ਹੋਣਗੇ। ਇਸ ਲਈ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਹਰ ਨਾਗਰਿਕ ਨੂੰ ਇੱਕ ਵਾਰ ਜ਼ਰੂਰ ਸੋਚਣਾ ਚਾਹੀਦਾ ਹੈ ਕਿ ਸਾਨੂੰ ਸਿਰਫ਼ ਸਰਕਾਰ ਬਦਲਣੀ ਹੈ ਜਾਂ ਪੰਜਾਬ ਦੀ ਰਾਜਨੀਤੀ ਦਾ ਕੰਮ ਕਰਨ ਦਾ ਢੰਗ ਵੀ ਬਦਲਣਾ ਹੈ।ਆਓ, ਇਸ ਵਾਰ ਆਪਣੀ ਆਵਾਜ਼ ਅਤੇ ਆਪਣੀ ਵੋਟ ਦੀ ਕੀਮਤ ਨੂੰ ਸਮਝੀਏ। ਕਿਸੇ ਦੇ ਕਹਿਣ, ਲਾਲਚ, ਡਰ ਜਾਂ ਭਾਵਨਾਤਮਕ ਨਾਅਰੇ ਦੇ ਪ੍ਰਭਾਵ ਹੇਠ ਆਉਣ ਦੀ ਬਜਾਏ ਆਪਣੇ ਮਨ ਨਾਲ ਸਵਾਲ ਕਰੀਏ—ਸਾਡੇ ਪੰਜਾਬ ਲਈ ਕੌਣ ਕੀ ਕਰ ਰਿਹਾ ਹੈ, ਕੀ ਵਾਅਦਾ ਕੀਤਾ ਗਿਆ ਹੈ ਅਤੇ ਅਸਲ ਵਿੱਚ ਕੀ ਕੀਤਾ ਗਿਆ ਹੈ। ਆਗੂ ਕੋਈ ਵੀ ਹੋਵੇ, ਪਾਰਟੀ ਕੋਈ ਵੀ ਹੋਵੇ, ਪੰਜਾਬ ਸਭ ਤੋਂ ਪਹਿਲਾਂ ਹੋਣਾ ਚਾਹੀਦਾ ਹੈ।

ਅਜਿਹੀ ਰਾਜਨੀਤੀ ਦੀ ਮੰਗ ਕਰੀਏ, ਜਿਸ ਵਿੱਚ ਨੌਜਵਾਨਾਂ ਨੂੰ ਰੁਜ਼ਗਾਰ, ਕਿਸਾਨਾਂ ਨੂੰ ਮਜ਼ਬੂਤੀ, ਬੱਚਿਆਂ ਨੂੰ ਚੰਗੀ ਸਿੱਖਿਆ, ਲੋਕਾਂ ਨੂੰ ਸੁਰੱਖਿਆ ਅਤੇ ਪੰਜਾਬ ਨੂੰ ਟਿਕਾਊ ਵਿਕਾਸ ਮਿਲੇ। ਸਾਡੀ ਇੱਕ ਸੂਝਵਾਨ ਸੋਚ ਅਤੇ ਇੱਕ ਜ਼ਿੰਮੇਵਾਰ ਫ਼ੈਸਲਾ ਪੰਜਾਬ ਦੀ ਆਉਣ ਵਾਲੀ ਪੀੜ੍ਹੀ ਦਾ ਰਾਹ ਤੈਅ ਕਰ ਸਕਦਾ ਹੈ।ਸਰਕਾਰ ਕੋਈ ਵੀ ਹੋਵੇ, ਉਸ ਦੀ ਮਨਸ਼ਾ ਇਹ ਹੋਣੀ ਚਾਹੀਦੀ ਹੈ ਕਿ ਜਿੰਨਾ ਸਮਾਂ ਲੋਕਾਂ ਨੇ ਸੇਵਾ ਦਾ ਮੌਕਾ ਦਿੱਤਾ ਹੈ, ਉਹ ਸਮਾਂ ਲੋਕ-ਸੇਵਾ ਅਤੇ ਪੰਜਾਬ ਨੂੰ ਰੌਸ਼ਨ ਕਰਨ ਲਈ ਸਮਰਪਿਤ ਕੀਤਾ ਜਾਵੇ। ਸਰਕਾਰੀ ਦਫ਼ਤਰਾਂ ਵਿੱਚ ਆਮ ਨਾਗਰਿਕ ਨਾਲ ਸਨਮਾਨ ਨਾਲ ਪੇਸ਼ ਆਇਆ ਜਾਵੇ, ਉਸ ਦੀ ਸ਼ਿਕਾਇਤ ਸੁਣੀ ਜਾਵੇ ਅਤੇ ਨਿਰਧਾਰਤ ਸਮੇਂ ਅੰਦਰ ਉਸ ਦਾ ਹੱਲ ਕੀਤਾ ਜਾਵੇ। ਜਦੋਂ ਲੋਕ ਬਿਨਾਂ ਡਰ ਅਤੇ ਬੇਝਿਜਕ ਆਪਣੀ ਜ਼ਿੰਦਗੀ ਬਤੀਤ ਕਰ ਸਕਣ, ਆਪਣੇ ਹੱਕ ਮੰਗ ਸਕਣ ਅਤੇ ਆਪਣੇ ਬੱਚਿਆਂ ਦੇ ਭਵਿੱਖ ਬਾਰੇ ਨਿਸਚਿੰਤ ਹੋ ਸਕਣ, ਤਦ ਹੀ ਸਰਕਾਰ ਨੂੰ ਸੱਚੇ ਅਰਥਾਂ ਵਿੱਚ ਲੋਕਾਂ ਦੀ ਸਰਕਾਰ ਕਿਹਾ ਜਾ ਸਕਦਾ ਹੈ।ਪੰਜਾਬ ਨੂੰ ਨਾਅਰਿਆਂ ਤੋਂ ਵੱਧ ਕੰਮ ਦੀ, ਦੋਸ਼ਾਂ ਤੋਂ ਵੱਧ ਵਿਚਾਰਾਂ ਦੀ ਅਤੇ ਸਿਆਸੀ ਟਕਰਾਅ ਤੋਂ ਵੱਧ ਲੋਕ-ਹਿੱਤ ਦੀ ਲੋੜ ਹੈ।

**# ਸੰਪਰਕ : 99146-00690**

# ਮ੍ਰਿਤਕ ਮਜ਼ਦੂਰਾਂ ਦੇ ਪਰਵਾਰਾਂ ਨੂੰ 20-20 ਲੱਖ ਰੁਪਏ ਮੁਆਵਜ਼ਾ ਤੇ ਸਰਕਾਰੀ ਨੌਕਰੀ ਦਿੱਤੀ ਜਾਵੇ : ਨਰੇਗਾ ਯੂਨੀਅਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਅਲੀਸ਼ੇਰ (ਲਹਿਰਾਗਾਗਾ) ਵਿਖੇ ਸੜਕ ’ਤੇ ਕੰਮ ਕਰ ਰਹੇ ਨਰੇਗਾ/ਗ੍ਰਾਮ ਜੀ ਮਜ਼ਦੂਰਾਂ ਉੱਪਰ ਕਾਰ ਚੜ੍ਹਨ ਕਾਰਨ ਵਾਪਰੇ ਦਰਦਨਾਕ ਹਾਦਸੇ ਵਿੱਚ ਮਜ਼ਦੂਰਾਂ ਦੀਆਂ ਹੋਈਆਂ ਮੌਤਾਂ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਸਕੱਤਰ ਜਗਸੀਰ ਖੋਸਾ, ਸਲਾਹਕਾਰ ਕੁਲਦੀਪ ਸਿੰਘ ਭੋਲਾ ਤੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਹਾਦਸੇ ਵਿੱਚ ਮਾਰੇ ਗਏ ਮਜ਼ਦੂਰਾਂ ਦੇ ਪਰਵਾਰਾਂ ਨੂੰ 20-20 ਲੱਖ ਰੁਪਏ ਮੁਆਵਜ਼ਾ ਤੇ ਹਰੇਕ ਪਰਵਾਰ ਦੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਇਸ ਦੇ ਨਾਲ ਹੀ ਹਾਦਸੇ ਵਿੱਚ ਜ਼ਖ਼ਮੀ ਹੋਏ ਸਾਰੇ ਮਜ਼ਦੂਰਾਂ ਦਾ ਇਲਾਜ ਸਰਕਾਰੀ ਖ਼ਰਚੇ ’ਤੇ ਕਰਵਾਇਆ ਜਾਵੇ ਤੇ ਉਨ੍ਹਾਂ ਨੂੰ ਵੀ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਇਹ ਬੇਹੱਦ ਦੁਖਦਾਈ ਤੇ ਚਿੰਤਾਜਨਕ ਘਟਨਾ ਹੈ।ਨਰੇਗਾ/ਗ੍ਰਾਮ ਜੀ ਤਹਿਤ ਵੱਖ-ਵੱਖ ਥਾਵਾਂ ’ਤੇ ਕੰਮ ਕਰ ਰਹੇ ਮਜ਼ਦੂਰਾਂ ਦੀ ਸੁਰੱਖਿਆ ਪ੍ਰਤੀ ਸਰਕਾਰ ਤੇ ਪ੍ਰਸ਼ਾਸਨ ਦੀ ਗੰਭੀਰਤਾ ’ਤੇ ਵੱਡੇ ਸਵਾਲ ਖੜ੍ਹੇ ਹੁੰਦੇ ਹਨ।ਪਿੰਡਾਂ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਮਜ਼ਦੂਰਾਂ ਨੂੰ ਕੰਮ ਦੌਰਾਨ ਮੁੱਢਲੀਆਂ ਸੁਰੱਖਿਆ ਸਹੂਲਤਾਂ ਵੀ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ।ਮਜ਼ਦੂਰ ਪਹਿਲਾਂ ਹੀ ਆਰਥਿਕ ਤੰਗੀਆਂ ਤੇ ਮਾੜੀਆਂ ਕੰਮਕਾਜੀ ਹਾਲਤਾਂ ਦਾ ਸਾਹਮਣਾ ਕਰ ਰਹੇ ਹਨ, ਪਰ ਉਨ੍ਹਾਂ ਦੀਆਂ ਸਮੱਸਿਆਵਾਂ ਵੱਲ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਲੋੜੀਂਦਾ ਧਿਆਨ ਨਹੀਂ ਦਿੱਤਾ ਜਾ ਰਿਹਾ।ਆਗੂਆਂ ਨੇ ਕਿਹਾ ਕਿ ਸੜਕ ’ਤੇ ਕੰਮ ਕਰ ਰਹੇ ਮਜ਼ਦੂਰਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਬੰਧਤ ਵਿਭਾਗਾਂ ਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਮੰਗ ਕੀਤੀ ਕਿ ਕਥਿਤ ਲਾਪ੍ਰਵਾਹੀ ਨਾਲ ਕਾਰ ਚਲਾ ਕੇ ਮਜ਼ਦੂਰਾਂ ਨੂੰ ਕੁਚਲਣ ਵਾਲੇ ਵਿਅਕਤੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਪੀੜਤ ਪਰਵਾਰਾਂ ਨੂੰ ਇਨਸਾਫ਼ ਦਿਵਾਇਆ ਜਾਵੇ।ਆਗੂਆਂ ਨੇ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਹਾਦਸੇ ਵਿੱਚ ਮਾਰੇ ਗਏ ਮਜ਼ਦੂਰਾਂ ਦੇ ਪਰਿਵਾਰਾਂ ਨੂੰ 20-20 ਲੱਖ ਰੁਪਏ ਮੁਆਵਜ਼ਾ ਅਤੇ ਇੱਕ-ਇੱਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।

ਇਸ ਤੋਂ ਇਲਾਵਾ, ਜ਼ਖ਼ਮੀ ਮਜ਼ਦੂਰਾਂ ਦੇ ਇਲਾਜ ਦਾ ਸਾਰਾ ਖ਼ਰਚਾ ਸਰਕਾਰ ਚੁੱਕੇ ਤੇ ਪੀੜਤ ਪਰਵਾਰਾਂ ਨੂੰ ਤੁਰੰਤ 10-10 ਲੱਖ ਰੁਪਏ ਦੀ ਆਰਥਿਕ ਸਹਾਇਤਾ ਫੌਰੀ ਦਿੱਤੀ ਜਾਵੇ।ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਣ ਲਈ ਕੰਮ ਵਾਲੀਆਂ ਥਾਵਾਂ ’ਤੇ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ ਤੇ ਮਜ਼ਦੂਰਾਂ ਦੀ ਜਾਨ-ਮਾਲ ਦੀ ਰਾਖੀ ਯਕੀਨੀ ਬਣਾਈ ਜਾਵੇ।ਅੰਤ ਵਿੱਚ ਆਗੂਆਂ ਨੇ ਐਲਾਨ ਕੀਤਾ ਕਿ ਹਾਦਸੇ ਦੇ ਪੀੜਤ ਮਜ਼ਦੂਰ ਪਰਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਜੇਕਰ ਕੋਈ ਐਕਸ਼ਨ ਕਮੇਟੀ ਸੰਘਰਸ਼ ਦਾ ਪ੍ਰੋਗਰਾਮ ਉਲੀਕਦੀ ਹੈ ਤਾਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਉਸ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰੇਗੀ।

# ਪਿਉ ਤੇ ਧੀ ਦੀ ਰਾਜਸਥਾਨ ਨਹਿਰ ’ਚੋਂ ਲਾਸ਼ ਬਰਾਮਦ

## ਏਲਨਾਬਾਦ ਤੋਂ 16 ਨੂੰ ਲਾਪਤਾ ਹੋਇਆ ਸੀ ਪਰਵਾਰ



**ਸਿਰਸਾ (ਜਗਤਾਰ ਸਮਾਲਸਰ)**-ਲੰਘੀ 16 ਅਕਤੂਬਰ ਨੂੰ ਏਲਨਾਬਾਦ ਦੇ ਪਿੰਡ ਢਾਣੀ ਸ਼ੇਰਾਂਵਾਲੀ ਤੋਂ ਲਾਪਤਾ ਹੋਏ ਭਰਤ ਸਿੰਘ ਸਹਾਰਨ ਉਸ ਦੀ ਪਤਨੀ ਮੰਜੂ ਤੇ ਬੇਟੀ ਲਤਾ ਵਿੱਚੋਂ ਭਰਤ ਸਿੰਘ ਸਹਾਰਨ ਤੇ ਲਤਾ ਦੀਆਂ ਲਾਸ਼ਾਂ ਰਾਜਸਥਾਨ ਕੈਨਾਲ ਵਿੱਚੋਂ ਬਰਾਮਦ ਹੋਈਆਂ ਹਨ, ਜਦੋਂਕਿ ਭਰਤ ਸਿੰਘ ਦੀ ਪਤਨੀ ਮੰਜੂ ਦਾ ਅਜੇ ਤੱਕ ਕੋਈ ਸੁਰਾਗ ਨਹੀਂ ਮਿਲਿਆ ਹੈ।ਪਰਿਵਾਰਕ ਮੈਂਬਰਾਂ ਦੁਆਰਾ ਪਛਾਣ ਕਰਨ ਤੋਂ ਬਾਅਦ ਪੁਲਸ ਵੱਲੋਂ ਲਾਸ਼ਾਂ ਨੂੰ ਏਲਨਾਬਾਦ ਦੇ ਸਰਕਾਰੀ ਹਸਪਤਾਲ ਦੇ ਮੁਰਦਾਘਰ ’ਚ ਰਖਵਾਇਆ ਗਿਆ ਹੈ।ਜਾਣਕਾਰੀ ਅਨੁਸਾਰ ਭਰਤ ਸਿੰਘ ਸਹਾਰਨ ਦੋ ਭਰਾ ਹਨ ਤੇ ਉਹ ਢਾਣੀ ਸ਼ੇਰਾਂਵਾਲੀ ਵਿੱਚ ਇਕੱਠੇ ਰਹਿੰਦੇ ਸਨ।ਉਸ ਦੀ ਪਤਨੀ ਮੰਜੂ ਇੱਕ ਘਰੇਲੂ ਔਰਤ ਸੀ।ਉਨ੍ਹਾਂ ਦੀ ਇਕਲੌਤੀ ਧੀ ਲਤਾ ਬੀਬੀਏ ਦੀ ਪੜ੍ਹਾਈ ਕਰ ਰਹੀ ਸੀ।ਭਰਤ ਸਿੰਘ ਸਹਾਰਨ ਏਲਨਾਬਾਦ ਦੇ ਨੌਹਰ ਰੋਡ ’ਤੇ ਲੰਬੇ ਸਮੇਂ ਤੋਂ ਇਲੈਕਟ੍ਰਾਨਿਕਸ ਦੀ ਦੁਕਾਨ ਚਲਾ ਰਿਹਾ ਸੀ।ਬੀਤੀ 16 ਅਕਤੂਬਰ ਨੂੰ ਦੁਪਹਿਰ ਕਰੀਬ 1:30 ਵਜੇ ਭਰਤ ਸਿੰਘ ਆਪਣੀ ਪਤਨੀ ਤੇ ਧੀ ਨਾਲ ਆਪਣੀ ਮੋਟਰਸਾਈਕਲ ’ਤੇ ਘਰੋਂ ਨਿਕਲਿਆ ਸੀ, ਉਸੇ ਦਿਨ ਰਾਜਸਥਾਨ ਦੇ ਮਸੀਤਾ ਹੈੱਡ ’ਤੇ ਉਨ੍ਹਾਂ ਦੀ ਆਖਰੀ ਲੋਕੇਸ਼ਨ ਮਿਲੀ ਤਾਂ ਪਰਵਾਰ ਦਾ ਸ਼ੱਕ ਹੋਰ ਵਧ ਗਿਆ।ਉਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਵੱਲੋਂ ਪੁਲਸ ਤੇ ਗੋਤਾਖੋਰਾਂ ਦੀ ਮਦਦ ਨਾਲ ਰਾਜਸਥਾਨ ਕੈਨਾਲ ਵਿੱਚ ਹੀ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ ਸੀ।ਐਤਵਾਰ ਦੇਰ ਸ਼ਾਮ ਰਾਜਸਥਾਨ ਦੇ ਹਨੂੰਮਾਨਗੜ੍ਹ ਜ਼ਿਲ੍ਹੇ ਦੇ ਟਿੱਬੀ ਖੇਤਰ ਦੇ ਡਬਲੀ ਪਿੰਡ ਕੋਲ ਰਾਜਸਥਾਨ ਕੈਨਾਲ ਵਿੱਚੋਂ ਲੜਕੀ ਲਤਾ ਦੀ ਲਾਸ਼ ਬਰਾਮਦ ਹੋਈ ਤਾਂ ਇੱਥੇ ਹੀ ਗੋਤਾਖੋਰਾਂ ਵੱਲੋਂ ਸਰਚ ਮੁਹਿੰਮ ਚਲਾਈ ਗਈ, ਰਾਤ ਸਮੇਂ ਇੱਥੇ ਹੀ ਭਰਤ ਸਿੰਘ ਸਹਾਰਨ ਦੀ ਲਾਸ਼ ਵੀ ਪੁਲਸ ਨੇ ਬਰਾਮਦ ਕੀਤੀ, ਜਦੋਂਕਿ ਖਬਰ ਲਿਖੇ ਜਾਣ ਤੱਕ ਮੰਜੂ ਦਾ ਕੋਈ ਸੁਰਾਗ ਨਹੀਂ ਲੱਗਾ ਸੀ।ਏਲਨਾਬਾਦ ਥਾਣਾ ਇੰਚਾਰਜ ਦਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਲਤਾ ਤੇ ਭਰਤ ਸਿੰਘ ਦੀ ਲਾਸ਼ ਬਰਾਮਦ ਕਰ ਲਈ ਗਈ ਹੈ, ਮੰਜੂ ਦੀ ਭਾਲ ਜਾਰੀ ਹੈ। ਇਸ ਘਟਨਾ ਦੇ ਪਿੱਛੇ ਅਸਲ ਕਾਰਨ ਇਸ ਤੋਂ ਬਾਅਦ ਸਾਹਮਣੇ ਆਵੇਗਾ। ਸਥਿਤੀ ਅਜੇ ਪੂਰੀ ਤਰ੍ਹਾਂ ਸਪੱਸ਼ਟ ਨਹੀਂ ਹੈ।ਮ੍ਰਿਤਕ ਦੇ ਪਰਵਾਰ ਦੇ ਬਿਆਨ ਦਰਜ ਕੀਤੇ ਜਾਣਗੇ।ਇਸ ਅਨੁਸਾਰ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

# ਅਲੀਸ਼ੇਰ ਹਾਦਸੇ ਦੇ ਜ਼ਖ਼ਮੀਆਂ ਦਾ ਕੈਬਨਿਟ ਮੰਤਰੀ ਬਰਿੰਦਰ ਗੋਇਲ ਤੇ ਡਾ. ਬਲਬੀਰ ਸਿੰਘ ਨੇ ਹਾਲ-ਚਾਲ ਜਾਣਿਆ

## ਮ੍ਰਿਤਕਾਂ ਨੂੰ 2-2 ਲੱਖ ਤੇ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਤੇ ਮੁਫ਼ਤ ਇਲਾਜ ਕਰਵਾਇਆ ਜਾਵੇਗਾ



**ਪਟਿਆਲਾ/ਸੰਗਰੂਰ (ਰਾਜਿੰਦਰ ਸਿੰਘ ਥਿੰਦ/ਪ੍ਰਵੀਨ ਸਿੰਘ)**-ਪੰਜਾਬ ਦੇ ਕੈਬਨਿਟ ਮੰਤਰੀਆਂ ਬਰਿੰਦਰ ਗੋਇਲ ਤੇ ਡਾ. ਬਲਬੀਰ ਸਿੰਘ ਨੇ ਸੋਮਵਾਰ ਇੱਥੇ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ ਜ਼ੇਰੇ ਇਲਾਜ ਲਹਿਰਾ ਹਲਕੇ ਦੇ ਪਿੰਡ ਅਲੀਸ਼ੇਰ ਦੇ ਜ਼ਖ਼ਮੀ ਮਨਰੇਗਾ ਵਰਕਰਾਂ ਦਾ ਹਾਲ-ਚਾਲ ਜਾਣਿਆ।ਦੋਵਾਂ ਮੰਤਰੀਆਂ ਨੇ ਪੀੜਤ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪੀੜਤਾਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਜ਼ਖ਼ਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ ਤੇ ਇਲਾਜ ਕਰ ਰਹੇ ਡਾਕਟਰਾਂ ਨੂੰ ਹਦਾਇਤ ਕੀਤੀ ਕਿ ਸਾਰੇ ਮਰੀਜ਼ਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਇਆ ਜਾਵੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ।ਡਾ. ਬਲਬੀਰ ਸਿੰਘ ਤੇ ਬਰਿੰਦਰ ਗੋਇਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਭਿਆਨਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਹਰੇਕ ਵਿਅਕਤੀ ਦੇ ਪਰਿਵਾਰ ਨੂੰ 2-2 ਲੱਖ ਰੁਪਏ ਤੇ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ।ਇਸ ਦੇ ਨਾਲ ਹੀ ਜ਼ਖ਼ਮੀਆਂ ਦਾ ਇਲਾਜ ਵੀ ਪੰਜਾਬ ਸਰਕਾਰ ਵੱਲੋਂ ਮੁਫ਼ਤ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਦਾਖ਼ਲ ਮਨਰੇਗਾ ਵਰਕਰਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਖਾਣ-ਪੀਣ ਦੀ ਸਹੂਲਤ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਇਹ ਹਾਦਸਾ 18 ਅਕਤੂਬਰ ਨੂੰ ਸ਼ਾਮ ਕਰੀਬ ਸਾਢੇ ਚਾਰ ਵਜੇ ਜਾਖਲ-ਲਹਿਰਾਗਾਗਾ ਸੜਕ ’ਤੇ ਪਿੰਡ ਅਲੀਸ਼ੇਰ ਵਿਖੇ ਵਾਪਰਿਆ।ਉਸ ਸਮੇਂ ਮਨਰੇਗਾ ਵਰਕਰ ਸੜਕ ਕਿਨਾਰੇ ਬੂਟੇ ਲਗਾਉਣ ਤੇ ਸਫ਼ਾਈ ਦਾ ਕੰਮ ਕਰ ਰਹੇ ਸਨ।ਇਸ ਦੌਰਾਨ ਜਦੋਂ ਉਹ ਪਾਣੀ ਪੀਣ ਲਈ ਰੁਕੇ ਤਾਂ ਇੱਕ ਤੇਜ਼ ਰਫ਼ਤਾਰ ਕਾਰ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ।ਇਸ ਹਾਦਸੇ ਵਿੱਚ ਅੱਠ ਵਰਕਰਾਂ ਦੀ ਮੌਤ ਹੋ ਗਈ, ਜਦਕਿ 12 ਹੋਰ ਜ਼ਖ਼ਮੀ ਹੋ ਗਏ।ਇਨ੍ਹਾਂ ਵਿੱਚੋਂ ਗੰਭੀਰ ਜ਼ਖ਼ਮੀ ਪੰਜ ਮਹਿਲਾ ਵਰਕਰਾਂ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਦਾਖ਼ਲ ਕਰਵਾਇਆ ਗਿਆ, ਜਦਕਿ ਬਾਕੀ ਜ਼ਖ਼ਮੀਆਂ ਦਾ ਸੰਗਰੂਰ ਦੇ ਸਿਵਲ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।ਮੰਤਰੀਆਂ ਨੇ ਦੱਸਿਆ ਕਿ ਜ਼ੇਰੇ ਇਲਾਜ ਮਰੀਜ਼ਾਂ ਦੀ ਸਿਹਤ ਵਿੱਚ ਸੁਧਾਰ ਹੋ ਰਿਹਾ ਹੈ ਤੇ ਉਹ ਖ਼ਤਰੇ ਤੋਂ ਬਾਹਰ ਹਨ।ਉਨ੍ਹਾਂ ਕਿਹਾ ਕਿ ਪੀੜਤਾਂ ਦੀ ਸਹਾਇਤਾ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਸਹੂਲਤ ਲਈ ਸੰਗਰੂਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।ਕੈਬਨਿਟ ਮੰਤਰੀਆਂ ਨੇ ਕਿਹਾ ਕਿ ਲਾਪ੍ਰਵਾਹੀ ਕਾਰਨ ਵਾਪਰੇ ਇਸ ਹਾਦਸੇ ਵਿੱਚ ਅੱਠ ਪਰਵਾਰਾਂ ਦੇ ਚਿਰਾਗ ਬੁਝ ਗਏ ਹਨ।ਉਨ੍ਹਾਂ ਕਿਹਾ ਕਿ ਹਾਦਸੇ ਲਈ ਜ਼ਿੰਮੇਵਾਰ ਕਾਰ ਚਾਲਕ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ।ਉਨ੍ਹਾਂ ਵਿੱਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰਦਿਆਂ ਜ਼ਖ਼ਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ।ਇਸ ਮੌਕੇ ਮੈਡੀਕਲ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਆਰ ਪੀ ਐੱਸ ਸਿਬੀਆ, ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ, ਬੀ.ਡੀ.ਪੀ.ਓ. ਭਵਾਨੀਗੜ੍ਹ ਸੁਖਵਿੰਦਰ ਸਿੰਘ ਟਿਵਾਣਾ, ਡਾ. ਪਰਮਜੀਤ ਸਿੰਘ ਰਾਜਾ ਤੇ ਡਾ. ਵਿਨੋਦ ਡਾਂਗਵਾਲ ਵੀ ਹਾਜ਼ਰ ਸਨ।

## ਕਾਤਰਾਂ

### ਗਾਇਕ ਲਹਿੰਬਰਦੀਪ ਤੇ ਪ੍ਰੀਤ ਢਿੱਲੋਂ ਦਾ ਸਿੰਗਲ ਟਰੈਕ ਲੋਕ ਅਰਪਿਤ

**ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਪਿੰਡ ਸਵੱਦੀ ਕਲਾਂ ਵਿਖੇ ਤੇਜਾ ਤਲਵੰਡੀ ਤੇ ਦਰਸ਼ਨ ਤਲਵੰਡੀ ਦੀ ਅਗਵਾਈ ਵਿੱਚ ਜਸ਼ਨ ਇੰਟਰਟੇਨਮੈਂਟ ਦੀ ਪੇਸ਼ਕਸ਼ ਗਾਇਕ ਲੈਬਰਦੀਪ ਤੇ ਪ੍ਰੀਤ ਢਿੱਲੋਂ ਦੀ ਆਵਾਜ਼ ਵਿੱਚ ਸਿੰਗਲ ਟਰੈਕ ‘ਕਾਰਡ ਭੁੱਕੀ ਦਾ’ ਲੋਕ ਅਰਪਿਤ ਕੀਤਾ ਗਿਆ। ਇਸ ਮੌਕੇ ਗੀਤਕਾਰ ਮਾਨ ਜੰਡੀ ਵਾਲਾ, ਤੇਜਿੰਦਰ ਸਿੰਘ ਮਾਜਰੀ, ਗਿਆਨੀ, ਜਤਿੰਦਰ ਸਿੰਘ ਮੋਰਕਰੀਮਾਂ, ਨਵਦੀਪ ਸਿੰਘ, ਡਾਕਟਰ ਗੁਰਪਾਲ ਸਿੰਘ, ਪੇਂਟਰ ਬਿਰਕ, ਇੰਦਰਪਾਲ ਸਿੰਘ ਆਦਿ ਮੌਕੇ ’ਤੇ ਹਾਜ਼ਰ ਸਨ।

### ਬਾਲ ਕਲਾਕਾਰਾਂ ਦੀ ਕੀਤੀ ਹੌਸਲਾ-ਅਫ਼ਜ਼ਾਈ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਾਲ ਰਾਮਲੀਲ੍ਹਾ ਕਮੇਟੀ ਵੱਲੋਂ ਇੰਦਰਾ ਕਾਲੋਨੀ, ਮਾਛੀਵਾੜਾ ਸਾਹਿਬ ਵਿਖੇ ਕਰਵਾਈ ਗਈ ਰਾਮਲੀਲ੍ਹਾ ਦਾ ਸਮਾਪਤੀ ਸਮਾਗਮ ਉਤਸ਼ਾਹ ਨਾਲ ਸੰਪੰਨ ਹੋਇਆ। ਆਖਰੀ ਰਾਤ ਦੇ ਪ੍ਰੋਗਰਾਮ ’ਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸਮਰਾਲਾ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਨੇ ਭਗਵਾਨ ਸ੍ਰੀ ਰਾਮ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਸੰਗਤ ਨੂੰ ਸੱਦਾ ਦਿੱਤਾ ਕਿ ਉਹ ਸ੍ਰੀ ਰਾਮ ਵੱਲੋਂ ਦਰਸਾਏ ਸੱਚਾਈ, ਨੇਕੀ ਅਤੇ ਨੈਤਿਕਤਾ ਦੇ ਮਾਰਗ ’ਤੇ ਚੱਲਣ। ਬਾਲ ਕਲਾਕਾਰਾਂ ਵੱਲੋਂ ਵੱਖ-ਵੱਖ ਪਾਤਰਾਂ ਦੀ ਕੀਤੀ ਗਈ ਪੇਸ਼ਕਾਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਸਮਾਗਮ ਦੌਰਾਨ ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਰਣਵੀਰ ਸਿੰਘ ਰਾਹੀ, ਜਗਦੀਪ ਗਿੱਲ, ਜਗਦੀਪ ਝੱਜ, ਪ੍ਰਿਤਪਾਲ ਸਿੰਘ, ਦਲਵੀਰ ਸਿੰਘ ਕੰਗ, ਨਰੇਸ਼ ਖੁੱਲਰ, ਗੋਲਡੀ ਸ਼ਮਸ਼ਪਰ, ਅਮਨਦੀਪ ਸਿੰਘ ਰਾਜੂ, ਗਗਨ ਉਟਾਲਾਂ, ਮਨੀ ਮਾਂਗਟ, ਟੋਨੀ ਬੈਂਸ, ਹਿਮਾਂਸ਼ੂ ਅਰੋੜਾ, ਗੁਰਸ਼ਰਨ ਬਲਾਲਾ, ਸ਼ੰਮੀ ਪਹਿਲਵਾਨ, ਵਿਨੀਤ ਕੁਮਾਰ ਝੜੌਦੀ ਤੇ ਰਾਜੇਸ਼ ਲੀਹਲ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

### ਸਿੱਧ ਸਮਾਧਾਂ ਬੀਰ ਕਲਾਂ ਵਿਖੇ ਅਖੰਡ ਪਾਠ ਆਰੰਭ

**ਚੀਮਾ ਮੰਡੀ (ਰਵਿੰਦਰ ਚੀਮਾ)**-ਪਿੰਡ ਬੀਰ ਕਲਾਂ ਵਿਖੇ ਹਰ ਸਾਲ ਦੀ ਤਰ੍ਹਾਂ ਬਾਬਾ ਵਿਸਾਖੀ ਦਾਸ ਜੀ ਦੀ 11ਵੀਂ ਬਰਸੀ ਧੂਮ ਧਾਮ ਨਾਲ ਮਨਾਈ ਜਾ ਰਹੀ ਹੈ। ਇਸ ਮੌਕੇ ਸ੍ਰੀ ਚੰਦਰ ਸਿਧਾਂਤ ਸਾਗਰ ਦੇ ਅਖੰਡ ਪਾਠ ਪ੍ਰਕਾਸ਼ ਆਰੰਭ ਕਰਵਾਏ ਗਏ, ਜਿਸ ਦੇ ਬੁੱਧਵਾਰ ਨੂੰ 10 ਵਜੇ ਭੋਗ ਪਾਏ ਜਾਣਗੇ। ਇਸ ਉਪਰੰਤ ਤਪੋਵਨ ਢੱਕੀ ਸਾਹਿਬ ਵਾਲੇ ਸੰਤ ਭਾਈ ਦਰਸ਼ਨ ਸਿੰਘ ਜੀ ਵੱਲੋਂ ਦੀਵਾਨ ਸਜਾਏ ਜਾਣਗੇ। ਉਪਰੰਤ ਗੁਰੂ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਇਸ ਅਸਥਾਨ ਦੇ ਗੱਦੀ ਨਸ਼ੀਨ ਬਾਬਾ ਰੁੜਕੀ ਦਾਸ ਜੀ ਨੇ ਅਸਥਾਨ ’ਤੇ ਸੇਵਾ ਕਰ ਰਹੀਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ।

# ਸਰਕਾਰ ਹਰੇਕ ਮ੍ਰਿਤਕ ਮਜ਼ਦੂਰ ਦੇ ਪਰਵਾਰ ਨੂੰ 20 ਲੱਖ ਮੁਆਵਜ਼ਾ ਤੇ ਸਰਕਾਰੀ ਨੌਕਰੀ ਦੇਵੇ : ਪਿਪਲੀ

## ਮੰਗਾਂ ਨਾ ਮੰਨਣ ’ਤੇ ਪੰਜਾਬ ਪੱਧਰੀ ਤਿੱਖੇ ਸੰਘਰਸ਼ ਦੀ ਦਿੱਤੀ ਚੇਤਾਵਨੀ



**ਪਿਪਲੀ (ਐਲਿਗਜੈਂਡਰ ਡਿਸੂਜ਼ਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਇਕਾਈ ਪਿਪਲੀ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਪਿੰਡ ਅਲੀ ਸ਼ੇਰ ਵਿਖੇ ਸੜਕ ਹਾਦਸੇ ਦੌਰਾਨ ਮਾਰੇ ਗਏ ਨਰੇਗਾ ਮਜ਼ਦੂਰਾਂ ਨੂੰ ਭਾਵਪੂਰਤ ਸ਼ਰਧਾਂਜਲੀ ਅਰਪਿਤ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਕਰੜੀ ਨਿਖੇਧੀ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰਾਂ ਨੇ ਮਜ਼ਦੂਰਾਂ ਨੂੰ ਸੜਕਾਂ ਉੱਤੇ ਬੇਸਹਾਰਾ ਮਰਨ ਲਈ ਛੱਡ ਦਿੱਤਾ ਹੈ ਤੇ ਕੰਮ ਵਾਲੀਆਂ ਥਾਵਾਂ ’ਤੇ ਸੁਰੱਖਿਆ ਦੇ ਕੋਈ ਪੁਖ਼ਤਾ ਪ੍ਰਬੰਧ ਨਹੀਂ ਹਨ।ਉਨ੍ਹਾਂ ਦੱਸਿਆ ਕਿ ਪਿੰਡ ਅਲੀ ਸ਼ੇਰ ਵਿਖੇ ਸੜਕ ’ਤੇ ਕੰਮ ਕਰ ਰਹੇ ਬੇਗੁਨਾਹ ਮਜ਼ਦੂਰਾਂ ਉੱਪਰ ਇੱਕ ਬੇਕਾਬੂ ਕਾਰ ਵੱਲੋਂ ਦਰੜੇ ਜਾਣ ਕਾਰਨ 9 ਨਰੇਗਾ ਮਜ਼ਦੂਰਾਂ ਦੀ ਦਰਦਨਾਕ ਮੌਤ ਹੋ ਗਈ, ਜਦਕਿ 15 ਦੇ ਲਗਭਗ ਮਜ਼ਦੂਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ।ਇਸ ਖ਼ੂਨੀ ਹਾਦਸੇ ਕਾਰਨ ਪੂਰੇ ਮਜ਼ਦੂਰ ਵਰਗ ਵਿੱਚ ਭਾਰੀ ਰੋਸ ਤੇ ਗੁੱਸੇ ਦੀ ਲਹਿਰ ਹੈ।ਉਨ੍ਹਾ ਕਿਹਾ ਕਿ ਹਾਦਸੇ ਲਈ ਜ਼ਿੰਮੇਵਾਰ ਡਰਾਈਵਰ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਕਰਕੇ ਉਸ ਨੂੰ ਜੇਲ੍ਹ ਭੇਜਿਆ ਜਾਵੇ ਤੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।ਮ੍ਰਿਤਕ ਮਜ਼ਦੂਰਾਂ ਦੇ ਪਰਵਾਰਾਂ ਨੂੰ 20-20 ਲੱਖ ਰੁਪਏ ਮੁਆਵਜ਼ਾ ਤੇ ਪਰਵਾਰ ਦੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।ਜ਼ਖ਼ਮੀ ਹੋਏ ਮਜ਼ਦੂਰਾਂ ਨੂੰ 5-5 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇ।ਭਵਿੱਖ ਵਿੱਚ ਅਜਿਹੀਆਂ ਅਣਹੋਣੀਆਂ ਘਟਨਾਵਾਂ ਨੂੰ ਰੋਕਣ ਲਈ ਨਰੇਗਾ ਮਜ਼ਦੂਰਾਂ ਲਈ ਸੜਕਾਂ ’ਤੇ ਸੁਰੱਖਿਆ ਦੇ ਵਿਸ਼ੇਸ਼ ਇੰਤਜ਼ਾਮ ਕੀਤੇ ਜਾਣ।ਹਰੇਕ ਨਰੇਗਾ ਪ੍ਰੋਜੈਕਟ ਵਾਲੀ ਥਾਂ ’ਤੇ ਡਾਕਟਰ, ਐਂਬੂਲੈਂਸ ਤੇ ਫ਼ਸਟ ਏਡ (ਪਹਿਲੀ ਸਹਾਇਤਾ) ਕਿੱਟ ਦਾ ਪ੍ਰਬੰਧ ਕੀਤਾ ਜਾਵੇ।ਇਸ ਦੇ ਨਾਲ ਹੀ ਹਰੇਕ ਨਰੇਗਾ ਮਜ਼ਦੂਰ ਦਾ 1 ਕਰੋੜ ਰੁਪਏ ਦਾ ਮੁਫ਼ਤ ਬੀਮਾ ਕੀਤਾ ਜਾਵੇ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਨ੍ਹਾਂ ਹੱਕੀ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ, ਤਾਂ ਪੰਜਾਬ ਭਰ ਦੇ ਨਰੇਗਾ ਮਜ਼ਦੂਰ ਇਕਜੁੱਟ ਹੋ ਕੇ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਸ਼ਾਸਨ-ਪ੍ਰਸ਼ਾਸਨ ਦੀ ਹੋਵੇਗੀ।ਸਮਾਗਮ ਦੇ ਅੰਤ ਵਿੱਚ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨੇ ਪੀੜਤ ਪਰਵਾਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਹਰ ਦੁੱਖ-ਸੁੱਖ ਵਿੱਚ ਨਾਲ ਖੜ੍ਹਨ ਦਾ ਵਚਨ ਦੁਹਰਾਇਆ।

# ਲੁਧਿਆਣਾ ਤੋਂ ਰਾਇਪੁਰ ਤੱਕ ਰੇਲ ਮਾਰਗ ਰਾਹੀਂ ਹੌਜ਼ਰੀ ਸਮੱਗਰੀ ਦੀ ਢੁਆਈ

## 1.67 ਲੱਖ ਦਾ ਮਾਲ-ਭਾੜਾ ਮਾਲੀਆ ਪ੍ਰਾਪਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਹੇਠ ਫਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਦੇ ਵਿਸ਼ੇਸ਼ ਯਤਨਾਂ ਨਾਲ ਰੇਲ ਮਾਰਗ ਰਾਹੀਂ ਹੋਜ਼ਰੀ ਸਮੱਗਰੀ ਦੀ ਢੁਆਈ ਨੂੰ ਲਗਾਤਾਰ ਉਤਸ਼ਾਹ ਮਿਲ ਰਿਹਾ ਹੈ। ਇਸੇ ਲੜੀ ਵਿੱਚ 19 ਅਕਤੂਬਰ 2026 ਨੂੰ ਰੇਲ ਗੱਡੀ ਨੰਬਰ 18238 (ਛੱਤੀਸਗੜ੍ਹ ਐਕਸਪ੍ਰੈੱਸ) ਦੇ ਪਾਰਸਲ ਵੈਨ ਵਿੱਚ ਲੁਧਿਆਣਾ ਤੋਂ ਰਾਇਪੁਰ ਲਈ ਪਹਿਲੀ ਵਾਰ ਹੌਜ਼ਰੀ ਸਮੱਗਰੀ ਦੀ ਆਊਟਵਰਡ ਲੋਡਿੰਗ ਸਫਲਤਾਪੂਰਵਕ ਕੀਤੀ ਗਈ। ਇਸ ਲੋਡਿੰਗ ਵਿੱਚ ਹੋਜ਼ਰੀ ਆਈਟਮ ਦੇ ਕੁੱਲ 230 ਪੈਕੇਟ ਲੋਡ ਕੀਤੇ ਗਏ, ਜਿਨ੍ਹਾਂ ਦਾ ਕੁੱਲ ਵਜ਼ਨ 24 ਟਨ ਸੀ। ਇਸ ਢੁਆਈ ਨਾਲ ਰੇਲਵੇ ਨੂੰ 1.67 ਲੱਖ ਦਾ ਮਾਲ-ਭਾੜਾ ਮਾਲੀਆ ਪ੍ਰਾਪਤ ਹੋਇਆ। ਇਸ ਤੋਂ ਇਲਾਵਾ 17 ਅਕਤੂਬਰ 2026 ਨੂੰ ਅਮਰਨਾਥ ਐਕਸਪ੍ਰੈੱਸ ਦੇ ਪਾਰਸਲ ਵੈਨ ਵਿੱਚ ਲੁਧਿਆਣਾ ਤੋਂ ਗਵਾਹਟੀ ਲਈ ਦੂਜੀ ਵਾਰ ਹੋਜ਼ਰੀ ਆਈਟਮ ਦੀ ਆਊਟਵਰਡ ਲੋਡਿੰਗ ਸਫਲਤਾਪੂਰਵਕ ਕੀਤੀ ਗਈ, ਜਿਸ ਨਾਲ 1.94 ਲੱਖ ਦਾ ਮਾਲ-ਭਾੜਾ ਮਾਲੀਆ ਪ੍ਰਾਪਤ ਹੋਇਆ। ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਦੀ ਭਰੋਸੇਯੋਗ ਤੇ ਸਮੇਂ ਸਿਰ ਮਾਲ ਆਵਾਜਾਈ ਪ੍ਰਣਾਲੀ ਵਪਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਮੰਡਲ ਮਾਲ ਆਵਾਜਾਈ ਨੂੰ ਉਤਸ਼ਾਹਤ ਕਰਨ ਤੇ ਵਾਤਾਵਰਣ-ਪੱਖੀ ਆਵਾਜਾਈ ਸੇਵਾਵਾਂ ਉਪਲਬਧ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ।

# ਧੂਮ-ਧਾਮ ਨਾਲ ਮਨਾਈ ਗਈ ਦੁਰਗਾ ਅਸ਼ਟਮੀ ਤੇ ਰਾਮ ਨੌਮੀ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)** ਸ੍ਰੀ ਦੁਰਗਾ ਅਸ਼ਟਮੀ ਅਤੇ ਨੌਮੀ ਧੂਮ-ਧਾਮ ਤੇ ਉਤਸ਼ਾਹ ਨਾਲ ਮਨਾਈ ਗਈ।ਮਾਹੌਲ ਮਾਤਾ ਰਾਣੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਮੰਦਰਾਂ ਵਿੱਚ ਸ਼ਾਰਦੀਯ ਨਵਰਾਤ੍ਰਿ ਆਰੰਭ ਹੋਣ ਦੇ ਨਾਲ ਰੱਖੇ ਗਏ ਸ੍ਰੀ ਦੁਰਗਾ ਸਤੁਤੀ ਪਾਠ ਅਤੇ ਸ੍ਰੀ ਰਾਮਾਇਣ ਪਾਠਾਂ ਦਾ ਸਮਾਪਨ ਵੀ ਹੋ ਗਿਆ।ਮੰਦਰਾਂ ਵਿੱਚ ਉਤਸਵ ਮਨਾਏ ਗਏ।ਸ਼ਰਧਾਲੂਆਂ ਨੇ ਕੰਜਕ ਪੂਜਨ ਕਰਕੇ ਆਪਣੇ ਵਰਤ ਖੋਲ੍ਹੇ।ਕੰਨਿਆਵਾਂ ਨੂੰ ਤੋਹਫ਼ੇ ਭੇਟ ਕਰਕੇ ਉਨ੍ਹਾਂ ਨੂੰ ਮਾਤਾ ਰਾਣੀ ਦਾ ਸਰੂਪ ਮੰਨ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਮੰਦਰਾਂ ਤੇ ਘਰਾਂ ਵਿੱਚ ਮਾਤਾ ਰਾਣੀ ਦੇ ਜੈਕਾਰੇ ਗੂੰਜਦੇ ਰਹੇ।ਕੰਜਕ ਪੂਜਨ ਲਈ ਕੰਨਿਆਵਾਂ ਸਵੇਰੇ ਕਰੀਬ ਚਾਰ ਵਜੇ ਤੋਂ ਹੀ ਇੱਧਰ-ਉੱਧਰ ਗਲੀਆਂ ਵਿੱਚ ਘਰ-ਘਰ ਆਉਂਦੀਆਂ-ਜਾਂਦੀਆਂ ਨਜ਼ਰ ਆ ਰਹੀਆਂ ਸਨ।ਬ੍ਰਹਮ ਮਹੂਰਤ ਦੇ ਨਾਲ ਹੀ ਕੰਜਕ ਪੂਜਨ ਦਾ ਸ਼ੁਰੂ ਹੋਇਆ ਸਿਲਸਿਲਾ ਦੁਪਹਿਰ ਕਰੀਬ ਬਾਰਾਂ ਵਜੇ ਤੱਕ ਜਾਰੀ ਰਿਹਾ। ਮੰਦਰਾਂ ਵਿੱਚ ਸ਼ਾਮ ਦੇ ਸਮੇਂ ਵਿੱਚ ਵੀ ਉਤਸਵ ਹੁੰਦੇ ਰਹੇ।

ਸ਼ਹਿਰ ਦੇ ਟਿੱਬੀ ਸਾਹਿਬ ਰੋਡ ਸਥਿਤ ਸ੍ਰੀ ਰਾਮ ਭਵਨ, ਸ੍ਰੀ ਸਾਈਂ ਮੰਦਰ, ਪੁਰਾਣੀ ਦਾਣਾ ਮੰਡੀ ਦੇ ਕੋਲ ਸਥਿਤ ਸ੍ਰੀ ਰਘੁਨਾਥ ਮੰਦਰ, ਬੈਂਕ ਰੋਡ ਸਥਿਤ ਸ੍ਰੀ ਮਹਾਦੇਵ ਮੰਦਰ, ਰੇਲਵੇ ਰੋਡ ਸਥਿਤ ਸ਼ਕਤੀ ਮੰਦਰ ਸ੍ਰੀ ਮਨਨ ਧਾਮ, ਰਾਮਬਾੜਾ ਬਾਜ਼ਾਰ ਸਥਿਤ ਸ੍ਰੀ ਦੁਰਗਾ ਮੰਦਰ ਗੀਤਾ ਭਵਨ, ਅਬੋਹਰ ਰੋਡ ਖੱਡੀਆਂਵਾਲੀ ਗਲੀ ਸਥਿਤ ਸ੍ਰੀ ਮੋਹਨ ਜਗਦੀਸ਼ਵਰ ਦਿਵਿਆ ਆਸ਼ਰਮ, ਜਲਾਲਾਬਾਦ ਰੋਡ ਬਾਈਪਾਸ ਸਥਿਤ ਸ਼ਕਤੀ ਮਾਤਾ ਵੈਸ਼ਨੋ ਦੇਵੀ ਮੰਦਰ ਸਮੇਤ ਹੋਰ ਮੰਦਰਾਂ ਵਿੱਚ ਸ੍ਰੀ ਦੁਰਗਾ ਸਤੁਤੀ ਅਤੇ ਸ੍ਰੀ ਰਾਮਾਇਣ ਪਾਠ ਸੰਪੰਨ ਹੋਏ। ਇਸ ਮੌਕੇ ਮੰਦਰਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਉਮੜੇ ਨਜ਼ਰ ਆਏ।ਬੈਂਕ ਰੋਡ ਸਥਿਤ ਸ੍ਰੀ ਮਹਾਦੇਵ ਮੰਦਰ ਵਿੱਚ 14 ਸ੍ਰੀ ਰਾਮਾਇਣ ਪਾਠ ਰੱਖੇ ਗਏ ਸਨ, ਜਿਨ੍ਹਾਂ ਦਾ ਵਿਸ਼ਰਾਮ ਹੋਇਆ।ਪਾਠਾਂ ਦੇ ਵਿਸ਼ਰਾਮ ਮੌਕੇ ਮੰਦਰ ਪ੍ਰਾਂਗਣ ਰਾਮਮਈ ਹੋ ਉਠਿਆ।ਪਾਠ ਦੇ ਭੋਗ ਮੌਕੇ ਸ੍ਰੀ ਰਾਮਾਇਣ ਪਾਠ ਕਰਨ ਵਾਲੀਆਂ ਮਹਿਲਾਵਾਂ ਨੂੰ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸ਼ਰਧਾਲੂਆਂ ਨੇ ਕੰਜਕ ਪੂਜਨ ਵੀ ਕੀਤਾ।ਇਸ ਮੌਕੇ ਪ੍ਰਧਾਨ ਦੇਸ ਰਾਜ ਤਨੇਜਾ, ਬਾਵਾ ਵਾਟਸ, ਆਦਰਸ਼ ਗਿਰਧਰ, ਹਰੀਓਮ ਗਰਗ, ਗੋਬਿੰਦ ਦਾਬੜਾ, ਸੁਨੀਲ ਗੁੰਬਰ, ਮਦਨ ਲਾਲ ਅਗਰਵਾਲ, ਸਾਬਕਾ ਕੌਂਸਲਰ ਸੰਜੀਵ ਧੂੜੀਆ, ਅਸ਼ੋਕ ਖਿੱਲਾ, ਸ਼ਾਮ ਲਾਲ, ਅਸ਼ਵਨੀ ਚੁਘ, ਸੁਰਿੰਦਰ ਸਿੰਘ, ਸੰਜੀਵ ਖੇੜਾ, ਅਸ਼ਵਨੀ ਆਰਿਆ, ਰਾਜੂ ਚੁਘ, ਵਰਿੰਦਰ ਕਾਠਪਾਲ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ। ਲੰਗਰ ਦੀ ਸੇਵਾ ਗੁਲਸ਼ਨ ਆਹੂਜਾ, ਸਤੀਸ਼ ਵਧਵਾ, ਅਵਿਨਾਸ਼ ਗਿਰਧਰ, ਸੁਰਿੰਦਰ ਛਾਬੜਾ, ਰਾਕੇਸ਼ ਗੋਇਲ, ਅਸ਼ਵਨੀ ਗੋਇਲ, ਜਤਿਨ ਤਨੇਜਾ ਨੇ ਕਰਵਾਈ।ਅਬੋਹਰ ਰੋਡ ਸਥਿਤ ਸ੍ਰੀ ਮੋਹਨ ਜਗਦੀਸ਼ਵਰ ਦਿਵਿਆ ਆਸ਼ਰਮ ਵਿੱਚ ਰੱਖੇ ਗਏ ਸ੍ਰੀ ਰਾਮਾਇਣ ਪਾਠਾਂ ਦਾ ਵੀ ਅਸ਼ਟਮੀ ਮੌਕੇ ਵਿਸ਼ਰਾਮ ਹੋਇਆ।ਇਸ ਮੌਕੇ ਜਿੱਥੇ ਕੰਜਕ ਪੂਜਨ ਹੋਇਆ, ਉੱਥੇ ਹੀ ਭਜਨ ਸੰਕੀਰਤਨ ਦੌਰਾਨ ਸ਼ਰਧਾਲੂ ਭਜਨਾਂ ਦੀ ਗੰਗਾ ਵਿੱਚ ਡੁਬਕੀਆਂ ਲਾਉਂਦੇ ਨਜ਼ਰ ਆਏ।ਮੰਦਰ ਪ੍ਰਾਂਗਣ ਭਗਵਾਨ ਸ੍ਰੀ ਰਾਮ ਚੰਦਰ ਤੇ ਵੀਰ ਹਨੂੰਮਾਨ ਜੀ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਉੱਧਰ, ਸ੍ਰੀ ਰਘੂਨਾਥ ਮੰਦਰ ਵਿੱਚ 31 ਸ੍ਰੀ ਰਾਮਾਇਣ ਪਾਠ ਸੰਪੂਰਨ ਹੋ ਗਏ।ਇਸ ਦੌਰਾਨ ਰਾਮਾਇਣ ਪਾਠ ਕਰਨ ਵਾਲੀਆਂ ਮਹਿਲਾਵਾਂ ਨੂੰ ਪੁਰਸਕਾਰ ਦਿੱਤੇ ਗਏ।ਪਾਠਾਂ ਦੇ ਸਮਾਪਨ ਮੌਕੇ ਗਾਂਧੀ ਨਗਰ ਸਥਿਤ ਡੇਰਾ ਸੰਤ ਬਾਬਾ ਬੱਗੂ ਭਗਤ ਦੇ ਗੱਦੀਨਸ਼ੀਨ ਬਾਊ ਸ਼ੰਮੀ ਚਾਵਲਾ ਜੀ ਵਿਸ਼ੇਸ਼ ਤੌਰ ’ਤੇ ਪਹੁੰਚੇ ਅਤੇ ਸ਼ਰਧਾਲੂਆਂ ਨੂੰ ਆਸ਼ੀਰਵਾਦ ਦਿੱਤਾ।

## ਮਾਂ ਬਗਲਾਮੁਖੀ ਧਾਮ ’ਚ ਵਿਸ਼ਾਲ ਹਵਨ ਤੇ ਭੰਡਾਰਾ ਅੱਜ



# ਮੁੱਖ ਮੰਤਰੀ ਦੇ ਕੈਂਪ ਦਫਤਰ ਨੂੰ ਸੌਂਪਿਆ ‘ਲਾਹਨਤ ਪੱਤਰ, ਸੀ ਬੀ ਆਈ ਜਾਂਚ ਤੇ ਅਸਤੀਫ਼ਿਆਂ ਦੀ ਮੰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਇਨਸਾਫ਼ ਮੋਰਚਾ ਦੇ ਸੱਦੇ ’ਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਨੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਨੂੰ ਇਕ ਲਾਹਨਤ ਪੱਤਰ ਸੌਂਪਿਆ।ਵਿਰੋਧ ਪ੍ਰਦਰਸ਼ਨ ਦੌਰਾਨ ਆਗੂਆਂ ਨੇ ਪੰਜਾਬ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਇਨਸਾਫ਼ ਦੀ ਮੰਗ ਕੀਤੀ।

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਆਗੂ ਹਰਦੀਪ ਸਿੰਘ ਦੌਲਤਪੁਰ, ਅਕਾਲੀ ਦਲ ਵਾਰਸ ਪੰਜਾਬ ਦੇ ਆਗੂ ਗੁਰਸੇਵ ਸਿੰਘ ਸੇਬੀ ਕਾਂਝਲਾ, ਜਥੇਦਾਰ ਕੁਲਵਿੰਦਰ ਸਿੰਘ ਕਾਂਝਲਾ, ਜਥੇਦਾਰ ਬੀਰ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ, ਦਰਸ਼ਨ ਸਿੰਘ ਧੂਰੀ, ਸਤਿਗੁਰ ਸਿੰਘ ਸਰਪੰਚ ਕਾਂਝਲਾ, ਸੁਖਵਿੰਦਰ ਸਿੰਘ ਸਾਬਕਾ ਸਰਪੰਚ ਰਣੀਕੇ ਅਤੇ ਯੂਥ ਆਗੂ ਗੁਰੀ ਮਾਨ ਸਮੇਤ ਹੋਰਨਾਂ ਪ੍ਰਮੁੱਖ ਆਗੂਆਂ ਨੇ ਹਾਜ਼ਰੀ ਭਰੀ।

ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਮੁੱਖ ਮੰਤਰੀ ਨੈਤਿਕ ਜ਼ਿੰਮੇਵਾਰੀ ਲੈਂਦੇ ਹੋਏ ਤੁਰੰਤ ਅਸਤੀਫ਼ਾ ਦੇਣ ਅਤੇ ਡੀ.ਜੀ.ਪੀ. ਪੰਜਾਬ ਵੀ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ।ਉਨ੍ਹਾਂ ਆਖਿਆ ਕਿ ਪਰਵਾਰ ਦੀ ਸਹਿਮਤੀ ਨਾਲ ਭਾਈ ਪਰਵਿੰਦਰ ਸਿੰਘ ਝੋਟਾ ਦਾ ਪੋਸਟਮਾਰਟਮ ਪੀ.ਜੀ.ਆਈ. ਚੰਡੀਗੜ੍ਹ ਦੇ ਸੀਨੀਅਰ ਡਾਕਟਰਾਂ ਦੇ ਪੈਨਲ ਤੋਂ ਕਰਾਇਆ ਜਾਵੇ। ਇਸ ਦੇ ਨਾਲ ਹੀ ਇਸ ਕਤਲਕਾਂਡ ਤੇ ਇਸ ਪਿੱਛੇ ਕੰਮ ਕਰ ਰਹੇ ਨਸ਼ਾ ਤਸਕਰ, ਪੁਲਿਸ ਅਤੇ ਸਿਆਸੀ ਗੱਠਜੋੜ ਦੀ ਜਾਂਚ ਸੀ.ਬੀ.ਆਈ. ਤੋਂ ਕਰਵਾਈ ਜਾਵੇ।ਆਗੂਆਂ ਨੇ ਹੋਰ ਮੰਗਾਂ ਰੱਖਦਿਆਂ ਕਿਹਾ ਕਿ ਜਿਸ ਦੁਕਾਨ ਵਿੱਚ ਭਾਈ ਝੋਟੇ ਨੂੰ ਗੋਲੀਆਂ ਮਾਰੀਆਂ ਗਈਆਂ ਸਨ, ਉੱਥੇ ਉਨ੍ਹਾਂ ਦਾ ਯਾਦਗਾਰੀ ਬੁੱਤ ਸਥਾਪਤ ਕੀਤਾ ਜਾਵੇ।ਮਾਨਸਾ ਦੇ ਦੋਵਾਂ ਐੱਸ.ਐੱਚ.ਓ., ਡੀ.ਐੱਸ.ਪੀ. ਤੇ ਡਰੱਗ ਇੰਸਪੈਕਟਰ ਨੂੰ ਤੁਰੰਤ ਨੌਕਰੀ ਤੋਂ ਬਰਖ਼ਾਸਤ ਕੀਤਾ ਜਾਵੇ ਅਤੇ ਖਿਆਲਾ ਕਲਾਂ ਵਿਖੇ ਭਾਈ ਝੋਟੇ ਦੇ ਨਾਂ ਤੇ ਟਰਾਮਾ ਸੈਂਟਰ ਬਣਾਇਆ ਜਾਵੇ।

ਉਹਨਾਂ ਮੰਗ ਕੀਤੀ ਕਿ ਕਾਤਲਾਂ ਨੂੰ ਫਾਸਟ ਟਰੈਕ ਅਦਾਲਤ ਰਾਹੀਂ ਸਖ਼ਤ ਤੋਂ ਸਖ਼ਤ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣ। ਹਮਲੇ ਵਿੱਚ ਜ਼ਖ਼ਮੀ ਹੋਏ ਵਿਅਕਤੀਆਂ ਦਾ ਇਲਾਜ ਸਰਕਾਰੀ ਖ਼ਰਚੇ ’ਤੇ ਉੱਚ ਪੱਧਰੀ ਸਿਹਤ ਸੰਸਥਾ ਤੋਂ ਕਰਾਇਆ ਜਾਵੇ ਅਤੇ ਹਰ ਜ਼ਖ਼ਮੀ ਨੂੰ 20-20 ਲੱਖ ਰੁਪਏ ਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ।

# ਵਿਧਾਇਕਾ ਨੂੰ ਲਾਹਨਤੀ ਪੱਤਰ ਦੇਣ ਜਾਣ ਸਮੇਂ ਪੁਲਸ ਝੜਪ ’ਚ ਇੱਕ ਜ਼ਖ਼ਮੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਤਲਵੰਡੀ ਸਾਬੋ ਵਿਖੇ ਤਣਾਅਪੂਰਨ ਸਥਿਤੀ ਬਣ ਗਈ।ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੂੰ ਸਰਕਾਰ ਦੀ ਵਾਅਦਾਖ਼ਿਲਾਫ਼ੀ ਵਿਰੁੱਧ ਲਾਹਨਤੀ ਪੱਤਰ ਦੇਣ ਜਾ ਰਹੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂਆਂ ਤੇ ਵਲੰਟੀਅਰਾਂ ਨੂੰ ਰੋਕਣ ਲਈ ਪੰਜਾਬ ਪੁਲਸ ਵੱਲੋਂ ਬੈਰੀਕੇਡਿੰਗ ਕੀਤੀ ਗਈ।ਇਸ ਦੌਰਾਨ ਕਿਸਾਨਾਂ ਤੇ ਪੁਲਸ ਵਿਚਕਾਰ ਤਣਾਅ ਵਧ ਗਿਆ ਤੇ ਕਿਸਾਨਾਂ ਦੇ ਦੋਸ਼ਾਂ ਅਨੁਸਾਰ ਪੁਲਸ ਨੇ ਉਨ੍ਹਾਂ ’ਤੇ ਡਾਂਗਾਂ ਵਰ੍ਹਾਈਆਂ, ਜਿਸ ਕਾਰਨ ਇਕ ਕਿਸਾਨ ਜ਼ਖ਼ਮੀ ਹੋ ਗਿਆ।ਜ਼ਖ਼ਮੀ ਕਿਸਾਨ ਨੂੰ ਇਲਾਜ ਲਈ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਦਾਖ਼ਲ ਕਰਵਾਇਆ ਗਿਆ।ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂਆਂ ਤੇ ਵਲੰਟੀਅਰਾਂ ਵੱਲੋਂ ਇਹ ਕਾਰਵਾਈ ਨਸ਼ਿਆਂ ਦੇ ਮੁੱਦੇ ’ਤੇ ਸਰਕਾਰ ਨੂੰ ਜਵਾਬਦੇਹ ਬਣਾਉਣ ਅਤੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਉਭਾਰਨ ਦੇ ਮਕਸਦ ਨਾਲ ਕੀਤੀ ਜਾ ਰਹੀ ਸੀ। ਕਿਸਾਨ ਵਿਧਾਇਕਾ ਨੂੰ ਲਾਹਨਤੀ ਪੱਤਰ ਦੇ ਕੇ ਸਰਕਾਰ ਦੀ ਕਾਰਗੁਜ਼ਾਰੀ ਪ੍ਰਤੀ ਆਪਣਾ ਰੋਸ ਦਰਜ ਕਰਵਾਉਣਾ ਚਾਹੁੰਦੇ ਸਨ, ਪਰ ਪੁਲਸ ਵੱਲੋਂ ਰੋਕੇ ਜਾਣ ਕਾਰਨ ਮਾਮਲਾ ਟਕਰਾਅ ਤੱਕ ਪਹੁੰਚ ਗਿਆ।ਘਟਨਾ ਦੌਰਾਨ ਕਿਸਾਨ ਦੇ ਜ਼ਖ਼ਮੀ ਹੋਣ ਤੇ ਉਨ੍ਹਾਂ ਨੂੰ ਹਸਪਤਾਲ ਦਾਖ਼ਲ ਕਰਵਾਏ ਜਾਣ ਨਾਲ ਪੁਲਸ ਦੀ ਕਾਰਵਾਈ ’ਤੇ ਸਵਾਲ ਖੜ੍ਹੇ ਹੋ ਗਏ ਹਨ।ਲੋਕਾਂ ਦੀ ਨਜ਼ਰ ਹੁਣ ਇਸ ਗੱਲ ’ਤੇ ਹੈ ਕਿ ਕਿਸਾਨਾਂ ਵੱਲੋਂ ਉਠਾਏ ਗਏ ਨਸ਼ਿਆਂ ਦੇ ਮੁੱਦੇ ਤੇ ਪਰਵਿੰਦਰ ਸਿੰਘ ਝੋਟਾ ਦੀ ਮੌਤ ਸਬੰਧੀ ਇਨਸਾਫ਼ ਦੀ ਮੰਗ ’ਤੇ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਕੀ ਰੁਖ਼ ਅਖ਼ਤਿਆਰ ਕੀਤਾ ਜਾਂਦਾ ਹੈ।

# ਜਗਦੀਪ ਕੰਬੋਜ ਗੋਲਡੀ ਦੇ ਘਰ ਅੱਗੇ ਧਰਨਾ ਦੇ ਕੇ ਬੂਹੇ ’ਤੇ ਲਾਇਆ ਲਾਹਨਤੀ ਪੱਤਰ



**ਜਲਾਲਾਬਾਦ (ਪਰਮਜੀਤ ਢਾਬਾਂ)**

ਖ਼ਿਲਾਫ਼ ਲੜਾਈ ਲੜਨ ਵਾਲੇ ਪਰਵਿੰਦਰ ਸਿੰਘ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਬਣੀ ਐਕਸ਼ਨ ਕਮੇਟੀ ਵੱਲੋਂ ਦਿੱਤੇ ਗਏ ਸੂਬਾ ਪੱਧਰੀ ਸੱਦੇ ਤਹਿਤ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਘਰ ਅੱਗੇ ਧਰਨਾ ਦਿੱਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਵਿਧਾਇਕ ਦੇ ਘਰ ਦੇ ਬੂਹੇ ’ਤੇ ਲਾਹਣਤ ਪੱਤਰ ਲਾ ਕੇ ਪਰਵਿੰਦਰ ਸਿੰਘ ਦੇ ਕਤਲ ਮਾਮਲੇ ਵਿੱਚ ਇਨਸਾਫ਼ ਦੇਣ ਤੇ ਨਸ਼ਿਆਂ ਦੇ ਕਾਰੋਬਾਰ ਖ਼ਿਲਾਫ਼ ਠੋਸ ਕਾਰਵਾਈ ਕਰਨ ਦੀ ਮੰਗ ਉਠਾਈ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਤੇ ਜ਼ਿਲ੍ਹਾ ਸਕੱਤਰ ਜਗਸੀਰ ਸਿੰਘ, ਬਲਾਕ ਆਗੂ ਹਰਜੀਤ ਸਿੰਘ, ਮਨਜੀਤ ਸਿੰਘ ਘੱਟਿਆ ਵਾਲਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਤੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਹਰਮੀਤ ਢਾਬਾਂ ਅਤੇ ਬਲਾਕ ਪ੍ਰਧਾਨ ਪ੍ਰਵੀਨ ਮੌਲਵੀਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਰੇਸ਼ਮ ਮਿੱਡਾ ਤੇ ਜ਼ਿਲ੍ਹਾ ਆਗੂ ਇਕਬਾਲ ਸਿੰਘ ਗਾਮੂਵਾਲਾ, ਆਗੂ ਰਾਮ ਕ੍ਰਿਸ਼ਨ ਸਮੇਤ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ ਲਈ ਪੁਲਿਸ, ਸਿਆਸੀ ਆਗੂਆਂ ਤੇ ਨਸ਼ਾ ਤਸਕਰਾਂ ਵਿਚਕਾਰ ਕਥਿਤ ਗੱਠਜੋੜ ਜ਼ਿੰਮੇਵਾਰ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਤਬਾਹੀ ਦੇ ਕੰਢੇ ਲਿਆ ਖੜ੍ਹਾ ਕੀਤਾ ਹੈ।ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਨੂੰ ਇਨਸਾਫ਼ ਦਿਵਾਉਣਾ ਤੇ ਨਸ਼ਾ ਤਸਕਰੀ ਦੇ ਜਾਲ ਨੂੰ ਤੋੜਨਾ ਸਮੇਂ ਦੀ ਮੁੱਖ ਲੋੜ ਹੈ।

ਆਗੂਆਂ ਨੇ ਕਿਹਾ ਕਿ ਪਰਵਿੰਦਰ ਸਿੰਘ ਦੇ ਕਤਲ ਮਾਮਲੇ ਦੀ ਨਿਰਪੱਖ ਜਾਂਚ ਕਰਾਉਣ ਲਈ ਸੀਬੀਆਈ ਜਾਂਚ ਦੀ ਮੰਗ ਨੂੰ ਗੰਭੀਰਤਾ ਨਾਲ ਲਿਆ ਜਾਵੇ ਤੇ ਕਤਲ ਮਾਮਲੇ ਦੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾਵਾਂ ਦਿਵਾਈਆਂ ਜਾਣ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਤੇ ਪੁਲਸ ਮੁਖੀ ਡੀਜੀਪੀ ਦੇ ਅਸਤੀਫ਼ਿਆਂ ਦੀ ਮੰਗ ਵੀ ਉਠਾਈ।

# ਮਾਊਂਟ ਇੰਟਰਨੈਸ਼ਨਲ ਸਕੂਲ ਵਿਖੇ ‘ਵਰਲਡ ਫੂਡ ਡੇ’ ਮਨਾਇਆ

## ਵਿਦਿਆਰਥੀਆਂ ਨੇ ਭੋਜਨ ਦੀ ਬਰਬਾਦੀ ਰੋਕਣ ਤੇ ਲੋੜਵੰਦਾਂ ਦੀ ਮਦਦ ਕਰਨ ਦਾ ਸੰਕਲਪ ਲਿਆ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਮਾਊਂਟ ਇੰਟਰਨੈਸ਼ਨਲ ਸਕੂਲ ਬਾਘਾ ਪੁਰਾਣਾ ਵਿਖੇ ‘ਵਰਲਡ ਫੂਡ ਡੇ’ ਬੜੇ ਉਤਸ਼ਾਹ ਤੇ ਜਾਗਰੂਕਤਾ ਭਰੇ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਭੋਜਨ ਦੀ ਮਹੱਤਤਾ, ਭੋਜਨ ਦੀ ਬਰਬਾਦੀ ਰੋਕਣ ਤੇ ਲੋੜਵੰਦ ਲੋਕਾਂ ਨਾਲ ਭੋਜਨ ਸਾਂਝਾ ਕਰਨ ਪ੍ਰਤੀ ਜਾਗਰੂਕ ਕੀਤਾ ਗਿਆ।ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਭੋਜਨ ਪ੍ਰਤੀ ਸਤਿਕਾਰ, ਮਨੁੱਖਤਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ।ਸਕੂਲ ਦੇ ਸੰਸਥਾਪਕ ਸਵ. ਪ੍ਰਿੰਸੀਪਲ ਸ. ਗੁਰਦੇਵ ਸਿੰਘ ਦੇ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਤੇ ਉਨ੍ਹਾਂ ਵੱਲੋਂ ਸਥਾਪਤ ਕੀਤੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਯਾਦ ਕਰਦਿਆਂ ਇਸ ਗਤੀਵਿਧੀ ਨੂੰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨਾਲ ਜੋੜਿਆ ਗਿਆ।ਸਕੂਲ ਦੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭੋਜਨ ਕੁਦਰਤ ਦੀ ਅਨਮੋਲ ਦਾਤ ਹੈ ਤੇ ਇਸ ਦੀ ਕਦਰ ਕਰਨਾ ਹਰ ਮਨੁੱਖ ਦਾ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸ਼ੁਰੂ ਤੋਂ ਹੀ ਭੋਜਨ ਦੀ ਬਰਬਾਦੀ ਰੋਕਣ ਤੇ ਲੋੜਵੰਦਾਂ ਦੀ ਮਦਦ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ, ਤਾਂ ਜੋ ਉਹ ਜ਼ਿੰਮੇਵਾਰ ਨਾਗਰਿਕ ਬਣ ਸਕਣ।ਪ੍ਰਿੰਸੀਪਲ ਪਰਮਿੰਦਰ ਕੌਰ ਨੇ ਕਿਹਾ ਕਿ ਸਿੱਖਿਆ ਦਾ ਮਕਸਦ ਸਿਰਫ਼ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਬੱਚਿਆਂ ਵਿੱਚ ਚੰਗੇ ਸੰਸਕਾਰ ਤੇ ਮਨੁੱਖਤਾ ਦੀ ਭਾਵਨਾ ਪੈਦਾ ਕਰਨਾ ਵੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੀ ਲੋੜ ਅਨੁਸਾਰ ਹੀ ਭੋਜਨ ਲੈਣ ਤੇ ਭੋਜਨ ਨੂੰ ਵਿਅਰਥ ਸੁੱਟਣ ਤੋਂ ਗੁਰੇਜ਼ ਕਰਨ।ਮਾਊਂਟ ਇੰਟਰਨੈਸ਼ਨਲ ਸਕੂਲ ਦੀ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਦੁਨੀਆ ਵਿੱਚ ਅੱਜ ਵੀ ਬਹੁਤ ਸਾਰੇ ਲੋਕ ਭੁੱਖਮਰੀ ਦੀ ਸਮੱਸਿਆ ਨਾਲ ਜੂਝ ਰਹੇ ਹਨ।ਅਜਿਹੇ ਵਿੱਚ ਸਾਡੀ ਛੋਟੀ ਜਿਹੀ ਕੋਸ਼ਿਸ਼ ਵੀ ਕਿਸੇ ਲੋੜਵੰਦ ਦੀ ਭੁੱਖ ਮਿਟਾਉਣ ਵਿੱਚ ਸਹਾਇਕ ਹੋ ਸਕਦੀ ਹੈ।ਕਿਡਜ਼ੀ ਪ੍ਰੀ-ਸਕੂਲ ਦੀ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਕਿਹਾ ਕਿ ਬੱਚਿਆਂ ਵਿੱਚ ਚੰਗੀਆਂ ਆਦਤਾਂ ਤੇ ਦੂਜਿਆਂ ਦੀ ਮਦਦ ਕਰਨ ਦੀ ਭਾਵਨਾ ਬਚਪਨ ਤੋਂ ਹੀ ਵਿਕਸਿਤ ਕਰਨੀ ਜ਼ਰੂਰੀ ਹੈ।ਇਸ ਮੌਕੇ ਸਾਇੰਸ ਅਧਿਆਪਕਾਂ ਵੱਲੋਂ ਵਿਸ਼ੇਸ਼ ਪਾਵਰਪੁਆਇੰਟ ਪ੍ਰੈਜ਼ੈਂਟੇਸ਼ਨ ਤਿਆਰ ਕਰਕੇ ਵਿਦਿਆਰਥੀਆਂ ਨੂੰ ‘ਵਰਲਡ ਫੂਡ ਡੇ’ ਦੀ ਮਹੱਤਤਾ, ਵਿਸ਼ਵ ਪੱਧਰ ’ਤੇ ਭੁੱਖਮਰੀ ਦੀ ਸਮੱਸਿਆ, ਭੋਜਨ ਦੀ ਬਰਬਾਦੀ ਦੇ ਮਾੜੇ ਪ੍ਰਭਾਵਾਂ ਤੇ ਭੋਜਨ ਦੀ ਸਹੀ ਵਰਤੋਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਕੋਆਰਡੀਨੇਟਰ ਮੈਡਮ ਨੇਹਾ ਨੇ ਵੀ ਇਸ ਜਾਗਰੂਕਤਾ ਭਰਪੂਰ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਨੂੰ ਭੋਜਨ ਦੀ ਕਦਰ ਕਰਨ ਤੇ ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਿਤ ਕਰਦੀਆਂ ਹਨ।ਇਸ ਤਰ੍ਹਾਂ ਸਕੂਲ ਵਿੱਚ ਮਨਾਇਆ ਗਿਆ ‘ਵਰਲਡ ਫੂਡ ਡੇ’ ਵਿਦਿਆਰਥੀਆਂ ਲਈ ਗਿਆਨਵਰਧਕ ਤੇ ਪ੍ਰੇਰਨਾਦਾਇਕ ਸਾਬਿਤ ਹੋਇਆ।

# ਇਸਲਾਮੀਆ ਕਾਲਜ ਦੀਆਂ ਖਿਡਾਰਨਾਂ ਨੇ ਬਾਕਸਿੰਗ ’ਚ ਝੰਡੇ ਗੱਡੇ

## ਸ਼ਾਹੀਨ ਤੇ ਨਵੀਲਾ ਦੀ ‘ਆਲ ਇੰਡੀਆ ਇੰਟਰ ਯੂਨੀਵਰਸਿਟੀ’ ਲਈ ਚੋਣ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਵਾਕਫ਼ ਬੋਰਡ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਇਸਲਾਮੀਆ ਗਰਲਜ਼ ਕਾਲਜ ਮਾਲੇਰਕੋਟਲਾ ਦੀਆਂ ਖਿਡਾਰਨਾਂ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਕਾਲਜ ਤੇ ਇਲਾਕੇ ਦਾ ਨਾਂ ਰੋਸ਼ਨ ਕੀਤਾ ਹੈ।ਬਾਹਰਾ ਕਾਲਜ ਆਫ਼ ਲਾਅ ਵਿਖੇ ਕਰਵਾਏ ਗਏ ਅੰਤਰ-ਕਾਲਜ ਬਾਕਸਿੰਗ ਮੁਕਾਬਲਿਆਂ ’ਚ ਕਾਲਜ ਦੀ ਬਾਕਸਿੰਗ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਲ ਓਵਰ ਦੂਸਰੀ ਪੁਜ਼ੀਸ਼ਨ ਪ੍ਰਾਪਤ ਕੀਤੀ।ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀਆਂ ਖਿਡਾਰਨਾਂ ਨੇ ਵੱਖ-ਵੱਖ ਭਾਰ ਵਰਗਾਂ ਵਿੱਚ ਮੈਡਲ ਜਿੱਤੇ।ਨਵੀਲਾ (ਬੀ.ਏ. ਭਾਗ ਪਹਿਲਾ) ਨੇ 48 ਤੋਂ 51 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਮੁਕਾਬਲਾ ਕਰਦਿਆਂ ਗੋਲਡ ਮੈਡਲ ਪ੍ਰਾਪਤ ਕੀਤਾ।ਇਸੇ ਤਰ੍ਹਾਂ ਸ਼ਾਹੀਨ (ਬੀ.ਏ. ਭਾਗ ਦੂਜਾ) ਨੇ 51 ਤੋਂ 54 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਖੇਡ ਦਿਖਾਉਂਦਿਆਂ ਗੋਲਡ ਮੈਡਲ ’ਤੇ ਕਬਜ਼ਾ ਕੀਤਾ, ਜਦਕਿ ਸਿਮਰਨਜੀਤ ਕੌਰ ਨੇ 54 ਤੋਂ 57 ਕਿਲੋਗ੍ਰਾਮ ਭਾਰ ਵਰਗ ਵਿੱਚ ਵਧੀਆ ਪ੍ਰਦਰਸ਼ਨ ਕਰਦੇ ਹੋਏ ਬ੍ਰਾਊਨਜ਼ (ਕਾਂਸੀ) ਮੈਡਲ ਹਾਸਲ ਕੀਤਾ।ਕਾਲਜ ਪਹੁੰਚਣ ’ਤੇ ਜੇਤੂ ਖਿਡਾਰਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਡਾਕਟਰ ਰਾਹੀਲਾ ਨੇ ਜੇਤੂ ਖਿਡਾਰਨਾਂ ਤੇ ਸਪੋਰਟਸ ਇੰਚਾਰਜ ਪ੍ਰੋਫੈਸਰ ਨਸੀਮਾ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਕਾਲਜ ਪ੍ਰਬੰਧਕਾਂ ਤੇ ਸਟਾਫ਼ ਲਈ ਇਹ ਹੋਰ ਵੀ ਖ਼ੁਸ਼ੀ ਦੀ ਗੱਲ ਰਹੀ ਕਿ ਗੋਲਡ ਮੈਡਲ ਜਿੱਤਣ ਵਾਲੀਆਂ ਖਿਡਾਰਨਾਂ ਸ਼ਾਹੀਨ ਤੇ ਨਵੀਲਾ ਦੀ ਚੋਣ ਰਾਜਸਥਾਨ ਵਿਖੇ ਹੋਣ ਜਾ ਰਹੀ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ ਪ੍ਰਤੀਯੋਗਤਾ ਲਈ ਹੋ ਗਈ ਹੈ।ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੇ ਦੋਵਾਂ ਖਿਡਾਰਨਾਂ ਨੂੰ ਆਗਾਮੀ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਬਿਹਤਰੀਨ ਪ੍ਰਦਰਸ਼ਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਵੱਖ-ਵੱਖ ਜਥੇਬੰਦੀਆਂ ਨੇ ਵਿਧਾਇਕਾਂ ਦੇ ਘਰ ਅੱਗੇ ਧਰਨਾ ਲਾ ਕੇ ਸੌਂਪਿਆ ਲਾਹਨਤੀ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਪਰਵਿੰਦਰ ਸਿੰਘ ਝੋਟਾਂ ਨੂੰ ਇਨਸਾਫ ਦਿਵਾਉਣ ਵਾਲੇ ਮਾਨਸਾ ਐਕਸ਼ਨ ਕਮੇਟੀ ਦੇ ਸੱਦੇ ’ਤੇ ਪੰਜਾਬ ਭਰ ਦੇ ਵਿਧਾਇਕਾਂ ਨੂੰ ਲਾਹਣਤ ਪੱਤਰ ਸੌਂਪਣ ਦੀ ਕੜੀ ਤਹਿਤ ਮੋਗਾ ਦੇ ਵਿਧਾਇਕ ਡਾਕਟਰ ਅਮਨਦੀਪ ਕੌਰ ਅਰੋੜਾ ਦੇ ਘਰ ਅੱਗੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਮੋਗਾ, ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਆਗੂ ਇਕਬਾਲ ਸਿੰਘ ਸਿੰਘਾਂ ਵਾਲਾ, ਅਕਾਲੀ ਦਲ ਵਾਰਸ ਪੰਜਾਬ ਦੇ ਆਗੂ ਦਵਿੰਦਰ ਸਿੰਘ ਰਣੀਆ, ਸ਼੍ਰੋਮਣੀ ਅਕਾਲੀ ਦਲ ਆਗੂ ਸੰਜੀਤ ਸਿੰਘ ਸਨੀ ਗਿੱਲ, ਕਿਰਤੀ ਕਿਸਾਨ ਯੂਨੀਅਨ ਆਗੂ ਕੁਲਵੰਤ ਸਿੰਘ ਖੁਖਰਾਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੋਣ ਕੀਤੀ ਸੀ, ਜਿਸ ਨੇ ਚੋਣਾਂ ਤੋਂ ਪਹਿਲਾਂ ਪੰਜਾਬ ’ਚੋਂ ਨਸ਼ਾ ਖਤਮ ਕਰਨ ਦੇ ਵੱਡੇ ਵੱਡੇ ਦਮਗਜੇ ਮਾਰੇ ਸਨ, ਪਰ ਸਾਢੇ ਚਾਰ ਸਾਲ ਬੀਤ ਜਾਣ ਮਗਰੋਂ ਵੀ ਪੰਜਾਬ ਵਿੱਚ ਧੜੱਲੇ ਨਾਲ ਨਸ਼ਾ ਵਿਕ ਰਿਹਾ ਹੈ ਅਤੇ ਜਿਹੜੇ ਪੰਜਾਬ ਪੱਖੀ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਵਾਲੇ ਲੋਕ ਨਸ਼ਾ ਤਸਕਰਾਂ ਨਾਲ ਲੋਹਾ ਲੈ ਰਹੇ ਹਨ, ਉਨ੍ਹਾਂ ਦਾ ਸਰੇਆਮ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਜਾਂਦਾ ਹੈ, ਜੋ ਸਰਕਾਰ ’ਤੇ ਵੱਡਾ ਕਲੰਕ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਨੇ ਜਲਦ ਤੋਂ ਜਲਦ ਪਰਵਿੰਦਰ ਸਿੰਘ ਝੋਟਾ ਦੇ ਪਰਵਾਰ ਨੂੰ ਇਨਸਾਫ ਨਾ ਦਿੱਤਾ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਸ ਨੂੰ ਵੀ ਸੱਤਾ ਤੋਂ ਲਾਂਭੇ ਕਰ ਦਿੱਤਾ ਜਾਵੇਗਾ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸਕੱਤਰ ਅਵਤਾਰ ਸਿੰਘ ਧਰਮ ਸਿੰਘ ਵਾਲਾ, ਹਰਮੰਦਰ ਸਿੰਘ ਡੇਮਰੂ ਤੇ ਇੰਦਰਮੋਹਨ ਸਿੰਘ ਪੱਤੋ, ਵਾਰਸ ਪੰਜਾਬ ਦੇ ਆਗੂ ਅਮਰਜੀਤ ਸਿੰਘ ਲੰਢੇਕੇ, ਭਾਈ ਤਰਨਦੀਪ ਸਿੰਘ ਸਿੰਘਾਂ ਵਾਲਾ ਭਾਈ ਜਗਜਿੰਦਰ ਸਿੰਘ ਬੁੱਕਣ ਵਾਲਾ, ਜੱਸ ਮੰਡ ਮੰਗੇਵਾਲਾ, ਭਾਈ ਸਤਨਾਮ ਸਿੰਘ ਲੋਪੋ, ਬੀਕੇਯੂ ਏਕਤਾ ਉਗਰਾਹਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ, ਜ਼ਿਲ੍ਹਾ ਜਰਨਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ, ਸੁਖਜੀਤ ਸਿੰਘ ਲੰਫੇ ਕੇ, ਗੁਰਦੇਵ ਸਿੰਘ ਕਿਸ਼ਨਪੁਰਾ, ਲਖਵੀਰ ਸਿੰਘ ਖੋਸਾ, ਨਛੱਤਰ ਸਿੰਘ ਝੰਡੇ ਵਾਲਾ, ਇਕਬਾਲ ਸਿੰਘ ਕੋਕਰੀ, ਗੁਰਮੇਲ ਸਿੰਘ ਨਾਹਰ, ਸ਼੍ਰੋਮਣੀ ਅਕਾਲੀ ਦਲ ਵੱਲੋਂ ਮੈਂਬਰ ਪੀ ਏ ਸੀ ਬੂਟਾ ਸਿੰਘ ਦੌਲਤਪੁਰਾ, ਕੌਮੀ ਮੀਤ ਪ੍ਰਧਾਨ ਰਣਜੀਤ ਸਿੰਘ ਭਾਊ, ਯੂਥ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਸੁੱਖ ਗਿੱਲ ਮੋਗਾ, ਜਨਰਲ ਕੌਂਸਲ ਮੈਂਬਰ ਗੁਰਚਰਨ ਸਿੰਘ, ਸੂਬਾ ਮੀਤ ਪ੍ਰਧਾਨ ਅਮਰ ਸਿੰਘ ਸਲ੍ਹੀਣਾ, ਜ਼ਿਲ੍ਹਾ ਮੀਤ ਪ੍ਰਧਾਨ ਮਨਜੀਤ ਸਿੰਘ ਦਾਤਾ, ਸੰਤ ਸਿੰਘ ਮੁੰਨਣ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਨੌਜਵਾਨ ਹਾਜ਼ਰ ਸਨ।

# ਸਮੂਹ ਦੇਸ਼ ਵਾਸੀਆਂ ਨੂੰ ਦੁਸ਼ਹਿਰੇ ਦੀਆਂ ਲੱਖ-ਲੱਖ ਵਧਾਇਆਂ ਵਿਸ਼ੇਸ ਸਪਲੀਮੈਂਟ















































































# ਵਿਸ਼ੇਸ ਸਪਲੀਮੈਂਟ ਦੇਣ ਤੇ ਸਹਿਯੋਗੀਆਂ ਦਾ ਬਹੁਤ ਬਹੁਤ ਧੰਨਵਾਦ